ੴ ਸਤਿਗੁਰ ਪ੍ਰਸਾਦਿ ॥ ਗਉੜੀ ਬਾਵਨ ਅਖਰੀ ਮਹਲਾ ੫ ॥ ਸਲੋਕੁ ॥ ਗੁਰਦੇਵ ਮਾਤਾ ਗੁਰਦੇਵ ਪਿਤਾ ਗੁਰਦੇਵ ਸੁਆਮੀ ਪਰਮੇਸੁਰਾ ॥ ਗੁਰਦੇਵ ਸਖਾ ਅਗਿਆਨ ਭੰਜਨੁ ਗੁਰਦੇਵ ਬੰਧਿਪ ਸਹੋਦਰਾ ॥ ਗੁਰਦੇਵ ਦਾਤਾ ਹਰਿ ਨਾਮੁ ਉਪਦੇਸੈ ਗੁਰਦੇਵ ਮੰਤੁ ਨਿਰੋਧਰਾ ॥ ਗੁਰਦੇਵ ਸਾਂਤਿ ਸਤਿ ਬੁਧਿ ਮੂਰਤਿ ਗੁਰਦੇਵ ਪਾਰਸ ਪਰਸ ਪਰਾ ॥ ਗੁਰਦੇਵ ਤੀਰਥੁ ਅੰਮ੍ਰਿਤ ਸਰੋਵਰੁ ਗੁਰ ਗਿਆਨ ਮਜਨੁ ਅਪਰੰਪਰਾ ॥ ਗੁਰਦੇਵ ਕਰਤਾ ਸਭਿ ਪਾਪ ਹਰਤਾ ਗੁਰਦੇਵ ਪਤਿਤ ਪਵਿਤ ਕਰਾ ॥ ਗੁਰਦੇਵ ਆਦਿ ਜੁਗਾਦਿ ਜੁਗੁ ਜੁਗੁ ਗੁਰਦੇਵ ਮੰਤੁ ਹਰਿ ਜਪਿ ਉਧਰਾ ॥ ਗੁਰਦੇਵ ਸੰਗਤਿ ਪ੍ਰਭ ਮੇਲਿ ਕਰਿ ਕਿਰਪਾ ਹਮ ਮੂੜ ਪਾਪੀ ਜਿਤੁ ਲਗਿ ਤਰਾ ॥ ਗੁਰਦੇਵ ਸਤਿਗੁਰੁ ਪਾਰਬ੍ਰਹਮੁ ਪਰਮੇਸਰੁ ਗੁਰਦੇਵ ਨਾਨਕ ਹਰਿ ਨਮਸਕਰਾ ॥੧॥ {ਪੰਨਾ 250}

ਪਦਅਰਥ:- ਬਾਵਨ ਅਖਰੀ—52 ਅੱਖਰਾਂ ਵਾਲੀ ਬਾਣੀ। ਮਹਲਾ—ਸਰੀਰ। ਮਹਲਾ 5—ਗੁਰੂ ਨਾਨਕ ਪੰਜਵੇਂ ਸਰੀਰ ਵਿਚ, ਗੁਰੂ ਅਰਜਨ ਦੇਵ (ਦੀ ਬਾਣੀ)।

ਸਖਾ—ਮਿੱਤਰ। ਅਗਿਆਨ ਭੰਜਨੁ—ਅਗਿਆਨ ਦਾ ਨਾਸ ਕਰਨ ਵਾਲਾ। ਬੰਧਿਪ—ਸੰਬੰਧੀ। ਸਹੋਦਰਾ—{ਸਹ-ਉਦਰ—ਇਕੋ ਮਾਂ ਦੇ ਪੇਟ ਵਿਚੋਂ ਜੰਮੇ ਹੋਏ} ਭਰਾ। ਨਿਰੋਧਰਾ—ਜਿਸ ਨੂੰ ਰੋਕਿਆ ਨਾ ਜਾ ਸਕੇ, ਜਿਸ ਦਾ ਅਸਰ ਗਵਾਇਆ ਨ ਜਾ ਸਕੇ। ਮੰਤੁ—ਉਪਦੇਸ਼। ਸਤਿ—ਸੱਚ, ਸਦਾ-ਥਿਰ ਪ੍ਰਭੂ। ਬੁਧਿ—ਅਕਲ। ਮੂਰਤਿ—ਸਰੂਪ। ਪਰਸ—ਛੋਹ। ਅੰਮ੍ਰਿਤ ਸਰੋਵਰੁ—ਅੰਮ੍ਰਿਤ ਦਾ ਸਰੋਵਰ। ਮਜਨੁ—ਚੁੱਭੀ, ਇਸ਼ਨਾਨ। ਅਪਰੰਪਰਾ—ਪਰੇ ਤੋਂ ਪਰੇ। ਸਭਿ—ਸਾਰੇ। ਹਰਤਾ—ਦੂਰ ਕਰਨ ਵਾਲਾ। ਪਤਿਤ—(ਵਿਕਾਰਾਂ ਵਿਚ) ਡਿੱਗੇ ਹੋਏ, ਵਿਕਾਰੀ। ਪਵਿਤ ਕਰਾ—ਪਵਿਤ੍ਰ ਕਰਨ ਵਾਲਾ। ਜੁਗੁ ਜੁਗੁ—ਹਰੇਕ ਜੁਗ ਵਿਚ। ਜਪਿ—ਜਪ ਕੇ। ਉਧਰਾ—(ਸੰਸਾਰ-ਸਮੁੰਦਰ ਦੀਆਂ ਵਿਕਾਰਾਂ ਦੀਆਂ ਲਹਿਰਾਂ ਤੋਂ) ਬਚ ਜਾਈਦਾ ਹੈ। ਪ੍ਰਭ—ਹੇ ਪ੍ਰਭੂ! ਜਿਤੁ—ਜਿਸ ਦੀ ਰਾਹੀਂ। ਜਿਤੁ ਲਗਿ—ਜਿਸ ਵਿਚ ਲੱਗ ਕੇ। ਨਾਨਕ—ਹੇ ਨਾਨਕ!।1।

ਅਰਥ:- ਗੁਰੂ ਹੀ ਮਾਂ ਹੈ, ਗੁਰੂ ਹੀ ਪਿਉ ਹੈ (ਗੁਰੂ ਹੀ ਆਤਮਕ ਜਨਮ ਦੇਣ ਵਾਲਾ ਹੈ), ਗੁਰੂ ਮਾਲਕ-ਪ੍ਰਭੂ ਦਾ ਰੂਪ ਹੈ। ਗੁਰੂ (ਮਾਇਆ ਦੇ ਮੋਹ ਦਾ) ਹਨੇਰਾ ਨਾਸ ਕਰਨ ਵਾਲਾ ਮਿੱਤਰ ਹੈ, ਗੁਰੂ ਹੀ (ਤੋੜ ਨਿਭਣ ਵਾਲਾ) ਸੰਬੰਧੀ ਤੇ ਭਰਾ ਹੈ। ਗੁਰੂ (ਅਸਲੀ) ਦਾਤਾ ਹੈ ਜੋ ਪ੍ਰਭੂ ਦਾ ਨਾਮ ਉਪਦੇਸ਼ਦਾ ਹੈ, ਗੁਰੂ ਦਾ ਉਪਦੇਸ਼ ਐਸਾ ਹੈ ਜਿਸ ਦਾ ਅਸਰ (ਕੋਈ ਵਿਕਾਰ ਆਦਿਕ) ਗਵਾ ਨਹੀਂ ਸਕਦਾ।

ਗੁਰੂ ਸ਼ਾਂਤੀ ਸੱਚ ਅਤੇ ਅਕਲ ਦਾ ਸਰੂਪ ਹੈ, ਗੁਰੂ ਇਕ ਐਸਾ ਪਾਰਸ ਹੈ ਜਿਸ ਦੀ ਛੋਹ ਪਾਰਸ ਦੀ ਛੋਹ ਨਾਲੋਂ ਸ੍ਰੇਸ਼ਟ ਹੈ।

ਗੁਰੂ (ਸੱਚਾ) ਤੀਰਥ ਹੈ, ਅੰਮ੍ਰਿਤ ਦਾ ਸਰੋਵਰ ਹੈ, ਗੁਰੂ ਦੇ ਗਿਆਨ (-ਜਲ) ਦਾ ਇਸ਼ਨਾਨ (ਹੋਰ ਸਾਰੇ ਤੀਰਥਾਂ ਦੇ ਇਸ਼ਨਾਨ ਨਾਲੋਂ) ਬਹੁਤ ਹੀ ਸ੍ਰੇਸ਼ਟ ਹੈ। ਗੁਰੂ ਕਰਤਾਰ ਦਾ ਰੂਪ ਹੈ, ਸਾਰੇ ਪਾਪਾਂ ਨੂੰ ਦੂਰ ਕਰਨ ਵਾਲਾ ਹੈ, ਗੁਰੂ ਵਿਕਾਰੀ ਬੰਦਿਆਂ (ਦੇ ਹਿਰਦੇ) ਨੂੰ ਪਵਿੱਤਰ ਕਰਨ ਵਾਲਾ ਹੈ। ਜਦੋਂ ਤੋਂ ਜਗਤ ਬਣਿਆ ਹੈ ਗੁਰੂ ਸ਼ੁਰੂ ਤੋਂ ਹੀ ਹਰੇਕ ਜੁਗ ਵਿਚ (ਪਰਮਾਤਮਾ ਦੇ ਨਾਮ ਦਾ ਉਪਦੇਸ਼-ਦਾਤਾ) ਹੈ। ਗੁਰੂ ਦਾ ਦਿੱਤਾ ਹੋਇਆ ਹਰਿ-ਨਾਮ ਮੰਤ੍ਰ ਜਪ ਕੇ (ਸੰਸਾਰ-ਸਮੁੰਦਰ ਦੇ ਵਿਕਾਰਾਂ ਦੀਆਂ ਲਹਿਰਾਂ ਤੋਂ) ਪਾਰ ਲੰਘ ਜਾਈਦਾ ਹੈ।

ਹੇ ਪ੍ਰਭੂ! ਮਿਹਰ ਕਰ, ਸਾਨੂੰ ਗੁਰੂ ਦੀ ਸੰਗਤਿ ਦੇਹ, ਤਾ ਕਿ ਅਸੀਂ ਮੂਰਖ ਪਾਪੀ ਉਸ ਦੀ ਸੰਗਤਿ ਵਿਚ (ਰਹਿ ਕੇ) ਤਰ ਜਾਈਏ। ਗੁਰੂ ਪਰਮੇਸਰ ਪਾਰਬ੍ਰਹਮ ਦਾ ਰੂਪ ਹੈ। ਹੇ ਨਾਨਕ! ਹਰੀ ਦੇ ਰੂਪ ਗੁਰੂ ਨੂੰ (ਸਦਾ) ਨਮਸਕਾਰ ਕਰਨੀ ਚਾਹੀਦੀ ਹੈ।1।

ਸਲੋਕੁ ॥ ਆਪਹਿ ਕੀਆ ਕਰਾਇਆ ਆਪਹਿ ਕਰਨੈ ਜੋਗੁ ॥ ਨਾਨਕ ਏਕੋ ਰਵਿ ਰਹਿਆ ਦੂਸਰ ਹੋਆ ਨ ਹੋਗੁ ॥੧॥ ਪਉੜੀ ॥ ਓਅੰ ਸਾਧ ਸਤਿਗੁਰ ਨਮਸਕਾਰੰ ॥ ਆਦਿ ਮਧਿ ਅੰਤਿ ਨਿਰੰਕਾਰੰ ॥ ਆਪਹਿ ਸੁੰਨ ਆਪਹਿ ਸੁਖ ਆਸਨ ॥ ਆਪਹਿ ਸੁਨਤ ਆਪ ਹੀ ਜਾਸਨ ॥ ਆਪਨ ਆਪੁ ਆਪਹਿ ਉਪਾਇਓ ॥ ਆਪਹਿ ਬਾਪ ਆਪ ਹੀ ਮਾਇਓ ॥ ਆਪਹਿ ਸੂਖਮ ਆਪਹਿ ਅਸਥੂਲਾ ॥ ਲਖੀ ਨ ਜਾਈ ਨਾਨਕ ਲੀਲਾ ॥੧॥ {ਪੰਨਾ 250}

ਪਦਅਰਥ:- ਆਪਹਿ—ਆਪ ਹੀ। ਰਵਿ ਰਹਿਆ—ਵਿਆਪਕ ਹੈ। ਹੋਗੁ—ਹੋਵੇਗਾ। ਓਅੰ—ਹਿੰਦੀ ਦੀ ਵਰਨਮਾਲਾ ਦਾ ਪਹਿਲਾ ਅੱਖਰ। ਆਦਿ—ਜਗਤ ਦੇ ਸ਼ੁਰੂ ਵਿਚ। ਮਧਿ—ਜਗਤ ਦੀ ਮੌਜੂਦਗੀ ਵਿਚ। ਅੰਤਿ—ਜਗਤ ਦੇ ਅਖ਼ੀਰ ਵਿਚ। ਸੁੰਨ—ਸੁੰਞ, ਜਿਥੇ ਕੁਝ ਭੀ ਨ ਹੋਵੇ। ਜਾਸਨ—ਜਸ। ਆਪੁ—ਆਪਣੇ ਆਪ ਨੂੰ। ਮਾਇਓ—ਮਾਂ। ਅਸਥੂਲਾ—ਦ੍ਰਿਸ਼ਟਮਾਨ ਜਗਤ। ਲੀਲ੍ਹਾ—ਖੇਡ।1।

ਅਰਥ:- ਸਾਰੀ ਜਗਤ-ਰਚਨਾ ਪ੍ਰਭੂ ਨੇ ਆਪ ਹੀ ਕੀਤੀ ਹੈ, ਆਪ ਹੀ ਕਰਨ ਦੀ ਸਮਰੱਥਾ ਵਾਲਾ ਹੈ। ਹੇ ਨਾਨਕ! ਉਹ ਆਪ ਹੀ ਸਾਰੇ ਜਗਤ ਵਿਚ ਵਿਆਪਕ ਹੈ, ਉਸ ਤੋਂ ਬਿਨਾ ਕੋਈ ਹੋਰ ਦੂਸਰਾ ਨਹੀਂ ਹੈ।1।

ਪਉੜੀ:- ਸਾਡੀ ਉਸ ਨਿਰੰਕਾਰ ਨੂੰ ਨਮਸਕਾਰ ਹੈ ਜੋ ਆਪ ਹੀ ਗੁਰੂ-ਰੂਪ ਧਾਰਦਾ ਹੈ, ਜੋ ਜਗਤ ਦੇ ਸ਼ੁਰੂ ਵਿਚ ਭੀ ਆਪ ਹੀ ਸੀ, ਹੁਣ ਭੀ ਆਪ ਹੀ ਹੈ, ਜਗਤ ਦੇ ਅੰਤ ਵਿਚ ਭੀ ਆਪ ਹੀ ਰਹੇਗਾ। (ਜਦੋਂ ਜਗਤ ਦੀ ਹਸਤੀ ਨਹੀਂ ਹੁੰਦੀ) ਨਿਰੀ ਇਕੱਲ-ਰੂਪ ਭੀ ਉਹ ਆਪ ਹੀ ਹੁੰਦਾ ਹੈ, ਆਪ ਹੀ ਆਪਣੇ ਸੁਖ-ਸਰੂਪ ਵਿਚ ਟਿਕਿਆ ਹੁੰਦਾ ਹੈ, ਤਦੋਂ ਆਪਣੀ ਸੋਭਾ ਸੁਣਨ ਵਾਲਾ ਭੀ ਆਪ ਹੀ ਹੁੰਦਾ ਹੈ।

ਆਪਣੇ ਆਪ ਨੂੰ ਦਿੱਸਦੇ ਸਰੂਪ ਵਿਚ ਲਿਆਉਣ ਵਾਲਾ ਭੀ ਆਪ ਹੀ ਹੈ, ਆਪ ਹੀ (ਆਪਣੀ) ਮਾਂ ਹੈ, ਆਪ ਹੀ (ਆਪਣਾ) ਪਿਤਾ ਹੈ। ਅਣ-ਦਿੱਸਦੇ ਤੇ ਦਿੱਸਦੇ ਸਰੂਪ ਵਾਲਾ ਆਪ ਹੀ ਹੈ।

ਹੇ ਨਾਨਕ! (ਪਰਮਾਤਮਾ ਦੀ ਇਹ ਜਗ-ਰਚਨਾ ਵਾਲੀ) ਖੇਡ ਬਿਆਨ ਨਹੀਂ ਕੀਤੀ ਜਾ ਸਕਦੀ।1।

ਕਰਿ ਕਿਰਪਾ ਪ੍ਰਭ ਦੀਨ ਦਇਆਲਾ ॥ ਤੇਰੇ ਸੰਤਨ ਕੀ ਮਨੁ ਹੋਇ ਰਵਾਲਾ ॥ ਰਹਾਉ ॥

ਪਦਅਰਥ:- ਰਵਾਲਾ—ਚਰਨ-ਧੂੜ। ਰਹਾਉ—ਕੇਂਦਰੀ ਭਾਵ।

ਅਰਥ:- ਹੇ ਦੀਨਾਂ ਉਤੇ ਦਇਆ ਕਰਨ ਵਾਲੇ ਪ੍ਰਭੂ! ਮੇਰੇ ਉਤੇ ਮਿਹਰ ਕਰ। ਮੇਰਾ ਮਨ ਤੇਰੇ ਸੰਤ ਜਨਾਂ ਦੇ ਚਰਨਾਂ ਦੀ ਧੂੜ ਬਣਿਆ ਰਹੇ।

ਨੋਟ:- ਸਾਰੀ ਬਾਣੀ ਬਾਵਨ ਅੱਖਰੀ ਦਾ ਕੇਂਦਰੀ ਖ਼ਿਆਲ ਇਹਨਾਂ ਉਪਰਲੀਆਂ ਦੋ ਤੁਕਾਂ ਵਿਚ ਹੈ।

ਸਲੋਕੁ ॥ ਨਿਰੰਕਾਰ ਆਕਾਰ ਆਪਿ ਨਿਰਗੁਨ ਸਰਗੁਨ ਏਕ ॥ ਏਕਹਿ ਏਕ ਬਖਾਨਨੋ ਨਾਨਕ ਏਕ ਅਨੇਕ ॥੧॥ ਪਉੜੀ ॥ ਓਅੰ ਗੁਰਮੁਖਿ ਕੀਓ ਅਕਾਰਾ ॥ ਏਕਹਿ ਸੂਤਿ ਪਰੋਵਨਹਾਰਾ ॥ ਭਿੰਨ ਭਿੰਨ ਤ੍ਰੈ ਗੁਣ ਬਿਸਥਾਰੰ ॥ ਨਿਰਗੁਨ ਤੇ ਸਰਗੁਨ ਦ੍ਰਿਸਟਾਰੰ ॥ ਸਗਲ ਭਾਤਿ ਕਰਿ ਕਰਹਿ ਉਪਾਇਓ ॥ ਜਨਮ ਮਰਨ ਮਨ ਮੋਹੁ ਬਢਾਇਓ ॥ ਦੁਹੂ ਭਾਤਿ ਤੇ ਆਪਿ ਨਿਰਾਰਾ ॥ ਨਾਨਕ ਅੰਤੁ ਨ ਪਾਰਾਵਾਰਾ ॥੨॥ {ਪੰਨਾ 250}

ਪਦਅਰਥ:- ਆਕਾਰ—ਸਰੂਪ। ਨਿਰੰਕਾਰ—ਆਕਾਰ ਤੋਂ ਬਿਨਾ। ਗੁਨ—ਮਾਇਆ ਦੇ ਤਿੰਨ ਸੁਭਾਵ, (ਰਜ, ਤਮ, ਸਤ੍ਵ)। ਨਿਰਗੁਨ—ਜਿਸ ਵਿਚ ਮਾਇਆ ਦੇ ਤਿੰਨ ਸੁਭਾਵ ਜ਼ੋਰ ਨਹੀਂ ਪਾ ਰਹੇ। ਸਰਗੁਨ—ਉਹ ਸਰੂਪ ਜਿਸ ਵਿਚ ਮਾਇਆ ਦੇ ਤਿੰਨ ਸੁਭਾਵ ਮੌਜੂਦ ਹਨ। ਏਕਹਿ—ਇਕੋ ਹੀ।1।

ਪਉੜੀ:- ਅਕਾਰਾ—ਜਗਤ-ਰਚਨਾ। ਸੂਤਿ—ਸੂਤਰ ਵਿਚ, ਹੁਕਮ ਵਿਚ। ਭਿੰਨ—ਵੱਖ। ਬਿਸਥਾਰ—ਖਿਲਾਰਾ। ਦ੍ਰਿਸਟਾਰੰ—ਦਿੱਸ ਪਿਆ। ਉਪਾਇਓ—ਉਤਪੱਤੀ। ਦੁਹੂ ਭਾਤਿ—ਜਨਮ ਤੇ ਮਰਨ।

ਅਰਥ: ਸਲੋਕ:- ਆਕਾਰ-ਰਹਿਤ ਪਰਮਾਤਮਾ ਆਪ ਹੀ (ਜਗਤ-) ਆਕਾਰ ਬਣਾਂਦਾ ਹੈ। ਉਹ ਆਪ ਹੀ (ਨਿਰੰਕਾਰ ਰੂਪ ਵਿਚ) ਮਾਇਆ ਦੇ ਤਿੰਨ ਸੁਭਾਵਾਂ ਤੋਂ ਪਰੇ ਰਹਿੰਦਾ ਹੈ, ਤੇ ਜਗਤ-ਰਚਨਾ ਰਚ ਕੇ ਮਾਇਆ ਦੇ ਤਿੰਨ ਗੁਣਾਂ ਵਾਲਾ ਹੋ ਜਾਂਦਾ ਹੈ। ਹੇ ਨਾਨਕ! ਪ੍ਰਭੂ ਆਪਣੇ ਇਕ ਸਰੂਪ ਤੋਂ ਅਨੇਕਾਂ ਰੂਪ ਬਣਾ ਲੈਂਦਾ ਹੈ, (ਪਰ ਇਹ ਅਨੇਕ ਰੂਪ ਉਸ ਤੋਂ ਵੱਖਰੇ ਨਹੀਂ ਹਨ) ਇਹੀ ਕਿਹਾ ਜਾ ਸਕਦਾ ਹੈ ਕਿ ਉਹ ਇਕ ਆਪ ਹੀ ਆਪ ਹੈ।1।

ਪਉੜੀ:- ਗੁਰਮੁਖ ਬਣਨ ਵਾਸਤੇ ਪ੍ਰਭੂ ਨੇ ਜਗਤ-ਰਚਨਾ ਕੀਤੀ ਹੈ। ਸਾਰੇ ਜੀਵ-ਜੰਤਾਂ ਨੂੰ ਆਪਣੇ ਇਕੋ ਹੀ ਹੁਕਮ-ਧਾਗੇ ਵਿਚ ਪ੍ਰੋ ਰੱਖਣ ਦੇ ਸਮਰੱਥ ਹੈ। ਪ੍ਰਭੂ ਨੇ ਆਪਣੇ ਅਦ੍ਰਿਸ਼ਟ ਰੂਪ ਤੋਂ ਦਿੱਸਦਾ ਜਗਤ ਰਚਿਆ ਹੈ, ਮਾਇਆ ਦੇ ਤਿੰਨ ਗੁਣਾਂ ਦਾ ਵੱਖ ਵੱਖ ਖਿਲਾਰਾ ਕਰ ਦਿੱਤਾ ਹੈ।

ਹੇ ਪ੍ਰਭੂ! ਤੂੰ ਸਾਰੀਆਂ (ਅਨੇਕਾਂ) ਕਿਸਮਾਂ ਬਣਾ ਕੇ ਜਗਤ-ਉਤਪੱਤੀ ਕੀਤੀ ਹੈ, ਜਨਮ ਮਰਨ ਦਾ ਮੂਲ ਜੀਵਾਂ ਦੇ ਮਨ ਦਾ ਮੋਹ ਭੀ ਤੂੰ ਹੀ ਵਧਾਇਆ ਹੈ, ਪਰ ਤੂੰ ਆਪ ਜਨਮ ਮਰਨ ਤੋਂ ਵੱਖਰਾ ਹੈਂ। ਹੇ ਨਾਨਕ! (ਆਖ—) ਪ੍ਰਭੂ ਦੇ ਉਰਲੇ ਪਰਲੇ ਬੰਨੇ ਦਾ ਅੰਤ ਨਹੀਂ ਪਾਇਆ ਜਾ ਸਕਦਾ।2।

ਸਲੋਕੁ ॥ ਸੇਈ ਸਾਹ ਭਗਵੰਤ ਸੇ ਸਚੁ ਸੰਪੈ ਹਰਿ ਰਾਸਿ ॥ ਨਾਨਕ ਸਚੁ ਸੁਚਿ ਪਾਈਐ ਤਿਹ ਸੰਤਨ ਕੈ ਪਾਸਿ ॥੧॥ ਪਵੜੀ ॥ ਸਸਾ ਸਤਿ ਸਤਿ ਸਤਿ ਸੋਊ ॥ ਸਤਿ ਪੁਰਖ ਤੇ ਭਿੰਨ ਨ ਕੋਊ ॥ ਸੋਊ ਸਰਨਿ ਪਰੈ ਜਿਹ ਪਾਯੰ ॥ ਸਿਮਰਿ ਸਿਮਰਿ ਗੁਨ ਗਾਇ ਸੁਨਾਯੰ ॥ ਸੰਸੈ ਭਰਮੁ ਨਹੀ ਕਛੁ ਬਿਆਪਤ ॥ ਪ੍ਰਗਟ ਪ੍ਰਤਾਪੁ ਤਾਹੂ ਕੋ ਜਾਪਤ ॥ ਸੋ ਸਾਧੂ ਇਹ ਪਹੁਚਨਹਾਰਾ ॥ ਨਾਨਕ ਤਾ ਕੈ ਸਦ ਬਲਿਹਾਰਾ ॥੩॥ {ਪੰਨਾ 250}

ਪਦਅਰਥ:- ਸੇਈ—ਉਹੀ ਬੰਦੇ। ਭਗਵੰਤ—ਧਨ ਵਾਲੇ। ਸੇ—ਉਹੀ ਬੰਦੇ। ਸੰਪੈ—ਧਨ। ਰਾਸਿ—ਪੂੰਜੀ। ਸੁਚਿ—ਆਤਮਕ ਪਵਿਤ੍ਰਤਾ। ਤਿਹ—ਉਹਨਾਂ।1।

ਪਵੜੀ:- ਸਤਿ—ਸਦਾ-ਥਿਰ ਰਹਿਣ ਵਾਲਾ। ਸੋਊ—ਉਹੀ ਬੰਦਾ ਜਿਸ ਨੂੰ। ਪਾਯੰ—ਪਾਂਦਾ ਹੈ। ਸੰਸੈ—ਸਹਸਾ, ਸਹਮ। ਭਰਮੁ—ਭਟਕਣਾ। ਬਿਆਪਤ—ਜ਼ੋਰ ਪਾਂਦਾ। ਤਾਹੂ ਕੋ—ਉਸ ਪ੍ਰਭੂ ਦਾ ਹੀ। ਜਾਪਤ—ਦਿੱਸਦਾ ਹੈ। ਇਹ—ਇਸ ਅਵਸਥਾ ਤਕ।3।

ਅਰਥ:- ਸਲੋਕ—(ਜੀਵ ਜਗਤ ਵਿਚ ਹਰਿ-ਨਾਮ ਦਾ ਵਣਜ ਕਰਨ ਆਏ ਹਨ) ਜਿਨ੍ਹਾਂ ਪਾਸ ਪਰਮਾਤਮਾ ਦਾ ਨਾਮ-ਧਨ ਹੈ, ਹਰੀ ਦਾ ਨਾਮ (ਵਣਜ ਕਰਨ ਲਈ) ਪੂੰਜੀ ਹੈ, ਉਹੀ ਸਾਹੂਕਾਰ ਹਨ, ਉਹੀ ਧਨ ਵਾਲੇ ਹਨ। ਹੇ ਨਾਨਕ! ਅਜਿਹੇ ਸੰਤ ਜਨਾਂ ਤੋਂ ਹੀ ਨਾਮ-ਧਨ ਤੇ ਆਤਮਕ ਪਵਿੱਤ੍ਰਤਾ ਹਾਸਲ ਹੁੰਦੀ ਹੈ।1।

ਪਵੜੀ:- ਉਹ ਪਰਮਾਤਮਾ ਸਦਾ-ਥਿਰ ਰਹਿਣ ਵਾਲਾ ਹੈ, ਸਦਾ-ਥਿਰ ਰਹਿਣ ਵਾਲਾ ਹੈ, ਉਸ ਸਦਾ-ਥਿਰ ਵਿਆਪਕ ਪ੍ਰਭੂ ਤੋਂ ਵੱਖਰੀ ਹਸਤੀ ਵਾਲਾ ਹੋਰ ਕੋਈ ਨਹੀਂ ਹੈ। ਜਿਸ ਮਨੁੱਖ ਨੂੰ ਪ੍ਰਭੂ ਆਪਣੀ ਸਰਨੀ ਪਾਂਦਾ ਹੈ, ਉਹੀ ਪੈਂਦਾ ਹੈ, ਉਹ ਮਨੁੱਖ ਪ੍ਰਭੂ ਦਾ ਸਿਮਰਨ ਕਰ ਕੇ ਉਸ ਦੀ ਸਿਫ਼ਤਿ-ਸਾਲਾਹ ਕਰ ਕੇ ਹੋਰਨਾਂ ਨੂੰ ਭੀ ਸੁਣਾਂਦਾ ਹੈ। ਕੋਈ ਸਹਮ ਕੋਈ ਭਟਕਣਾ ਉਸ ਮਨੁੱਖ ਉਤੇ ਜ਼ੋਰ ਨਹੀਂ ਪਾ ਸਕਦਾ, (ਕਿਉਂਕਿ ਉਸ ਨੂੰ ਹਰ ਥਾਂ ਪ੍ਰਭੂ ਹੀ ਪ੍ਰਭੂ ਦਿੱਸਦਾ ਹੈ) ਉਸ ਨੂੰ ਹਰ ਥਾਂ ਪ੍ਰਭੂ ਦਾ ਹੀ ਪ੍ਰਤਾਪ ਪ੍ਰਤੱਖ ਦਿੱਸਦਾ ਹੈ। ਜੋ ਮਨੁੱਖ ਇਸ ਆਤਮਕ ਅਵਸਥਾ ਤੇ ਪਹੁੰਚਦਾ ਹੈ, ਉਸ ਨੂੰ ਸਾਧੂ ਜਾਣੋ। ਹੇ ਨਾਨਕ! (ਆਖ)—ਮੈਂ ਉਸ ਤੋਂ ਸਦਾ ਸਦਕੇ ਹਾਂ।3।

ਸਲੋਕੁ ॥ ਧਨੁ ਧਨੁ ਕਹਾ ਪੁਕਾਰਤੇ ਮਾਇਆ ਮੋਹ ਸਭ ਕੂਰ ॥ ਨਾਮ ਬਿਹੂਨੇ ਨਾਨਕਾ ਹੋਤ ਜਾਤ ਸਭੁ ਧੂਰ ॥੧॥ ਪਵੜੀ ॥ ਧਧਾ ਧੂਰਿ ਪੁਨੀਤ ਤੇਰੇ ਜਨੂਆ ॥ ਧਨਿ ਤੇਊ ਜਿਹ ਰੁਚ ਇਆ ਮਨੂਆ ॥ ਧਨੁ

ਨਹੀ ਬਾਛਹਿ ਸੁਰਗ ਨ ਆਛਹਿ ॥ ਅਤਿ ਪ੍ਰਿਅ ਪ੍ਰੀਤਿ ਸਾਧ ਰਜ ਰਾਚਹਿ ॥ ਧੰਧੇ ਕਹਾ ਬਿਆਪਹਿ ਤਾਹੂ ॥ ਜੋ ਏਕ ਛਾਡਿ ਅਨ ਕਤਹਿ ਨ ਜਾਹੂ ॥ ਜਾ ਕੈ ਹੀਐ ਦੀਓ ਪ੍ਰਭ ਨਾਮ ॥ ਨਾਨਕ ਸਾਧ ਪੂਰਨ ਭਗਵਾਨ ॥੪॥ {ਪੰਨਾ 251}

ਪਦਅਰਥ:- ਕੂਰ—ਕੂੜ, ਨਾਸਵੰਤ। ਧੂਰ—ਖੇਹ।1।

ਪਵੜੀ:- ਪੁਨੀਤ—ਪਵਿਤ੍ਰ। ਜਨੂਆ—ਦਾਸਾਂ ਦੀ। ਧਨਿ—ਭਾਗਾਂ ਵਾਲੇ। ਤੇਊ—ਉਹ ਬੰਦੇ। ਜਿਹ ਮਨੂਆ—ਜਿਨ੍ਹਾਂ ਦੇ ਮਨ ਵਿਚ। ਇਆ ਰੁਚ—ਇਸ (ਧੂਰ) ਦੀ ਤਾਂਘ। ਬਾਛਹਿ—ਚਾਹੁੰਦੇ। ਆਛਹਿ—ਚਾਹੁੰਦੇ। ਰਜ—ਚਰਨ-ਧੂੜ। ਰਾਚਹਿ—ਮਸਤ ਹੁੰਦੇ ਹਨ। ਧੰਧੇ—ਜੰਜਾਲ। ਤਾਹੂ—ਉਹਨਾਂ ਨੂੰ। ਅਨ ਕਤਹਿ—ਕਿਸੇ ਹੋਰ ਥਾਂ। ਹੀਐ—ਹਿਰਦੇ ਵਿਚ।4।

ਅਰਥ:- ਸਲੋਕ—(ਹੇ ਭਾਈ!) ਕਿਉਂ ਹਰ ਵੇਲੇ ਧਨ ਇਕੱਠਾ ਕਰਨ ਲਈ ਹੀ ਕੂਕਦੇ ਰਹਿੰਦੇ ਹੋ? ਮਾਇਆ ਦਾ ਮੋਹ ਤਾਂ ਝੂਠਾ ਹੀ ਹੈ (ਇਸ ਧਨ ਨੇ ਸਦਾ ਨਾਲ ਨਹੀਂ ਨਿਭਣਾ)। ਹੇ ਨਾਨਕ! ਨਾਮ ਤੋਂ ਸੱਖਣਾ ਰਹਿ ਕੇ ਸਾਰਾ ਜਗਤ ਹੀ ਵਿਅਰਥ ਜੀਵਨ ਗੁਜ਼ਾਰ ਜਾਂਦਾ ਹੈ।1।

ਪਵੜੀ:- ਹੇ ਪ੍ਰਭੂ! ਤੇਰੇ ਸੇਵਕਾਂ ਦੇ ਚਰਨਾਂ ਦੀ ਧੂੜ ਪਵਿਤ੍ਰ (ਕਰਨ ਵਾਲੀ ਹੁੰਦੀ) ਹੈ। ਉਹ ਬੰਦੇ ਭਾਗਾਂ ਵਾਲੇ ਹਨ, ਜਿਨ੍ਹਾਂ ਦੇ ਮਨ ਵਿਚ ਇਸ ਧੂੜ ਦੀ ਤਾਂਘ ਹੈ। (ਅਜੇਹੇ ਮਨੁੱਖ ਇਸ ਚਰਨ-ਧੂੜ ਦੇ ਟਾਕਰੇ ਤੇ ਦੁਨੀਆ ਵਾਲਾ) ਧਨ ਨਹੀਂ ਲੋੜਦੇ, ਸੁਰਗ ਦੀ ਭੀ ਤਾਂਘ ਨਹੀਂ ਰੱਖਦੇ, ਉਹ ਤਾਂ ਆਪਣੇ ਅਤਿ ਪਿਆਰੇ ਪ੍ਰਭੂ ਦੀ ਪ੍ਰੀਤ ਵਿਚ ਅਤੇ ਗੁਰਮੁਖਾਂ ਦੀ ਚਰਨ-ਧੂੜ ਵਿਚ ਹੀ ਮਸਤ ਰਹਿੰਦੇ ਹਨ। ਜੇਹੜੇ ਮਨੁੱਖ ਇਕ ਪਰਮਾਤਮਾ ਦੀ ਓਟ ਛੱਡ ਕੇ ਕਿਸੇ ਹੋਰ ਪਾਸੇ ਨਹੀਂ ਜਾਂਦੇ, ਮਾਇਆ ਦੇ ਕੋਈ ਜੰਜਾਲ ਉਹਨਾਂ ਤੇ ਜ਼ੋਰ ਨਹੀਂ ਪਾ ਸਕਦੇ।

ਹੇ ਨਾਨਕ! ਪ੍ਰਭੂ ਨੇ ਜਿਨ੍ਹਾਂ ਦੇ ਹਿਰਦੇ ਵਿਚ ਆਪਣਾ ਨਾਮ ਵਸਾ ਦਿੱਤਾ ਹੈ, ਉਹ ਭਗਵਾਨ ਦਾ ਰੂਪ ਪੂਰੇ ਸੰਤ ਹਨ।4।

ਸਲੋਕ ॥ ਅਨਿਕ ਭੇਖ ਅਰੁ ਙਿਆਨ ਧਿਆਨ ਮਨਹਠਿ ਮਿਲਿਅਉ ਨ ਕੋਇ ॥ ਕਹੁ ਨਾਨਕ ਕਿਰਪਾ ਭਈ ਭਗਤੁ ਙਿਆਨੀ ਸੋਇ ॥੧॥ ਪਉੜੀ ॥ ਙੰਙਾ ਙਿਆਨੁ ਨਹੀ ਮੁਖ ਬਾਤਉ ॥ ਅਨਿਕ ਜੁਗਤਿ ਸਾਸਤ੍ਰ ਕਰਿ ਭਾਤਉ ॥ ਙਿਆਨੀ ਸੋਇ ਜਾ ਕੈ ਦ੍ਰਿੜ ਸੋਊ ॥ ਕਹਤ ਸੁਨਤ ਕਛੁ ਜੋਗੁ ਨ ਹੋਊ ॥ ਙਿਆਨੀ ਰਹਤ ਆਗਿਆ ਦ੍ਰਿੜੁ ਜਾ ਕੈ ॥ ਉਸਨ ਸੀਤ ਸਮਸਰਿ ਸਭ ਤਾ ਕੈ ॥ ਙਿਆਨੀ ਤਤੁ ਗੁਰਮੁਖਿ ਬੀਚਾਰੀ ॥ ਨਾਨਕ ਜਾ ਕਉ ਕਿਰਪਾ ਧਾਰੀ ॥੫॥ {ਪੰਨਾ 251}

ਪਦਅਰਥ:- ਙਿਆਨ—ਗਿਆਨ, ਧਰਮ-ਚਰਚਾ। ਹਠਿ—ਹਠ ਨਾਲ, ਬਦੋ-ਬਦੀ ਜ਼ੋਰ ਲਾ ਕੇ। ਙਿਆਨੀ—ਗਿਆਨੀ, ਪਰਮਾਤਮਾ ਨਾਲ ਡੂੰਘੀ ਸਾਂਝ ਪਾਣ ਵਾਲਾ।1।

ਪਉੜੀ:- ਙਿਆਨੁ—ਪਰਮਾਤਮਾ ਨਾਲ ਜਾਣ-ਪਛਾਣ। ਮੁਖ ਬਾਤਉ—ਮੂੰਹ ਦੀਆਂ ਗੱਲਾਂ ਨਾਲ। ਅਨਿਕ ਭਾਤਉ ਜੁਗਤਿ—ਅਨੇਕ ਭਾਂਤ ਦੀਆਂ ਜੁਗਤੀਆਂ ਨਾਲ। ਜਾ ਕੈ—ਜਿਸ ਦੇ ਹਿਰਦੇ ਵਿਚ। ਜੋਗੁ—ਮਿਲਾਪ। ਆਗਿਆ—ਰਜ਼ਾ। ਉਸਨ—ਗਰਮੀ, ਦੁੱਖ। ਸੀਤ—ਸਰਦੀ, ਸੁਖ। ਸਮਸਰਿ—ਬਰਾਬਰ।5।

ਅਰਥ:- ਅਨੇਕਾਂ ਧਾਰਮਿਕ ਭੇਖ ਕੀਤਿਆਂ, ਧਰਮ-ਚਰਚਾ ਕਰਨ ਨਾਲ, ਮਨ ਦੇ ਹਠ ਨਾਲ ਸਮਾਧੀਆਂ ਲਾਇਆਂ ਕੋਈ ਮਨੁੱਖ ਪਰਮਾਤਮਾ ਨੂੰ ਨਹੀਂ ਮਿਲ ਸਕਦਾ। ਹੇ ਨਾਨਕ! ਆਖ—ਜਿਸ ਤੇ ਪ੍ਰਭੂ ਦੀ ਮਿਹਰ ਹੋਵੇ, ਉਹੀ ਭਗਤ ਬਣ ਸਕਦਾ ਹੈ, ਉਹੀ ਪਰਮਾਤਮਾ ਨਾਲ ਡੂੰਘੀ ਸਾਂਝ ਪਾ ਸਕਦਾ ਹੈ।1।

ਪਉੜੀ:- ਨਿਰੀਆਂ ਮੂੰਹ ਦੀਆਂ ਗੱਲਾਂ ਨਾਲ, ਸ਼ਾਸਤਰਾਂ ਦੀਆਂ ਅਨੇਕ ਕਿਸਮ ਦੀਆਂ ਜੁਗਤੀਆਂ ਵਰਤਿਆਂ

ਪਰਮਾਤਮਾ ਨਾਲ ਜਾਣ-ਪਛਾਣ ਨਹੀਂ ਹੋ ਸਕਦੀ। ਨਿਰਾ ਪ੍ਰਭੂ-ਮਿਲਾਪ ਦੀਆਂ ਗੱਲਾਂ ਆਖਣ ਸੁਣਨ ਨਾਲ ਪ੍ਰਭੂ-ਮਿਲਾਪ ਨਹੀਂ ਹੋ ਸਕਦਾ। ਪਰਮਾਤਮਾ ਨਾਲ ਉਹੀ ਜਾਣ-ਪਛਾਣ ਪਾਣ ਵਾਲਾ ਹੁੰਦਾ ਹੈ, ਜਿਸ ਦੇ ਹਿਰਦੇ ਵਿਚ ਪ੍ਰਭੂ ਦਾ ਪੱਕਾ ਨਿਵਾਸ ਬਣੇ। ਜਿਸ ਦੇ ਹਿਰਦੇ ਵਿਚ ਪਰਮਾਤਮਾ ਦੀ ਰਜ਼ਾ ਪੱਕੀ ਟਿਕੀ ਰਹੇ, ਉਹੀ ਅਸਲ ਗਿਆਨੀ ਹੈ, ਉਸ ਨੂੰ ਸਾਰਾ ਦੁਖ-ਸੁਖ ਇਕ-ਸਮਾਨ ਪ੍ਰਤੀਤ ਹੁੰਦਾ ਹੈ।

ਹੇ ਨਾਨਕ! ਜਿਸ ਮਨੁੱਖ ਉਤੇ ਪ੍ਰਭੂ ਕਿਰਪਾ ਕਰੇ, ਜੇਹੜਾ ਗੁਰੂ ਦੀ ਰਾਹੀਂ ਜਗਤ-ਦੇ-ਮੂਲ ਪ੍ਰਭੂ ਦੇ ਗੁਣਾਂ ਦਾ ਵਿਚਾਰਵਾਨ ਬਣ ਜਾਵੇ, ਉਸ ਦੀ ਸਾਂਝ ਪਰਮਾਤਮਾ ਨਾਲ ਬਣਦੀ ਹੈ।5।

ਸਲੋਕੁ ॥ ਆਵਨ ਆਏ ਸ੍ਰਿਸਟਿ ਮਹਿ ਬਿਨੁ ਬੂਝੇ ਪਸੁ ਢੋਰ ॥ ਨਾਨਕ ਗੁਰਮੁਖਿ ਸੋ ਬੁਝੈ ਜਾ ਕੈ ਭਾਗ ਮਥੋਰ ॥੧॥ ਪਉੜੀ ॥ ਯਾ ਜੁਗ ਮਹਿ ਏਕਹਿ ਕਉ ਆਇਆ ॥ ਜਨਮਤ ਮੋਹਿਓ ਮੋਹਨੀ ਮਾਇਆ ॥ ਗਰਭ ਕੁੰਟ ਮਹਿ ਉਰਧ ਤਪ ਕਰਤੇ ॥ ਸਾਸਿ ਸਾਸਿ ਸਿਮਰਤ ਪ੍ਰਭੁ ਰਹਤੇ ॥ ਉਰਝਿ ਪਰੇ ਜੋ ਛੋਡਿ ਛਡਾਨਾ ॥ ਦੇਵਨਹਾਰੁ ਮਨਹਿ ਬਿਸਰਾਨਾ ॥ ਧਾਰਹੁ ਕਿਰਪਾ ਜਿਸਹਿ ਗੁਸਾਈ ॥ ਇਤ ਉਤ ਨਾਨਕ ਤਿਸੁ ਬਿਸਰਹੁ ਨਾਹੀ ॥੬॥ {ਪੰਨਾ 251}

ਪਦਅਰਥ:- ਢੋਰ—ਡੰਗਰ, ਮਹਾ ਮੂਰਖ। ਆਏ—ਜੰਮੇ। ਮਥੋਰ—ਮੱਥੇ ਉਤੇ।1।

ਪਉੜੀ:- ਯਾ ਜੁਗ ਮਹਿ—ਇਸ ਮਨੁੱਖਾ ਜਨਮ ਵਿਚ। ਜਨਮਤ—ਜੰਮਦਿਆਂ ਹੀ। ਮੋਹਨੀ—ਠਗਣੀ। ਗਰਭ ਕੁੰਟ ਮਹਿ—ਮਾਂ ਦੇ ਪੇਟ ਵਿਚ। ਉਰਧ—ਉਲਟਾ, ਪੁੱਠਾ। ਉਰਝਿ ਪਰੇ—ਫਸ ਗਏ, ਉਲਝ ਪਏ। ਮਨਹਿ—ਮਨ ਵਿਚੋਂ। ਗੁਸਾਈ—ਹੇ ਸ੍ਰਿਸ਼ਟੀ ਦੇ ਮਾਲਕ! ਇਤ ਉਤ—ਲੋਕ ਪਰਲੋਕ ਵਿਚ।

ਅਰਥ:- ਜਗਤ ਵਿਚ ਉਹਨਾਂ ਬੰਦਿਆਂ ਨੇ ਸਿਰਫ਼ ਕਹਣ-ਮਾਤ੍ਰ ਹੀ ਮਨੁੱਖਾ ਜਨਮ ਲਿਆ, ਪਰ ਜੀਵਨ ਦਾ ਸਹੀ ਰਸਤਾ ਸਮਝਣ ਤੋਂ ਬਿਨਾ ਉਹ ਪਸ਼ੂ ਡੰਗਰ ਹੀ ਰਹੇ (ਪਸ਼ੂਆਂ ਵਾਲੀ ਜ਼ਿੰਦਗੀ ਹੀ ਗੁਜ਼ਾਰਦੇ ਰਹੇ)। ਹੇ ਨਾਨਕ! ਉਹ ਮਨੁੱਖ ਗੁਰੂ ਦੀ ਰਾਹੀਂ ਜੀਵਨ ਦਾ ਸਹੀ ਰਸਤਾ ਸਮਝਦਾ ਹੈ, ਜਿਸ ਦੇ ਮੱਥੇ ਉਤੇ (ਪੂਰਬਲੇ ਕਰਮਾਂ ਦੇ ਚੰਗੇ ਕਰਮਾਂ ਦੇ) ਭਾਗ ਜਾਗ ਪੈਣ।1।

ਪਉੜੀ:- ਮਨੁੱਖ ਇਸ ਜਨਮ ਵਿਚ ਸਿਰਫ਼ ਪਰਮਾਤਮਾ ਦਾ ਸਿਮਰਨ ਕਰਨ ਲਈ ਜਨਮਿਆ ਹੈ, ਪਰ ਜੰਮਦਿਆਂ ਹੀ ਇਸ ਨੂੰ ਠਗਣੀ ਮਾਇਆ ਠੱਗ ਲੈਂਦੀ ਹੈ। (ਇਹ ਆਮ ਪਰਚਲਤ ਖ਼ਿਆਲ ਹੈ ਕਿ) ਜੀਵ ਮਾਂ ਦੇ ਪੇਟ ਵਿਚ ਪੁੱਠੇ ਲਟਕੇ ਹੋਏ ਪਰਮਾਤਮਾ ਦਾ ਭਜਨ ਕਰਦੇ ਹਨ, ਉਥੇ ਸੁਆਸ ਸੁਆਸ ਪ੍ਰਭੂ ਨੂੰ ਸਿਮਰਦੇ ਰਹਿੰਦੇ ਹਨ (ਪਰ ਪ੍ਰਭੂ ਦੀ ਅਜਬ ਮਾਇਆ ਹੈ ਕਿ) ਜਿਸ ਮਾਇਆ ਨੂੰ ਜ਼ਰੂਰ ਛੱਡ ਜਾਣਾ ਹੈ, ਉਸ ਵਿਚ ਸਾਰੀ ਜ਼ਿੰਦਗੀ ਫਸੇ ਰਹਿੰਦੇ ਹਨ, ਜੋ ਪ੍ਰਭੂ ਸਾਰੇ ਪਦਾਰਥ ਦੇਣ ਵਾਲਾ ਹੈ ਉਸ ਨੂੰ ਮਨ ਤੋਂ ਭੁਲਾ ਦੇਂਦੇ ਹਨ।

ਹੇ ਨਾਨਕ! (ਆਖ—) ਹੇ ਮਾਲਕ ਪ੍ਰਭੂ! ਜਿਸ ਮਨੁੱਖ ਉਤੇ ਤੂੰ ਕਿਰਪਾ ਕਰਦਾ ਹੈਂ, ਉਸ ਦੇ ਮਨੋਂ ਤੂੰ ਲੋਕ ਪਰਲੋਕ ਵਿਚ ਕਦੇ ਨਹੀਂ ਵਿਸਰਦਾ।6।

ਸਲੋਕੁ ॥ ਆਵਤ ਹੁਕਮਿ ਬਿਨਾਸ ਹੁਕਮਿ ਆਗਿਆ ਭਿੰਨ ਨ ਕੋਇ ॥ ਆਵਨ ਜਾਨਾ ਤਿਹ ਮਿਟੈ ਨਾਨਕ ਜਿਹ ਮਨਿ ਸੋਇ ॥੧॥ ਪਉੜੀ ॥ ਏਊ ਜੀਅ ਬਹੁਤੁ ਗ੍ਰਭ ਵਾਸੇ ॥ ਮੋਹ ਮਗਨ ਮੀਠ ਜੋਨਿ ਫਾਸੇ ॥ ਇਨਿ ਮਾਇਆ ਤ੍ਰੈ ਗੁਣ ਬਸਿ ਕੀਨੇ ॥ ਆਪਨ ਮੋਹ ਘਟੇ ਘਟਿ ਦੀਨੇ ॥ ਏ ਸਾਜਨ ਕਛੁ ਕਹਹੁ ਉਪਾਇਆ ॥ ਜਾ ਤੇ ਤਰਉ ਬਿਖਮ ਇਹ ਮਾਇਆ ॥ ਕਰਿ ਕਿਰਪਾ ਸਤਸੰਗਿ ਮਿਲਾਏ ॥ ਨਾਨਕ ਤਾ ਕੈ ਨਿਕਟਿ ਨ ਮਾਏ ॥੭॥ {ਪੰਨਾ 251}

ਪਦਅਰਥ:- ਹੁਕਮਿ—ਹੁਕਮ ਅਨੁਸਾਰ। ਆਗਿਆ—ਹੁਕਮ। ਭਿੰਨ—ਵੱਖਰਾ, ਆਕੀ। ਆਵਨ ਜਾਨਾ—ਜਨਮ

ਮਰਨ। ਤਿਹ—ਉਸ ਦਾ। ਜਿਹ ਮਨਿ—ਜਿਸ ਦੇ ਮਨ ਵਿਚ।1।

ਪਉੜੀ:- ਏਊ ਜੀਅ—ਇਹ ਜੀਵ {ਬਹੁ-ਵਚਨ}। ਗ੍ਰਭ—ਜੂਨਾਂ। ਮਗਨ—ਮਸਤ। ਇਨਿ—ਇਸ ਨੇ। ਬਸਿ—ਵੱਸ ਵਿਚ। ਘਟੇ ਘਟਿ—ਘਟਿ ਘਟਿ, ਹਰੇਕ ਸਰੀਰ ਵਿਚ। ਏ—ਹੇ! ਉਪਾਇਆ—ਇਲਾਜ। ਤਰਉ—ਤਰਉਂ, ਮੈਂ ਤਰਾਂ। ਬਿਖਮ—ਔਖੀ। ਨਿਕਟਿ—ਨੇੜੇ। ਮਾਏ—ਮਾਇਆ।7।

ਅਰਥ:- ਜੀਵ ਪ੍ਰਭੂ ਦੇ ਹੁਕਮ ਵਿਚ ਜੰਮਦਾ ਹੈ, ਹੁਕਮ ਵਿਚ ਹੀ ਮਰਦਾ ਹੈ। ਕੋਈ ਜੀਵ ਪ੍ਰਭੂ ਦੇ ਹੁਕਮ ਤੋਂ ਆਕੀ ਨਹੀਂ ਹੋ ਸਕਦਾ। ਹੇ ਨਾਨਕ! (ਸਿਰਫ਼) ਉਸ ਜੀਵ ਦਾ ਜਨਮ ਮਰਨ (ਦਾ ਗੇੜ) ਮੁੱਕਦਾ ਹੈ ਜਿਸ ਦੇ ਮਨ ਵਿਚ ਉਹ (ਹੁਕਮ ਦਾ ਮਾਲਕ ਪ੍ਰਭੂ) ਵੱਸਦਾ ਹੈ।1।

ਪਉੜੀ:- ਇਹ ਜੀਵ ਅਨੇਕਾਂ ਜੂਨਾਂ ਵਿਚ ਵਾਸ ਲੈਂਦੇ ਹਨ, ਮਿੱਠੇ ਮੋਹ ਵਿਚ ਮਸਤ ਹੋ ਕੇ ਜੂਨਾਂ ਦੇ ਗੇੜ ਵਿਚ ਫਸ ਜਾਂਦੇ ਹਨ। ਇਸ ਮਾਇਆ ਨੇ (ਜੀਵਾਂ ਨੂੰ ਆਪਣੇ) ਤਿੰਨ ਗੁਣਾਂ ਦੇ ਵੱਸ ਵਿਚ ਕਰ ਰੱਖਿਆ ਹੈ, ਹਰੇਕ ਜੀਵ ਦੇ ਹਿਰਦੇ ਵਿਚ ਇਸ ਨੇ ਆਪਣਾ ਮੋਹ ਟਿਕਾ ਦਿੱਤਾ ਹੈ।

ਹੇ ਸੱਜਣ! ਕੋਈ ਐਸਾ ਇਲਾਜ ਦੱਸ, ਜਿਸ ਨਾਲ ਮੈਂ ਇਸ ਔਖੀ ਮਾਇਆ (ਦੇ ਮੋਹ-ਰੂਪ ਸਮੁੰਦਰ) ਵਿਚੋਂ ਪਾਰ ਲੰਘ ਸਕਾਂ। ਹੇ ਨਾਨਕ! (ਆਖ—) ਪ੍ਰਭੂ ਆਪਣੀ ਮਿਹਰ ਕਰ ਕੇ ਜਿਸ ਜੀਵ ਨੂੰ ਸਤਸੰਗ ਵਿਚ ਮਿਲਾਂਦਾ ਹੈ, ਮਾਇਆ ਉਸ ਦੇ ਨੇੜੇ ਨਹੀਂ (ਢੁਕ ਸਕਦੀ)।7।

ਸਲੋਕੁ ॥ ਕਿਰਤ ਕਮਾਵਨ ਸੁਭ ਅਸੁਭ ਕੀਨੇ ਤਿਨਿ ਪ੍ਰਭਿ ਆਪਿ ॥ ਪਸੁ ਆਪਨ ਹਉ ਹਉ ਕਰੈ ਨਾਨਕ ਬਿਨੁ ਹਰਿ ਕਹਾ ਕਮਾਤਿ ॥੧॥ ਪਉੜੀ ॥ ਏਕਹਿ ਆਪਿ ਕਰਾਵਨਹਾਰਾ ॥ ਆਪਹਿ ਪਾਪ ਪੁੰਨ ਬਿਸਥਾਰਾ ॥ ਇਆ ਜੁਗ ਜਿਤੁ ਜਿਤੁ ਆਪਹਿ ਲਾਇਓ ॥ ਸੋ ਸੋ ਪਾਇਓ ਜੁ ਆਪਿ ਦਿਵਾਇਓ ॥ ਉਆ ਕਾ ਅੰਤੁ ਨ ਜਾਨੈ ਕੋਊ ॥ ਜੋ ਜੋ ਕਰੈ ਸੋਊ ਫੁਨਿ ਹੋਊ ॥ ਏਕਹਿ ਤੇ ਸਗਲਾ ਬਿਸਥਾਰਾ ॥ ਨਾਨਕ ਆਪਿ ਸਵਾਰਨਹਾਰਾ ॥੮॥ {ਪੰਨਾ 251}

ਪਦਅਰਥ:- ਸੁਭ ਅਸੁਭ ਕਿਰਤ—ਚੰਗੇ ਮੰਦੇ ਕੰਮ। ਤਿਨਿ ਪ੍ਰਭਿ—ਉਸ ਪ੍ਰਭੂ ਨੇ। ਪਸੁ—ਪਸ਼ੂ, ਮੂਰਖ। ਹਉ ਹਉ ਕਰੈ—'ਮੈਂ ਮੈਂ' ਕਰਦਾ ਹੈ, ਅਹੰਕਾਰ ਕਰਦਾ ਹੈ ਕਿ ਮੈਂ ਕਰਦਾ ਹਾਂ।1।

ਪਉੜੀ:- ਏਕਹਿ—ਸਿਰਫ਼। ਪਾਪ ਪੁੰਨ—ਮੰਦੇ ਚੰਗੇ ਕੰਮ। ਇਆ ਜੁਗ—ਇਸ ਮਨੁੱਖਾ ਜਨਮ ਵਿਚ। ਜਿਤੁ—ਜਿਸ ਪਾਸੇ। ਆਪਹਿ—ਆਪ ਹੀ। ਉਆ ਕਾ—ਉਸ ਪ੍ਰਭੂ ਦਾ। ਫੁਨਿ—ਮੁੜ, ਫਿਰ।8।

ਅਰਥ:- (ਹਰੇਕ ਜੀਵ ਵਿਚ ਬੈਠ ਕੇ) ਸਭ ਚੰਗੇ ਮੰਦੇ ਕੰਮ ਉਹ ਪ੍ਰਭੂ ਆਪ ਕਰ ਰਿਹਾ ਹੈ (ਪ੍ਰਭੂ ਨੇ ਆਪ ਕੀਤੇ ਹਨ)। ਪਰ ਹੇ ਨਾਨਕ! ਮੂਰਖ ਮਨੁੱਖ ਮਾਣ ਕਰਦਾ ਹੈ ਕਿ ਮੈਂ ਕਰਦਾ ਹਾਂ। ਪ੍ਰਭੂ ਦੀ ਪ੍ਰੇਰਨਾ ਤੋਂ ਬਿਨਾ ਜੀਵ ਕੁਝ ਨਹੀਂ ਕਰ ਸਕਦਾ।1।

ਪਉੜੀ:- (ਜੀਵਾਂ ਪਾਸੋਂ ਚੰਗੇ ਮੰਦੇ ਕੰਮ) ਕਰਾਵਣ ਵਾਲਾ ਪ੍ਰਭੂ ਸਿਰਫ਼ ਆਪ ਹੀ ਹੈ, ਉਸ ਨੇ ਆਪ ਹੀ ਚੰਗੇ ਮੰਦੇ ਕੰਮਾਂ ਦਾ ਖਿਲਾਰਾ ਖਿਲਾਰਿਆ ਹੋਇਆ ਹੈ। ਇਸ ਮਨੁੱਖਾ ਜਨਮ ਵਿਚ (ਭਾਵ, ਜਨਮ ਦੇ ਕੇ) ਜਿਸ ਜਿਸ ਪਾਸੇ ਪ੍ਰਭੂ ਆਪ ਲਾਂਦਾ ਹੈ (ਉਧਰ ਹੀ ਜੀਵ ਲੱਗਦੇ ਹਨ), ਜੇਹੜੀ (ਮਤਿ) ਪ੍ਰਭੂ ਆਪ ਜੀਵਾਂ ਨੂੰ ਦੇਂਦਾ ਹੈ, ਉਹੀ ਉਹ ਗ੍ਰਹਣ ਕਰਦੇ ਹਨ। ਉਸ ਪ੍ਰਭੂ ਦੇ ਗੁਣਾਂ ਦਾ ਕੋਈ ਜੀਵ ਅੰਤ ਨਹੀਂ ਜਾਣ ਸਕਦਾ, (ਜਗਤ ਵਿਚ) ਉਹੀ ਕੁਝ ਹੋ ਰਿਹਾ ਹੈ ਜੋ ਪ੍ਰਭੂ ਆਪ ਕਰਦਾ ਹੈ।

ਹੇ ਨਾਨਕ! ਇਹ ਸਾਰਾ ਜਗਤ-ਖਿਲਾਰਾ ਪ੍ਰਭੂ ਤੋਂ ਹੀ ਖਿਲਰਿਆ ਹੈ, ਉਹ ਆਪ ਹੀ ਜੀਵਾਂ ਨੂੰ ਸਿੱਧੇ ਰਾਹੇ ਪਾਣ ਵਾਲਾ ਹੈ।8।

ਸਲੋਕੁ ॥ ਰਾਚਿ ਰਹੇ ਬਨਿਤਾ ਬਿਨੋਦ ਕੁਸਮ ਰੰਗ ਬਿਖ ਸੋਰ ॥ ਨਾਨਕ ਤਿਹ ਸਰਨੀ ਪਰਉ ਬਿਨਸਿ ਜਾਇ ਮੈ ਮੋਰ ॥੧॥ ਪਉੜੀ ॥ ਰੇ ਮਨ ਬਿਨੁ ਹਰਿ ਜਹ ਰਚਹੁ ਤਹ ਤਹ ਬੰਧਨ ਪਾਹਿ ॥ ਜਿਹ ਬਿਧਿ ਕਤਹੂ ਨ ਛੂਟੀਐ ਸਾਕਤ ਤੇਊ ਕਮਾਹਿ ॥ ਹਉ ਹਉ ਕਰਤੇ ਕਰਮ ਰਤ ਤਾ ਕੋ ਭਾਰੁ ਅਫਾਰ ॥ ਪ੍ਰੀਤਿ ਨਹੀ ਜਉ ਨਾਮ ਸਿਉ ਤਉ ਏਊ ਕਰਮ ਬਿਕਾਰ ॥ ਬਾਧੇ ਜਮ ਕੀ ਜੇਵਰੀ ਮੀਠੀ ਮਾਇਆ ਰੰਗ ॥ ਭ੍ਰਮ ਕੇ ਮੋਹੇ ਨਹ ਬੁਝਹਿ ਸੋ ਪ੍ਰਭੁ ਸਦਹੂ ਸੰਗ ॥ ਲੇਖੈ ਗਣਤ ਨ ਛੂਟੀਐ ਕਾਚੀ ਭੀਤਿ ਨ ਸੁਧਿ ॥ ਜਿਸਹਿ ਬੁਝਾਏ ਨਾਨਕਾ ਤਿਹ ਗੁਰਮੁਖਿ ਨਿਰਮਲ ਬੁਧਿ ॥੯॥ {ਪੰਨਾ 252}

ਪਦਅਰਥ:- ਬਨਿਤਾ—ਇਸਤ੍ਰੀ। ਬਿਨੋਦ—ਚੋਜ-ਤਮਾਸ਼ੇ। ਕੁਸਮ-ਫੁੱਲ, ਕਸੁੰਭਾ ਫੁੱਲ। ਬਿਖ ਸੋਰ—ਬਿਖਿਆ ਦੇ ਸ਼ੋਰ, ਮਾਇਆ ਦੀ ਫੂੰ-ਫਾਂ। ਪਰਉ—ਪਰਾਉਂ, ਮੈਂ ਪੈਂਦਾ ਹਾਂ। ਮੈ—ਹਉਮੈ। ਮੋਰ—ਮੇਰੀ, ਮਮਤਾ।1।

ਪਉੜੀ:- ਸਾਕਤ—ਪ੍ਰਭੂ ਨਾਲੋਂ ਵਿੱਛੜੇ ਜੀਵ। ਕਰਮ ਰਤ—ਪੁੰਨ ਕਰਮਾਂ ਦੇ ਪ੍ਰੇਮੀ, ਕਰਮ ਕਾਂਡੀ। ਅਫਾਰ—ਨਾਹ ਝੱਲਿਆ ਜਾ ਸਕਣ ਵਾਲਾ, ਬਹੁਤ। ਭੀਤਿ—ਕੰਧ। ਸੁਧਿ—ਸਫ਼ਾਈ, ਪਵਿਤ੍ਰਤਾ।9।

ਅਰਥ:- (ਅਸੀਂ ਜੀਵ) ਇਸਤ੍ਰੀ ਆਦਿਕ ਦੇ ਰੰਗ-ਤਮਾਸ਼ਿਆਂ ਵਿਚ ਮਸਤ ਹੋ ਰਹੇ ਹਾਂ, ਪਰ ਇਹ ਮਾਇਆ ਦੀ ਫੂੰ-ਫਾਂ ਕਸੁੰਭੇ ਦੇ ਰੰਗ (ਵਾਂਗ ਖਿਨ-ਭੰਗਰ ਹੀ ਹੈ)। ਹੇ ਨਾਨਕ! (ਆਖ—) ਮੈਂ ਤਾਂ ਉਸ ਪ੍ਰਭੂ ਦੀ ਸਰਨ ਪੈਂਦਾ ਹਾਂ (ਜਿਸ ਦੀ ਮਿਹਰ ਨਾਲ) ਹਉਮੈ ਤੇ ਮਮਤਾ ਦੂਰ ਹੋ ਜਾਂਦੀ ਹੈ।1।

ਪਉੜੀ:- ਹੇ ਮੇਰੇ ਮਨ! ਪ੍ਰਭੂ ਤੋਂ ਬਿਨਾ ਹੋਰ ਜਿਥੇ ਜਿਥੇ ਪ੍ਰੇਮ ਪਾਏਂਗਾ, ਉਥੇ ਉਥੇ ਮਾਇਆ ਦੇ ਬੰਧਨ ਪੈਣਗੇ। ਹਰੀ ਤੋਂ ਵਿੱਛੜੇ ਬੰਦੇ ਉਹੀ ਕੰਮ ਕਰਦੇ ਹਨ ਕਿ ਉਸ ਤਰੀਕੇ ਨਾਲ ਕਿਤੇ ਭੀ ਇਹਨਾਂ ਬੰਧਨਾਂ ਤੋਂ ਖ਼ਲਾਸੀ ਨਾਹ ਹੋ ਸਕੇ।

(ਤੀਰਥ, ਦਾਨ ਆਦਿਕ) ਕਰਮਾਂ ਦੇ ਪ੍ਰੇਮੀ (ਇਹ ਕਰਮ ਕਰ ਕੇ, ਇਹਨਾਂ ਦੇ ਕੀਤੇ ਦਾ) ਮਾਣ ਕਰਦੇ ਫਿਰਦੇ ਹਨ, ਇਸ ਹਉਮੈ ਦਾ ਭਾਰ ਭੀ ਅਸਹਿ ਹੁੰਦਾ ਹੈ, ਜੇ ਪ੍ਰਭੂ ਦੇ ਨਾਮ ਨਾਲ ਪਿਆਰ ਨਹੀਂ ਬਣਿਆ, ਤਾਂ ਇਹ ਕਰਮ ਵਿਕਾਰ-ਰੂਪ ਹੋ ਜਾਂਦੇ ਹਨ।

ਮਿੱਠੀ ਮਾਇਆ ਦੇ ਕੌਤਕਾਂ ਵਿਚ (ਫਸ ਕੇ ਜੀਵ) ਜਮ ਦੀ ਫਾਹੀ ਵਿਚ ਬੱਝ ਜਾਂਦੇ ਹਨ। ਭਟਕਣਾ ਵਿਚ ਫਸੇ ਹੋਇਆਂ ਨੂੰ ਇਹ ਸਮਝ ਨਹੀਂ ਆਉਂਦੀ ਕਿ ਪ੍ਰਭੂ ਸਦਾ ਸਾਡੇ ਨਾਲ ਹੈ।

(ਅਸੀਂ ਜੀਵ ਇਤਨੇ ਮਾਇਆ-ਗ੍ਰਸੇ ਹਾਂ ਕਿ ਸਾਡੇ ਕੀਤੇ ਕੁਕਰਮਾਂ ਦਾ) ਲੇਖਾ ਕੀਤਿਆਂ ਸਾਡੀ ਬਰੀਅਤ ਨਹੀਂ ਹੋ ਸਕਦੀ, (ਪਾਣੀ ਨਾਲ ਧੋਤਿਆਂ) ਗਾਰੇ ਦੀ ਕੰਧ ਦੀ ਸਫ਼ਾਈ ਨਹੀਂ ਹੋ ਸਕਦੀ (ਹੋਰ ਹੋਰ ਗਾਰਾ ਬਣਦਾ ਜਾਇਗਾ)।

ਹੇ ਨਾਨਕ! (ਆਖ—) ਪ੍ਰਭੂ ਆਪ ਜਿਸ ਮਨੁੱਖ ਨੂੰ ਸੂਝ ਬਖ਼ਸ਼ਦਾ ਹੈ, ਗੁਰੂ ਦੀ ਸਰਨ ਪੈ ਕੇ ਉਸ ਦੀ ਬੁੱਧੀ ਪਵਿਤ੍ਰ ਹੋ ਜਾਂਦੀ ਹੈ।9।

ਸਲੋਕੁ ॥ ਟੂਟੇ ਬੰਧਨ ਜਾਸੁ ਕੇ ਹੋਆ ਸਾਧੂ ਸੰਗੁ ॥ ਜੋ ਰਾਤੇ ਰੰਗ ਏਕ ਕੈ ਨਾਨਕ ਗੂੜਾ ਰੰਗੁ ॥ ੧॥ ਪਉੜੀ ॥ ਰਾਰਾ ਰੰਗਹੁ ਇਆ ਮਨੁ ਅਪਨਾ ॥ ਹਰਿ ਹਰਿ ਨਾਮੁ ਜਪਹੁ ਜਪੁ ਰਸਨਾ ॥ ਰੇ ਰੇ ਦਰਗਹ ਕਹੈ ਨ ਕੋਊ ॥ ਆਉ ਬੈਠੁ ਆਦਰੁ ਸುਭ ਦੇਊ ॥ ਉਆ ਮਹਲੀ ਪਾਵਹਿ ਤੂ ਬਾਸਾ ॥ ਜਨਮ ਮਰਨ ਨਹ ਹੋਇ ਬਿਨਾਸਾ ॥ ਮਸਤਕਿ ਕਰਮੁ ਲਿਖਿਓ ਧੁਰਿ ਜਾ ਕੈ ॥ ਹਰਿ ਸੰਪੈ ਨਾਨਕ ਘਰਿ ਤਾ ਕੈ ॥੧੦॥ {ਪੰਨਾ 252}

ਪਦਅਰਥ:- ਜਾਸੁ ਕੇ—ਜਿਸ ਮਨੁੱਖ ਦੇ। ਗੂੜਾ ਰੰਗ—ਪੱਕਾ (ਮਜੀਠੀ) ਰੰਗ (ਕਸੁੰਭੇ ਵਰਗਾ ਕੱਚਾ ਨਹੀਂ)।1।

ਪਉੜੀ:- ਰਸਨਾ—ਜੀਭ (ਨਾਲ)। ਰੇ ਰੇ—ਓਇ! ਓਇ! (ਭਾਵ, ਅਨਾਦਰੀ ਦੇ ਬਚਨ, ਦੁਰਕਾਰਨ ਦੇ ਬੋਲ)।

ਸੁਭ—ਚੰਗਾ। ਮਸਤਕਿ—ਮੱਥੇ ਤੇ। ਕਰਮੁ—ਪ੍ਰਭੂ ਦੀ ਬਖ਼ਸ਼ਸ਼। ਸੰਪੈ—ਧਨ-ਪਦਾਰਥ।10।

ਅਰਥ:- ਜਿਸ ਮਨੁੱਖ ਦੇ ਮਾਇਆ ਦੇ ਬੰਧਨ ਟੁੱਟਣ ਤੇ ਆਉਂਦੇ ਹਨ, ਉਸ ਨੂੰ ਗੁਰੂ ਦੀ ਸੰਗਤਿ ਪ੍ਰਾਪਤ ਹੁੰਦੀ ਹੈ। ਹੇ ਨਾਨਕ! (ਗੁਰੂ ਦੀ ਸੰਗਤਿ ਵਿਚ ਰਹਿ ਕੇ) ਜੋ ਇਕ ਪ੍ਰਭੂ ਦੇ ਪਿਆਰ-ਰੰਗ ਵਿਚ ਰੰਗੇ ਜਾਂਦੇ ਹਨ, ਉਹ ਰੰਗ ਐਸਾ ਗੂੜ੍ਹਾ ਹੁੰਦਾ ਹੈ (ਕਿ ਮਜੀਠ ਦੇ ਰੰਗ ਵਾਂਗ ਕਦੇ ਉਤਰਦਾ ਹੀ ਨਹੀਂ)।1।

ਪਉੜੀ:- (ਹੇ ਭਾਈ!) ਜੀਭ ਨਾਲ ਸਦਾ ਹਰੀ-ਨਾਮ ਦਾ ਜਾਪ ਜਪੋ, (ਇਸ ਤਰ੍ਹਾਂ) ਆਪਣੇ ਇਸ ਮਨ ਨੂੰ (ਪ੍ਰਭੂ-ਨਾਮ ਦੇ ਰੰਗ ਵਿਚ) ਰੰਗੋ! ਪ੍ਰਭੂ ਦੀ ਹਜ਼ੂਰੀ ਵਿਚ ਤੁਹਾਨੂੰ ਕੋਈ ਅਨਾਦਰੀ ਦੇ ਬੋਲ ਨਹੀਂ ਬੋਲੇਗਾ, (ਸਗੋਂ) ਚੰਗਾ ਆਦਰ ਮਿਲੇਗਾ (ਕਹਿਣਗੇ)—ਆਓ ਬੈਠੋ!

(ਹੇ ਭਾਈ!) ਜੇ ਤੂੰ ਨਾਮ ਵਿਚ ਮਨ ਰੰਗ ਲਏ ਤਾਂ ਤੈਨੂੰ ਪ੍ਰਭੂ ਦੀ ਹਜ਼ੂਰੀ ਵਿਚ ਟਿਕਾਣਾ ਮਿਲ ਜਾਇਗਾ, ਨਾਹ ਜਨਮ ਮਰਨ ਦਾ ਗੇੜ ਰਹਿ ਜਾਇਗਾ, ਤੇ ਨਾਹ ਹੀ ਕਦੇ ਆਤਮਕ ਮੌਤ ਹੋਵੇਗੀ।

ਪਰ ਹੇ ਨਾਨਕ! ਧੁਰੋਂ ਹੀ ਜਿਸ ਮਨੁੱਖ ਦੇ ਮੱਥੇ ਉਤੇ ਪ੍ਰਭੂ ਦੀ ਮਿਹਰ ਦਾ ਲੇਖ ਲਿਖਿਆ (ਉੱਘੜਦਾ) ਹੈ, ਉਸ ਦੇ ਹੀ ਹਿਰਦੇ-ਘਰ ਵਿਚ ਇਹ ਨਾਮ-ਧਨ ਇਕੱਠਾ ਹੁੰਦਾ ਹੈ।10।

ਸਲੋਕੁ ॥ ਲਾਲਚ ਝੂਠ ਬਿਕਾਰ ਮੋਹ ਬਿਆਪਤ ਮੂੜੇ ਅੰਧ ॥ ਲਾਗਿ ਪਰੇ ਦੁਰਗੰਧ ਸਿਉ ਨਾਨਕ ਮਾਇਆ ਬੰਧ ॥੧॥ ਪਉੜੀ ॥ ਲਲਾ ਲਪਟਿ ਬਿਖੈ ਰਸ ਰਾਤੇ ॥ ਅਹੰਬੁਧਿ ਮਾਇਆ ਮਦ ਮਾਤੇ ॥ ਇਆ ਮਾਇਆ ਮਹਿ ਜਨਮਹਿ ਮਰਨਾ ॥ ਜਿਉ ਜਿਉ ਹੁਕਮੁ ਤਿਵੈ ਤਿਉ ਕਰਨਾ ॥ ਕੋਊ ਊਨ ਨ ਕੋਊ ਪੂਰਾ ॥ ਕੋਊ ਸੁਘਰੁ ਨ ਕੋਊ ਮੂਰਾ ॥ ਜਿਤੁ ਜਿਤੁ ਲਾਵਹੁ ਤਿਤੁ ਤਿਤੁ ਲਗਨਾ ॥ ਨਾਨਕ ਠਾਕੁਰ ਸਦਾ ਅਲਿਪਨਾ ॥੧੧॥ {ਪੰਨਾ 252}

ਪਦਅਰਥ:- ਬਿਆਪਤ—ਜ਼ੋਰ ਪਾ ਲੈਂਦੇ ਹਨ। ਅੰਧ—ਸੂਝ-ਹੀਣ, ਜਿਨ੍ਹਾਂ ਦੇ ਗਿਆਨ-ਨੇਤ੍ਰ ਬੰਦ ਹਨ। ਦੁਰਗੰਧ—ਗੰਦਗੀ, ਮੰਦੇ ਕੰਮ। ਬੰਧ—ਬੰਧਨ।1।

ਪਉੜੀ:- ਲਪਟਿ—ਚੰਬੜੇ ਹੋਏ। ਬਿਖੈ ਰਸ—ਵਿਸ਼ਿਆਂ ਦੇ ਸੁਆਦ। ਅਹੰਬੁਧਿ—'ਮੈਂ ਮੈਂ' ਕਰਨ ਵਾਲੀ ਬੁੱਧੀ। ਮਦ—ਨਸ਼ਾ। ਮਾਤੇ—ਮਸਤ। ਊਨ—ਸੱਖਣਾ, ਊਣਾ, ਘੱਟ। ਸੁਘਰੁ—ਸਿਆਣਾ। ਮੂਰਾ—ਮੂੜ੍ਹ, ਮੂਰਖ। ਅਲਿਪਨਾ—ਅਲੇਪ, ਮਾਇਆ ਦੇ ਪ੍ਰਭਾਵ ਤੋਂ ਪਰੇ।11।

ਅਰਥ:- ਹੇ ਨਾਨਕ! ਜੋ ਮਨੁੱਖ ਮਾਇਆ ਦੇ ਮੋਹ ਦੇ ਬੰਧਨਾਂ ਵਿਚ ਫਸ ਜਾਂਦੇ ਹਨ, ਉਹਨਾਂ ਗਿਆਨ-ਹੀਣ ਮੂਰਖਾਂ ਉਤੇ ਲਾਲਚ ਝੂਠ ਵਿਕਾਰ ਮੋਹ ਆਦਿਕ ਜ਼ੋਰ ਪਾ ਲੈਂਦੇ ਹਨ, ਤੇ ਉਹ ਮੰਦੇ ਕੰਮਾਂ ਵਿਚ ਲੱਗੇ ਰਹਿੰਦੇ ਹਨ।1।

ਪਉੜੀ:- ਜੇਹੜੇ ਮਨੁੱਖ ਮਾਇਆ ਦੇ ਨਸ਼ੇ ਵਿਚ ਮਸਤ ਰਹਿੰਦੇ ਹਨ, ਜਿਨ੍ਹਾਂ ਦੀ ਬੁਧਿ ਉਤੇ ਹਉਮੈ ਦਾ ਪਰਦਾ ਪੈ ਜਾਂਦਾ ਹੈ, ਉਹ ਮਨੁੱਖ ਵਿਸ਼ਿਆਂ ਦੇ ਸੁਆਦਾਂ ਨਾਲ ਚੰਬੜੇ ਰਹਿੰਦੇ ਹਨ, ਤੇ ਇਸ ਮਾਇਆ ਵਿਚ ਫਸ ਕੇ ਜਨਮ ਮਰਨ (ਦੇ ਗੇੜ ਵਿਚ ਪੈ ਜਾਂਦੇ ਹਨ), (ਪਰ ਜੀਵ ਦੇ ਕੀਹ ਵੱਸ?) ਜਿਵੇਂ ਜਿਵੇਂ ਪ੍ਰਭੂ ਦੀ ਰਜ਼ਾ ਹੁੰਦੀ ਹੈ, ਤਿਵੇਂ ਤਿਵੇਂ ਹੀ ਜੀਵ ਕਰਮ ਕਰਦੇ ਹਨ। (ਆਪਣੀ ਚਤੁਰਾਈ ਨਾਲ) ਨਾਹ ਕੋਈ ਜੀਵ ਪੂਰਨ ਬਣ ਸਕਦਾ ਹੈ, ਨਾਹ ਕੋਈ ਕਮਜ਼ੋਰ ਰਹਿ ਜਾਂਦਾ ਹੈ, ਨਾਹ ਕੋਈ (ਆਪਣੇ ਬਲ ਆਸਰੇ) ਸਿਆਣਾ ਹੋ ਗਿਆ ਹੈ, ਨਾਹ ਕੋਈ ਮੂਰਖ ਰਹਿ ਗਿਆ ਹੈ।

ਹੇ ਪ੍ਰਭੂ! ਜਿਸ ਜਿਸ ਪਾਸੇ ਤੂੰ ਜੀਵਾਂ ਨੂੰ ਪ੍ਰੇਰਦਾ ਹੈਂ, ਉਧਰ ਉਧਰ ਹੀ ਇਹ ਲੱਗ ਪੈਂਦੇ ਹਨ।

ਹੇ ਨਾਨਕ! (ਕੈਸੀ ਅਚਰਜ ਖੇਡ ਹੈ! ਸਭ ਜੀਵਾਂ ਵਿਚ ਬੈਠ ਕੇ ਪਾਲਣਹਾਰ ਪ੍ਰਭੂ ਪ੍ਰੇਰਨਾ ਕਰ ਰਿਹਾ ਹੈ, ਫਿਰ ਭੀ) ਪ੍ਰਭੂ ਆਪ ਮਾਇਆ ਦੇ ਪ੍ਰਭਾਵ ਤੋਂ ਪਰੇ ਹੈ।11।

ਸਲੋਕੁ ॥ ਲਾਲ ਗੁਪਾਲ ਗੋਬਿੰਦ ਪ੍ਰਭ ਗਹਿਰ ਗੰਭੀਰ ਅਥਾਹ ॥ ਦੂਸਰ ਨਾਹੀ ਅਵਰ ਕੋ ਨਾਨਕ ਬੇਪਰਵਾਹ ॥੧॥ ਪਉੜੀ ॥ ਲਲਾ ਤਾ ਕੈ ਲਵੈ ਨ ਕੋਊ ॥ ਏਕਹਿ ਆਪਿ ਅਵਰ ਨਹ ਹੋਊ ॥ ਹੋਵਨਹਾਰੁ ਹੋਤ ਸਦ ਆਇਆ ॥ ਉਆ ਕਾ ਅੰਤੁ ਨ ਕਾਹੂ ਪਾਇਆ ॥ ਕੀਟ ਹਸਤਿ ਮਹਿ ਪੂਰ ਸਮਾਨੇ ॥ ਪ੍ਰਗਟ ਪੁਰਖ ਸਭ ਠਾਊ ਜਾਨੇ ॥ ਜਾ ਕਉ ਦੀਨੋ ਹਰਿ ਰਸੁ ਅਪਨਾ ॥ ਨਾਨਕ ਗੁਰਮੁਖਿ ਹਰਿ ਹਰਿ ਤਿਹ ਜਪਨਾ ॥੧੨॥ {ਪੰਨਾ 252}

ਪਦਅਰਥ:- ਲਾਲ—ਪਿਆਰਾ। ਗੋਪਾਲ—ਧਰਤੀ ਦਾ ਪਾਲਕ। ਗਹਿਰ—ਡੂੰਘਾ, ਜਿਸ ਦਾ ਭੇਤ ਨ ਪਾਇਆ ਜਾ ਸਕੇ। ਗੰਭੀਰ—ਵੱਡੇ ਜਿਗਰੇ ਵਾਲਾ। ਬੇਪਰਵਾਹ—ਚਿੰਤਾ-ਫ਼ਿਕਰ ਤੋਂ ਉਤਾਂਹ।1।

ਪਉੜੀ:- ਲਵੈ—ਬਰਾਬਰ ਦਾ, ਨੇੜੇ ਤੇੜੇ ਦਾ। ਹੋਵਨਹਾਰੁ—ਹੋਂਦ ਵਾਲਾ। ਕਾਹੂ—ਕਿਸੇ ਨੇ ਭੀ। ਕੀਟ—ਕੀੜੀ। ਹਸਤਿ—ਹਾਥੀ।12।

ਅਰਥ:- ਪਰਮਾਤਮਾ ਸਭ ਦਾ ਪਿਆਰਾ ਹੈ, ਸ੍ਰਿਸ਼ਟੀ ਦਾ ਰੱਖਿਅਕ ਹੈ, ਸਭ ਦੀ ਜਾਣਨ ਵਾਲਾ ਹੈ ਉਸ ਦਾ ਭੇਤ ਨਹੀਂ ਪੈ ਸਕਦਾ, ਵੱਡੇ ਜਿਗਰੇ ਵਾਲਾ ਹੈ, ਉਹ ਇਕ ਐਸਾ ਸਮੁੰਦਰ ਸਮਝੋ, ਜਿਸ ਦੀ ਹਾਥ ਨਹੀਂ ਪੈਂਦੀ, ਕੋਈ ਚਿੰਤਾ-ਫ਼ਿਕਰ ਉਸ ਦੇ ਨੇੜੇ ਨਹੀਂ ਢੁਕਦੇ। ਹੇ ਨਾਨਕ! ਉਸ ਵਰਗਾ ਕੋਈ ਹੋਰ ਦੂਜਾ ਨਹੀਂ।1।

ਪਉੜੀ:- ਉਸ ਪਰਮਾਤਮਾ ਦੇ ਬਰਾਬਰ ਦਾ ਹੋਰ ਕੋਈ ਨਹੀਂ ਹੈ, (ਆਪਣੇ ਵਰਗਾ) ਉਹ ਆਪ ਹੀ ਆਪ ਹੈ (ਉਸ ਵਰਗਾ) ਹੋਰ ਕੋਈ ਨਹੀਂ। ਸਦਾ ਤੋਂ ਹੀ ਉਹ ਪ੍ਰਭੂ ਹੋਂਦ ਵਾਲਾ ਚਲਿਆ ਆ ਰਿਹਾ ਹੈ, ਕਿਸੇ ਨੇ ਉਸ (ਦੀ) ਹਸਤੀ ਦਾ ਅਖ਼ੀਰਲਾ ਬੰਨਾ ਨਹੀਂ ਲੱਭਾ। ਕੀੜੀ ਤੋਂ ਲੈ ਕੇ ਹਾਥੀ ਤਕ ਸਭ ਵਿਚ ਪੂਰਨ ਤੌਰ ਤੇ ਪ੍ਰਭੂ ਵਿਆਪਕ ਹੈ, ਉਹ ਸਰਬ-ਵਿਆਪਕ ਪਰਮਾਤਮਾ ਹਰ ਥਾਂ ਪ੍ਰਤੱਖ ਜਾਪ ਰਿਹਾ ਹੈ।

ਹੇ ਨਾਨਕ! ਜਿਸ ਬੰਦੇ ਨੂੰ ਪ੍ਰਭੂ ਨੇ ਆਪਣੇ ਨਾਮ ਦਾ ਸੁਆਦ ਬਖ਼ਸ਼ਿਆ ਹੈ, ਉਹ ਬੰਦਾ ਗੁਰੂ ਦੀ ਸਰਨ ਪੈ ਕੇ ਸਦਾ ਉਸ ਨੂੰ ਜਪਦਾ ਹੈ।12।

ਸਲੋਕੁ ॥ ਆਤਮ ਰਸੁ ਜਿਹ ਜਾਨਿਆ ਹਰਿ ਰੰਗ ਸਹਜੇ ਮਾਣੁ ॥ ਨਾਨਕ ਧਨਿ ਧਨਿ ਧੰਨਿ ਜਨ ਆਏ ਤੇ ਪਰਵਾਣੁ ॥੧॥ ਪਉੜੀ ॥ ਆਇਆ ਸਫਲ ਤਾਹੂ ਕੋ ਗਨੀਐ ॥ ਜਾਸੁ ਰਸਨ ਹਰਿ ਹਰਿ ਜਸੁ ਭਨੀਐ ॥ ਆਇ ਬਸਹਿ ਸਾਧੂ ਕੈ ਸੰਗੇ ॥ ਅਨਦਿਨੁ ਨਾਮੁ ਧਿਆਵਹਿ ਰੰਗੇ ॥ ਆਵਤ ਸੋ ਜਨੁ ਨਾਮਹਿ ਰਾਤਾ ॥ ਜਾ ਕਉ ਦਇਆ ਮਇਆ ਬਿਧਾਤਾ ॥ ਏਕਹਿ ਆਵਨ ਫਿਰਿ ਜੋਨਿ ਨ ਆਇਆ ॥ ਨਾਨਕ ਹਰਿ ਕੈ ਦਰਸਿ ਸਮਾਇਆ ॥੧੩॥ {ਪੰਨਾ 252}

ਪਦਅਰਥ:- ਰਸੁ—ਆਨੰਦ। ਜਿਹ—ਜਿਨ੍ਹਾਂ ਨੇ। ਸਹਜੇ—ਸਹਜਿ, ਅਡੋਲਤਾ ਵਿਚ (ਟਿਕ ਕੇ)। ਧਨਿ—ਧੰਨ, ਭਾਗਾਂ ਵਾਲੇ। ਪਰਵਾਣੁ—ਕਬੂਲ।1।

ਪਉੜੀ:- ਤਾਹੂ ਕੋ—ਉਸ ਦਾ। ਗਨੀਐ—ਸਮਝਣਾ ਚਾਹੀਦਾ ਹੈ। ਜਾਸੁ ਰਸਨ—ਜਿਸ ਦੀ ਜੀਭ। ਜਸੁ—ਸਿਫ਼ਤਿ-ਸਾਲਾਹ। ਭਨੀਐ—ਉਚਾਰਦੀ ਹੈ। ਸਾਧੂ—ਗੁਰੂ। ਅਨਦਿਨੁ—ਹਰ ਰੋਜ਼, ਹਰ ਵੇਲੇ। ਰੰਗੇ—ਰੰਗ ਵਿਚ, ਪਿਆਰ ਨਾਲ। ਨਾਮਹਿ—ਨਾਮ ਵਿਚ। ਰਾਤਾ—ਮਸਤ। ਮਇਆ—ਮਿਹਰ, ਦਇਆ। ਬਿਧਾਤਾ—ਬਿਧਾਤੇ ਦੀ, ਸਿਰਜਣਹਾਰ ਦੀ। ਏਕਹਿ ਆਵਨ—ਇਕੋ ਵਾਰੀ ਜਨਮ। ਦਰਸਿ—ਦੀਦਾਰ ਵਿਚ।13।

ਅਰਥ:- ਹੇ ਨਾਨਕ! ਜੇਹੜੇ ਬੰਦੇ ਅਡੋਲ ਅਵਸਥਾ ਵਿਚ ਟਿਕ ਕੇ ਪ੍ਰਭੂ ਦੀ ਯਾਦ ਦਾ ਸੁਆਦ ਮਾਣਦੇ ਹਨ, ਜਿਨ੍ਹਾਂ ਨੇ ਇਸ ਆਤਮਕ ਆਨੰਦ ਨਾਲ ਸਾਂਝ ਪਾਈ ਹੈ, ਉਹ ਭਾਗਾਂ ਵਾਲੇ ਹਨ, ਉਹਨਾਂ ਦਾ ਹੀ ਜਗਤ ਵਿਚ ਜੰਮਣਾ ਸਫਲ ਹੈ।1।

ਪਉੜੀ:- (ਜਗਤ ਵਿਚ) ਉਸੇ ਮਨੁੱਖ ਦਾ ਆਉਣਾ ਨੇਪਰੇ ਚੜ੍ਹਿਆ ਜਾਣੋ, ਜਿਸ ਦੀ ਜੀਭ ਸਦਾ ਪਰਮਾਤਮਾ ਦੀ ਸਿਫ਼ਤਿ-ਸਾਲਾਹ ਕਰਦੀ ਹੈ। (ਜੇਹੜੇ ਬੰਦੇ) ਗੁਰੂ ਦੀ ਹਜ਼ੂਰੀ ਵਿਚ ਆ ਟਿਕਦੇ ਹਨ, ਉਹ ਹਰ ਵੇਲੇ ਪਿਆਰ ਨਾਲ ਪ੍ਰਭੂ ਦਾ ਨਾਮ ਸਿਮਰਦੇ ਹਨ।

ਜਿਸ ਮਨੁੱਖ ਉਤੇ ਸਿਰਜਣਹਾਰ ਦੀ ਮਿਹਰ ਹੋਈ ਕਿਰਪਾ ਹੋਈ, ਉਹ ਸਦਾ ਪਰਮਾਤਮਾ ਦੇ ਨਾਮ ਵਿਚ ਮਸਤ ਰਹਿੰਦਾ ਹੈ, (ਜਗਤ ਵਿਚ ਉਹੀ) ਆਇਆ ਸਮਝੋ।

ਹੇ ਨਾਨਕ! ਜੋ ਮਨੁੱਖ ਪਰਮਾਤਮਾ ਦੇ ਦੀਦਾਰ ਵਿਚ ਲੀਨ ਰਹਿੰਦਾ ਹੈ, (ਜਗਤ ਵਿਚ) ਉਸ ਦਾ ਜਨਮ ਇਕੋ ਵਾਰੀ ਹੁੰਦਾ ਹੈ, ਉਹ ਮੁੜ ਮੁੜ ਜੂਨਾਂ ਵਿਚ ਨਹੀਂ ਆਉਂਦਾ।13।

ਸਲੋਕੁ ॥ ਯਾਸੁ ਜਪਤ ਮਨਿ ਹੋਇ ਅਨੰਦੁ ਬਿਨਸੈ ਦੂਜਾ ਭਾਉ ॥ ਦੂਖ ਦਰਦ ਤ੍ਰਿਸਨਾ ਬੁਝੈ ਨਾਨਕ ਨਾਮਿ ਸਮਾਉ ॥੧॥ ਪਉੜੀ ॥ ਯਯਾ ਜਾਰਉ ਦੁਰਮਤਿ ਦੋਊ ॥ ਤਿਸਹਿ ਤਿਆਗਿ ਸੁਖ ਸਹਜੇ ਸੋਊ ॥ ਯਯਾ ਜਾਇ ਪਰਹੁ ਸੰਤ ਸਰਨਾ ॥ ਜਿਹ ਆਸਰ ਇਆ ਭਵਜਲੁ ਤਰਨਾ ॥ ਯਯਾ ਜਨਮਿ ਨ ਆਵੈ ਸੋਊ ॥ ਏਕ ਨਾਮ ਲੇ ਮਨਹਿ ਪਰੋਊ ॥ ਯਯਾ ਜਨਮੁ ਨ ਹਾਰੀਐ ਗੁਰ ਪੂਰੇ ਕੀ ਟੇਕ ॥ ਨਾਨਕ ਤਿਹ ਸੁਖੁ ਪਾਇਆ ਜਾ ਕੈ ਹੀਅਰੈ ਏਕ ॥੧੪॥ {ਪੰਨਾ 253}

ਪਦਅਰਥ:- ਯਾਸੁ—ਜਾਸੁ, ਜਿਸ ਨੂੰ। ਮਨਿ—ਮਨ ਵਿਚ। ਦੂਜਾ ਭਾਉ—ਕਿਸੇ ਹੋਰ ਨਾਲ ਪਿਆਰ। ਤ੍ਰਿਸਨਾ—ਮਾਇਆ ਦਾ ਲਾਲਚ। ਨਾਮਿ—ਨਾਮ ਵਿਚ। ਸਮਾਉ—ਲੀਨ ਹੋਵੋ।1।

ਪਉੜੀ:- ਜਾਰਉ—ਜਾਰਹੁ, ਸਾੜ ਦਿਉ। ਦੋਊ—ਦੂਜਾ ਭਾਵ। ਤਿਸਹਿ—ਇਸ (ਦੁਰਮਤਿ) ਨੂੰ। ਸੋਊ—ਟਿਕੋਗੇ। ਮਨਹਿ—ਮਨ ਵਿਚ। ਨ ਹਾਰੀਐ—ਵਿਅਰਥ ਨਹੀਂ ਜਾਇਗਾ। ਟੇਕ—ਆਸਰਾ। ਤਿਹ—ਉਸ ਨੇ। ਹੀਅਰੈ—ਹਿਰਦੇ ਵਿਚ।14।

ਅਰਥ:- ਹੇ ਨਾਨਕ! ਜਿਸ ਪ੍ਰਭੂ ਦਾ ਨਾਮ ਜਪਦਿਆਂ ਮਨ ਵਿਚ ਆਨੰਦ ਪੈਦਾ ਹੁੰਦਾ ਹੈ, (ਪ੍ਰਭੂ ਤੋਂ ਲਾਂਭੇ) ਕਿਸੇ ਹੋਰ ਦਾ ਮੋਹ ਦੂਰ ਹੋ ਸਕਦਾ ਹੈ, ਮਾਇਆ ਦਾ ਲਾਲਚ (ਤੇ ਲਾਲਚ ਤੋਂ ਪੈਦਾ ਹੋਇਆ) ਦੁਖ ਕਲੇਸ਼ ਮਿਟ ਜਾਂਦਾ ਹੈ, ਉਸ ਦੇ ਨਾਮ ਵਿਚ ਟਿਕੇ ਰਹੋ।1।

ਪਉੜੀ:- (ਹੇ ਭਾਈ!) ਭੈੜੀ ਮਤ ਤੇ ਮਾਇਆ ਦਾ ਪਿਆਰ ਸਾੜ ਦਿਉ, ਇਸ ਨੂੰ ਤਿਆਗਿਆਂ ਹੀ ਸੁਖ ਵਿਚ ਅਡੋਲ ਅਵਸਥਾ ਵਿਚ ਟਿਕੇ ਰਹੋਗੇ। ਜਾ ਕੇ ਸੰਤਾਂ ਦੀ ਸਰਨੀ ਪਵੋ, ਇਸੇ ਆਸਰੇ ਇਸ ਸੰਸਾਰ-ਸਮੁੰਦਰ ਵਿਚੋਂ (ਸਹੀ ਸਲਾਮਤ) ਪਾਰ ਲੰਘ ਸਕੀਦਾ ਹੈ।

ਜੇਹੜਾ ਬੰਦਾ ਇਕ ਪ੍ਰਭੂ ਦਾ ਨਾਮ ਲੈ ਕੇ ਆਪਣੇ ਮਨ ਵਿਚ ਪ੍ਰੋ ਲੈਂਦਾ ਹੈ, ਉਹ ਮੁੜ ਮੁੜ ਜਨਮ ਵਿਚ ਨਹੀਂ ਆਉਂਦਾ।

ਹੇ ਨਾਨਕ! ਪੂਰੇ ਗੁਰੂ ਦਾ ਆਸਰਾ ਲਿਆਂ ਮਨੁੱਖਾ ਜਨਮ ਵਿਅਰਥ ਨਹੀਂ ਜਾਂਦਾ। ਜਿਸ ਮਨੁੱਖ ਦੇ ਹਿਰਦੇ ਵਿਚ ਇਕ ਪ੍ਰਭੂ ਵੱਸ ਪਿਆ ਹੈ, ਉਸ ਨੇ ਆਤਮਕ ਆਨੰਦ ਹਾਸਲ ਕਰ ਲਿਆ ਹੈ।14।

ਸਲੋਕੁ ॥ ਅੰਤਰਿ ਮਨ ਤਨ ਬਸਿ ਰਹੇ ਈਤ ਊਤ ਕੇ ਮੀਤ ॥ ਗੁਰਿ ਪੂਰੈ ਉਪਦੇਸਿਆ ਨਾਨਕ ਜਪੀਐ ਨੀਤ ॥ ੧॥ ਪਉੜੀ ॥ ਅਨਦਿਨੁ ਸਿਮਰਹੁ ਤਾਸੁ ਕਉ ਜੋ ਅੰਤਿ ਸਹਾਈ ਹੋਇ ॥ ਇਹ ਬਿਖਿਆ ਦਿਨ ਚਾਰਿ ਛਿਅ ਛਾਡਿ ਚਲਿਓ ਸਭੁ ਕੋਇ ॥ ਕਾ ਕੋ ਮਾਤ ਪਿਤਾ ਸੁਤ ਧੀਆ ॥ ਗ੍ਰਿਹ ਬਨਿਤਾ ਕਛੁ ਸੰਗਿ ਨ ਲੀਆ ॥ ਐਸੀ ਸੰਚਿ ਜੁ ਬਿਨਸਤ ਨਾਹੀ ॥ ਪਤਿ ਸੇਤੀ ਅਪੁਨੈ ਘਰਿ ਜਾਹੀ ॥ ਸਾਧਸੰਗਿ ਕਲਿ ਕੀਰਤਨੁ ਗਾਇਆ ॥ ਨਾਨਕ ਤੇ ਤੇ ਬਹੁਰਿ ਨ ਆਇਆ ॥੧੫॥ {ਪੰਨਾ 253}

ਪਦਅਰਥ:- ਅੰਤਰਿ—ਅੰਦਰ। ਈਤ ਊਤ ਕੋ ਮੀਤ—ਲੋਕ ਪਰਲੋਕ ਵਿਚ ਸਾਥ ਦੇਣ ਵਾਲਾ ਮਿੱਤਰ। ਗੁਰਿ—ਗੁਰੂ ਨੇ। ਉਪਦੇਸਿਆ—ਨੇੜੇ ਵਿਖਾ ਦਿੱਤਾ।1।

ਪਉੜੀ:- ਤਾਸੁ ਕਉ—ਉਸ ਨੂੰ। ਬਿਖਿਆ—ਮਾਇਆ। ਚਾਰਿ ਛਿਅ—ਦਸ। ਸਭੁ ਕੋਇ—ਹਰੇਕ ਜੀਵ। ਕਾ ਕੋ—ਕਿਸ ਦਾ? ਕਿਸੇ ਦਾ ਨਹੀਂ। ਸੁਤ—ਪੁੱਤਰ। ਬਨਿਤਾ—ਇਸਤ੍ਰੀ। ਸੰਚਿ—ਇਕੱਠੀ ਕਰ। ਪਤਿ—ਇੱਜ਼ਤ। ਅਪੁਨੈ ਘਰਿ—ਅਪਨੇ ਘਰ ਵਿਚ, ਜਿਸ ਘਰ ਵਿਚੋਂ ਕੋਈ ਕੱਢ ਨਹੀਂ ਸਕੇਗਾ। ਕਲਿ—ਇਸ ਸਮੇ ਵਿਚ, ਜਨਮ ਲੈ ਕੇ, ਜਗਤ ਵਿਚ ਆ ਕੇ। ਤੇ ਤੇ—ਉਹ ਉਹ ਬੰਦੇ।1।

ਅਰਥ:- ਜਿਸ ਮਨੁੱਖ ਨੂੰ ਪੂਰਾ ਗੁਰੂ ਲੋਕ ਪਰਲੋਕ ਦਾ ਸਾਥ ਦੇਣ ਵਾਲਾ ਪਰਮਾਤਮਾ ਨੇੜੇ ਵਿਖਾ ਦੇਂਦਾ ਹੈ। ਪਰਮਾਤਮਾ ਉਸ ਮਨੁੱਖ ਦੇ ਮਨ ਵਿਚ ਤਨ ਵਿਚ ਹਰ ਵੇਲੇ ਵੱਸ ਪੈਂਦਾ ਹੈ। ਹੇ ਨਾਨਕ! ਐਸੇ ਪ੍ਰਭੂ ਨੂੰ ਸਦਾ ਸਿਮਰਨਾ ਚਾਹੀਦਾ ਹੈ।1।

ਪਉੜੀ:- ਜੋ ਪ੍ਰਭੂ ਅਖ਼ੀਰ ਸਮੇ ਸਹਾਇਤਾ ਕਰਦਾ ਹੈ ਉਸ ਨੂੰ ਹਰ ਵੇਲੇ ਯਾਦ ਰੱਖੋ। ਇਹ ਮਾਇਆ ਤਾਂ ਦਸ ਦਿਨਾਂ ਦੀ ਸਾਥਣ ਹੈ, ਹਰੇਕ ਜੀਵ ਇਸ ਨੂੰ ਇਥੇ ਹੀ ਛੱਡ ਕੇ ਤੁਰ ਜਾਂਦਾ ਹੈ।

ਮਾਂ ਪਿਉ ਪੁੱਤਰ ਧੀ ਕੋਈ ਭੀ ਕਿਸੇ ਦਾ ਸਦਾ ਸਾਥੀ ਨਹੀਂ ਹੈ। ਘਰ ਇਸਤ੍ਰੀ ਕੋਈ ਭੀ ਸ਼ੈ ਕੋਈ ਜੀਵ ਇਥੋਂ ਨਾਲ ਲੈ ਕੇ ਨਹੀਂ ਜਾ ਸਕਦਾ। (ਹੇ ਭਾਈ!) ਅਜਿਹੀ ਰਾਸਿ-ਪੂੰਜੀ ਇਕੱਠੀ ਕਰ ਜਿਸ ਦਾ ਕਦੇ ਨਾਸ ਨ ਹੋਵੇ, ਤੇ ਇੱਜ਼ਤ ਨਾਲ ਉਸ ਘਰ ਵਿਚ ਜਾ ਸਕੇਂ, ਜਿਥੋਂ ਕੋਈ ਕੱਢ ਨ ਸਕੇ।

ਹੇ ਨਾਨਕ! ਜਿਨ੍ਹਾਂ ਬੰਦਿਆਂ ਨੇ ਮਨੁੱਖਾ ਜਨਮ ਲੈ ਕੇ ਸਤ-ਸੰਗ ਵਿਚ ਪ੍ਰਭੂ ਦੀ ਸਿਫ਼ਤਿ-ਸਾਲਾਹ ਕੀਤੀ ਉਹ ਮੁੜ ਜਨਮ ਮਰਨ ਦੇ ਗੇੜ ਵਿਚ ਨਹੀਂ ਆਏ।15।

ਸਲੋਕੁ ॥ ਅਤਿ ਸੁੰਦਰ ਕੁਲੀਨ ਚਤੁਰ ਮੁਖਿ ਙਿਆਨੀ ਧਨਵੰਤ ॥ ਮਿਰਤਕ ਕਹੀਅਹਿ ਨਾਨਕਾ ਜਿਹ ਪ੍ਰੀਤਿ ਨਹੀ ਭਗਵੰਤ ॥੧॥ ਪਉੜੀ ॥ ਙੰਙਾ ਖਟੁ ਸਾਸਤ੍ਰ ਹੋਇ ਙਿਆਤਾ ॥ ਪੂਰਕੁ ਕੁੰਭਕ ਰੇਚਕ ਕਰਮਾਤਾ ॥ ਙਿਆਨ ਧਿਆਨ ਤੀਰਥ ਇਸਨਾਨੀ ॥ ਸੋਮਪਾਕ ਅਪਰਸ ਉਦਿਆਨੀ ॥ ਰਾਮ ਨਾਮ ਸੰਗਿ ਮਨਿ ਨਹੀ ਹੇਤਾ ॥ ਜੋ ਕਛੁ ਕੀਨੋ ਸੋਊ ਅਨੇਤਾ ॥ ਉਆ ਤੇ ਊਤਮੁ ਗਨਉ ਚੰਡਾਲਾ ॥ ਨਾਨਕ ਜਿਹ ਮਨਿ ਬਸਹਿ ਗੁਪਾਲਾ ॥੧੬॥ {ਪੰਨਾ 253}

ਪਦਅਰਥ:- ਮੁਖਿ—ਮੁਖੀ, ਮੰਨੇ-ਪਰਮੰਨੇ। ਮਿਰਤਕ—ਮੁਰਦੇ।1।

ਪਉੜੀ:- ਖਟੁ—ਛੇ। ਖਟੁ ਸਾਸਤ੍ਰ—ਸਾਂਖ, ਨਿਆਇ, ਵੈਸ਼ੇਸ਼ਿਕ, ਮੀਮਾਂਸਾ, ਯੋਗ, ਵੇਦਾਂਤ। (ਇਹਨਾਂ ਦੇ ਕਰਤਾ—ਕਪਲ, ਗੋਤਮ, ਕਣਾਦ, ਜੈਮਨੀ, ਪਤੰਜਲੀ, ਵਿਆਸ)। ਪੂਰਕੁ—ਪ੍ਰਾਣ ਉਤਾਂਹ ਚਾੜ੍ਹਨੇ। ਕੁੰਭਕ—ਪ੍ਰਾਣ ਰੋਕ ਰੱਖਣੇ। ਰੇਚਕ—ਪ੍ਰਾਣ ਬਾਹਰ ਕੱਢਣੇ। ਸੋਮ ਪਾਕ—{ÔvXz pwk} ਆਪਣੀ ਹੱਥੀਂ ਰੋਟੀ ਪਕਾਣ ਵਾਲਾ। ਅਪਰਸ—ਜੋ ਕਿਸੇ (ਸ਼ੂਦਰ ਆਦਿਕ ਨਾਲ) ਨਾਹ ਛੁਹੇ। ਅਨੇਤਾ—ਨਾਹ ਨਿੱਤ ਰਹਿਣ ਵਾਲਾ, ਵਿਅਰਥ। ਗਨਉ—ਗਨਉਂ, ਮੈਂ ਸਮਝਦਾ ਹਾਂ। 16।

ਅਰਥ:- ਜੇ ਕੋਈ ਬੜੇ ਸੁੰਦਰ, ਚੰਗੀ ਕੁਲ ਵਾਲੇ, ਸਿਆਣੇ, ਗਿਆਨਵਾਨ ਤੇ ਧਨਵਾਨ ਬੰਦੇ ਭੀ ਹੋਣ, ਪਰ, ਹੇ ਨਾਨਕ! ਜਿਨ੍ਹਾਂ ਦੇ ਅੰਦਰ ਭਗਵਾਨ ਦੀ ਪ੍ਰੀਤਿ ਨਹੀਂ ਹੈ, ਉਹ ਮੁਰਦੇ ਹੀ ਆਖੇ ਜਾਂਦੇ ਹਨ (ਭਾਵ, ਵਿਕਾਰਾਂ ਵਿਚ ਮਰੀ ਹੋਈ ਆਤਮਾ ਵਾਲੇ)।1।

ਪਉੜੀ:- ਕੋਈ ਮਨੁੱਖ ਛੇ ਸ਼ਾਸਤ੍ਰਾਂ ਦਾ ਜਾਣਨ ਵਾਲਾ ਹੋਵੇ, (ਪ੍ਰਾਣਾਯਾਮ ਦੇ ਅੱਭਿਆਸ ਵਿਚ) ਸੁਆਸ ਉਪਰ ਚਾੜ੍ਹਨ, ਰੋਕ ਰੱਖਣ ਅਤੇ ਹੇਠਾਂ ਉਤਾਰਨ ਦੇ ਕਰਮ ਕਰਦਾ ਹੋਵੇ, ਧਾਰਮਿਕ ਚਰਚਾ ਕਰਦਾ ਹੋਵੇ, ਸਮਾਧੀਆਂ ਲਾਂਦਾ ਹੋਵੇ, (ਸੁੱਚ ਦੀ ਖ਼ਾਤਰ) ਆਪਣੀ ਹੱਥੀਂ ਰੋਟੀ ਪਕਾਂਦਾ ਹੋਵੇ, ਜੰਗਲਾਂ ਵਿਚ ਰਹਿੰਦਾ ਹੋਵੇ, ਪਰ ਜੇ ਉਸ ਦੇ

ਮਨ ਵਿਚ ਪਰਮਾਤਮਾ ਦੇ ਨਾਮ ਨਾਲ ਪਿਆਰ ਨਹੀਂ, ਤਾਂ ਉਸ ਨੇ ਜੋ ਕੁਝ ਕੀਤਾ ਵਿਅਰਥ ਹੀ ਕੀਤਾ।

ਹੇ ਨਾਨਕ! (ਆਖ) ਜਿਸ ਮਨੁੱਖ ਦੇ ਮਨ ਵਿਚ ਪ੍ਰਭੂ ਜੀ ਨਹੀਂ ਵੱਸਦੇ, ਉਸ ਨਾਲੋਂ ਮੈਂ ਇਕ ਨੀਵੀਂ ਜਾਤਿ ਦੇ ਬੰਦੇ ਨੂੰ ਚੰਗਾ ਸਮਝਦਾ ਹਾਂ। 16।

ਸਲੋਕੁ ॥ ਕੁੰਟ ਚਾਰਿ ਦਹ ਦਿਸਿ ਭ੍ਰਮੇ ਕਰਮ ਕਿਰਤਿ ਕੀ ਰੇਖ ॥ ਸੂਖ ਦੂਖ ਮੁਕਤਿ ਜੋਨਿ ਨਾਨਕ ਲਿਖਿਓ ਲੇਖ ॥੧॥ ਪਵੜੀ ॥ ਕਕਾ ਕਾਰਨ ਕਰਤਾ ਸੋਊ ॥ ਲਿਖਿਓ ਲੇਖੁ ਨ ਮੇਟਤ ਕੋਊ ॥ ਨਹੀ ਹੋਤ ਕਛੁ ਦੋਊ ਬਾਰਾ ॥ ਕਰਨੈਹਾਰੁ ਨ ਭੂਲਨਹਾਰਾ ॥ ਕਾਹੂ ਪੰਥੁ ਦਿਖਾਰੈ ਆਪੈ ॥ ਕਾਹੂ ਉਦਿਆਨ ਭ੍ਰਮਤ ਪਛੁਤਾਪੈ ॥ ਆਪਨ ਖੇਲੁ ਆਪ ਹੀ ਕੀਨੋ ॥ ਜੋ ਜੋ ਦੀਨੋ ਸੁ ਨਾ ਨਕ ਲੀਨੋ ॥੧੭॥ {ਪੰਨਾ 253}

ਪਦਅਰਥ:- ਕੁੰਟ—ਕੂਟ, ਤਰਫ਼। ਦਹ ਦਿਸਿ—ਦਸ ਦਿਸ਼ਾਂ। ਰੇਖ—ਲੀਕ, ਸੰਸਕਾਰ। ਕਿਰਤਿ—ਕੀਤੇ ਹੋਏ। ਨੋਟ:- ਇਸ ਸਲੋਕ ਦੇ ਅਖ਼ੀਰ ਤੇ ਅੰਕ 2 ਦਾ ਭਾਵ ਇਹ ਹੈ ਕਿ ਅੱਖਰ 'ਕ' ਦੇ ਹੁਣ ਦੋ ਸਲੋਕ ਹੋ ਚੁਕੇ ਹਨ—ਪਉੜੀ ਨੰ: 8 ਅਤੇ 17 ਵਿਚ।1।2।

ਪਵੜੀ:- ਪੰਥੁ—(ਜ਼ਿੰਦਗੀ ਦਾ ਰਸਤਾ)। ਉਦਿਆਨ—ਜੰਗਲ।

ਅਰਥ:- ਹੇ ਨਾਨਕ! ਜੀਵ ਆਪਣੇ ਕੀਤੇ ਕਰਮਾਂ ਦੇ ਸੰਸਕਾਰਾਂ ਅਨੁਸਾਰ ਚਹੁੰ ਤਰਫ਼ਾਂ ਵਿਚ ਦਸਾਂ ਦਿਸ਼ਾਂ ਵਿਚ ਭਟਕਦੇ ਹਨ। ਲਿਖੇ ਲੇਖ ਅਨੁਸਾਰ ਹੀ ਸੁਖ ਦੁਖ ਮੁਕਤੀ ਜਾਂ ਜਨਮ ਮਰਨ ਦੇ ਗੇੜ ਮਿਲਦੇ ਹਨ।1।2।

ਪਵੜੀ:- ਕਰਤਾਰ ਆਪ ਹੀ (ਜਗਤ ਦੀ ਕਾਰ ਦਾ) ਸਬਬ ਬਣਾਣ ਵਾਲਾ ਹੈ। ਕੋਈ ਜੀਵ ਉਸ ਦੇ ਲਿਖੇ ਲੇਖ ਨੂੰ ਮਿਟਾ ਨਹੀਂ ਸਕਦਾ। ਸਿਰਜਣਹਾਰ ਭੁੱਲਣ ਵਾਲਾ ਨਹੀਂ ਹੈ, (ਜੇਹੜਾ ਭੀ ਕੰਮ ਉਹ ਕਰਦਾ ਹੈ ਉਸ ਵਿਚ ਗ਼ਲਤੀ ਨਹੀਂ ਰਹਿ ਜਾਂਦੀ, ਇਸ ਵਾਸਤੇ) ਕੋਈ ਕੰਮ ਉਸ ਨੂੰ ਦੂਜੀ ਵਾਰੀ (ਠੀਕ ਕਰ ਕੇ) ਨਹੀਂ ਕਰਨਾ ਪੈਂਦਾ।

ਕਿਸੇ ਜੀਵ ਨੂੰ ਆਪ ਹੀ (ਜ਼ਿੰਦਗੀ ਦਾ ਸਹੀ) ਰਸਤਾ ਵਿਖਾਂਦਾ ਹੈ, ਕਿਸੇ ਨੂੰ ਆਪ ਹੀ ਜੰਗਲ ਵਿਚ ਭਟਕਾ ਕੇ ਪਛੁਤਾਵੇ ਵਾਲੇ ਪਾਸੇ ਪਾਂਦਾ ਹੈ।

ਇਹ ਸਾਰਾ ਜਗਤ-ਖੇਲ ਪ੍ਰਭੂ ਨੇ ਆਪ ਹੀ ਬਣਾਇਆ ਹੈ। ਹੇ ਨਾਨਕ! ਜੋ ਕੁਝ ਉਹ ਜੀਵਾਂ ਨੂੰ ਦੇਂਦਾ ਹੈ, ਉਹੀ ਉਹਨਾਂ ਨੂੰ ਮਿਲਦਾ ਹੈ। 17।

ਸਲੋਕੁ ॥ ਖਾਤ ਖਰਚਤ ਬਿਲਛਤ ਰਹੇ ਟੂਟਿ ਨ ਜਾਹਿ ਭੰਡਾਰ ॥ ਹਰਿ ਹਰਿ ਜਪਤ ਅਨੇਕ ਜਨ ਨਾਨਕ ਨਾਹਿ ਸੁਮਾਰ ॥੧॥ ਪਉੜੀ ॥ ਖਖਾ ਖੂਨਾ ਕਛੁ ਨਹੀ ਤਿਸੁ ਸੰਮ੍ਰਥ ਕੈ ਪਾਹਿ ॥ ਜੋ ਦੇਨਾ ਸੋਦੇ ਰਹਿਓ ਭਾਵੈ ਤਹ ਤਹ ਜਾਹਿ ॥ ਖਰਚੁ ਖਜਾਨਾ ਨਾਮ ਧਨੁ ਇਆ ਭਗਤਨ ਕੀ ਰਾਸਿ ॥ ਖਿਮਾ ਗਰੀਬੀ ਅਨਦ ਸਹਜ ਜਪਤ ਰਹਹਿ ਗੁਣਤਾਸ ॥ ਖੇਲਹਿ ਬਿਗਸਹਿ ਅਨਦ ਸਿਉ ਜਾ ਕਉ ਹੋਤ ਕ੍ਰਿਪਾਲ ॥ ਸਦੀਵ ਗਨੀਵ ਸੁਹਾਵਨੇ ਰਾਮ ਨਾਮ ਗ੍ਰਿਹਿ ਮਾਲ ॥ ਖੇਦੁ ਨ ਦੂਖੁ ਨ ਡਾਨੁ ਤਿਹ ਜਾ ਕਉ ਨਦਰਿ ਕਰੀ ॥ ਨਾਨਕ ਜੋ ਪ੍ਰਭ ਭਾਣਿਆ ਪੂਰੀ ਤਿਨਾ ਪਰੀ ॥੧੮॥ {ਪੰਨਾ 253}

ਪਦਅਰਥ:- ਬਿਲਛਤ—{ivlisq} ਆਤਮਕ ਆਨੰਦ ਮਾਣਦੇ।1।

ਪਉੜੀ:- ਖੂਨਾ—ਘਾਟ, ਕਮੀ। ਪਾਹਿ—ਪਾਸ। ਭਾਵੈ—ਜਿਵੇਂ ਪ੍ਰਭੂ ਨੂੰ ਭਾਉਂਦਾ ਹੈ। ਤਹ ਤਹ—ਉਥੇ ਉਥੇ। ਭਾਵੈ...ਜਾਹਿ—(ਭਗਤ ਜਨ) ਉਸ ਦੀ ਰਜ਼ਾ ਵਿਚ ਤੁਰਦੇ ਹਨ। ਸਹਜ—ਅਡੋਲਤਾ। ਗੁਣਤਾਸ—ਗੁਣਾਂ ਦਾ ਖ਼ਜ਼ਾਨਾ ਪਰਮਾਤਮਾ। ਬਿਗਸਹਿ—ਖਿੜੇ ਰਹਿੰਦੇ ਹਨ। ਗਨੀਵ—ਧਨਾਢ, ਗ਼ਨੀ। ਗ੍ਰਿਹਿ—ਹਿਰਦੇ-ਘਰ ਵਿਚ।

ਖੇਦੁ—ਕਲੇਸ਼। ਡਾਨੁ—ਡੰਨ। 18।

ਅਰਥ:- ਹੇ ਨਾਨਕ! ਅਨੇਕਾਂ ਜੀਵ, ਜਿਨ੍ਹਾਂ ਦੀ ਗਿਣਤੀ ਨਹੀਂ ਕੀਤੀ ਜਾ ਸਕਦੀ, ਪਰਮਾਤਮਾ ਦਾ ਨਾਮ ਜਪਦੇ ਹਨ (ਉਹਨਾਂ ਪਾਸ ਸਿਫ਼ਤਿ-ਸਾਲਾਹ ਦੇ ਇਤਨੇ ਖ਼ਜ਼ਾਨੇ ਇਕੱਠੇ ਹੋ ਜਾਂਦੇ ਹਨ ਕਿ) ਉਹ ਉਹਨਾਂ ਖ਼ਜ਼ਾਨਿਆਂ ਨੂੰ ਖਾਂਦੇ ਖ਼ਰਚਦੇ ਮਾਣਦੇ ਹਨ, ਪਰ ਉਹ ਕਦੇ ਮੁੱਕਦੇ ਨਹੀਂ ਹਨ।1।

ਪਉੜੀ:- ਪ੍ਰਭੂ ਸਭ ਤਾਕਤਾਂ ਦਾ ਮਾਲਕ ਹੈ, ਉਸ ਦੇ ਪਾਸ ਕਿਸੇ ਚੀਜ਼ ਦੀ ਕਮੀ ਨਹੀਂ। ਉਸ ਦੇ ਭਗਤ ਜਨ ਉਸ ਦੀ ਰਜ਼ਾ ਵਿਚ ਤੁਰਦੇ ਹਨ, ਉਹਨਾਂ ਨੂੰ ਉਹ ਸਭ ਕੁਝ ਦੇਂਦਾ ਹੈ। ਪ੍ਰਭੂ ਦਾ ਨਾਮ-ਧਨ ਭਗਤਾਂ ਦੀ ਰਾਸਿ-ਪੂੰਜੀ ਹੈ, ਇਸੇ ਖ਼ਜ਼ਾਨੇ ਨੂੰ ਉਹ ਸਦਾ ਵਰਤਦੇ ਹਨ। ਉਹ ਸਦਾ ਗੁਣਾਂ ਦੇ ਖ਼ਜ਼ਾਨੇ-ਪ੍ਰਭੂ ਨੂੰ ਸਿਮਰਦੇ ਹਨ ਤੇ ਉਹਨਾਂ ਦੇ ਅੰਦਰ ਖਿਮਾ ਨਿੰਮ੍ਰਤਾ, ਆਤਮਕ ਆਨੰਦ ਤੇ ਅਡੋਲਤਾ (ਆਦਿਕ ਗੁਣ ਪਲਰਦੇ ਹਨ)।

ਜਿਨ੍ਹਾਂ ਉਤੇ ਕਿਰਪਾ ਕਰਦਾ ਹੈ, ਉਹ ਆਤਮਕ ਆਨੰਦ ਨਾਲ ਜੀਵਨ ਦੀ ਖੇਡ ਖੇਡਦੇ ਹਨ ਤੇ ਸਦਾ ਖਿੜੇ ਰਹਿੰਦੇ ਹਨ। ਉਹ ਸਦਾ ਹੀ ਧਨਾਢ ਹਨ, ਉਹਨਾਂ ਦੇ ਮੱਥੇ ਚਮਕਦੇ ਹਨ, ਕਿਉਂਕਿ ਉਹਨਾਂ ਦੇ ਹਿਰਦੇ-ਘਰ ਵਿਚ ਬੇਅੰਤ ਨਾਮ-ਧਨ ਹੈ।

ਜਿਨ੍ਹਾਂ ਉਤੇ ਪ੍ਰਭੂ ਮਿਹਰ ਦੀ ਨਜ਼ਰ ਕਰਦਾ ਹੈ, ਉਹਨਾਂ ਦੀ ਆਤਮਾ ਨੂੰ ਕੋਈ ਕਲੇਸ਼ ਨਹੀਂ, ਕੋਈ ਦੁੱਖ ਨਹੀਂ (ਜੀਵਨ-ਵਣਜ ਵਿਚ ਉਹਨਾਂ ਨੂੰ ਕੋਈ ਜ਼ਿੰਮੇਵਾਰੀ) ਚੱਟੀ ਨਹੀਂ ਜਾਪਦੀ। ਹੇ ਨਾਨਕ! ਜੇਹੜੇ ਮਨੁੱਖ ਪ੍ਰਭੂ ਨੂੰ ਚੰਗੇ ਲਗਦੇ ਹਨ, (ਜੀਵਨ-ਵਣਜ ਵਿਚ) ਉਹ ਕਾਮਯਾਬ ਹੋ ਜਾਂਦੇ ਹਨ। 18।

ਸਲੋਕੁ ॥ ਗਨਿ ਮਿਨਿ ਦੇਖਹੁ ਮਨੈ ਮਾਹਿ ਸਰਪਰ ਚਲਨੋ ਲੋਗ ॥ ਆਸ ਅਨਿਤ ਗੁਰਮੁਖਿ ਮਿਟੈ ਨਾਨਕ ਨਾਮ ਅਰੋਗ ॥੧॥ ਪਉੜੀ ॥ ਗਗਾ ਗੋਬਿਦ ਗੁਣ ਰਵਹੁ ਸਾਸਿ ਸਾਸਿ ਜਪਿ ਨੀਤ ॥ ਕਹਾ ਬਿਸਾਸਾ ਦੇਹ ਕਾ ਬਿਲਮ ਨ ਕਰਿਹੋ ਮੀਤ ॥ ਨਹ ਬਾਰਿਕ ਨਹ ਜੋਬਨੈ ਨਹ ਬਿਰਧੀ ਕਛੁ ਬੰਧੁ ॥ ਓਹ ਬੇਰਾ ਨਹ ਬੂਝੀਐ ਜਉ ਆਇ ਪਰੈ ਜਮ ਫੰਧੁ ॥ ਗਿਆਨੀ ਧਿਆਨੀ ਚਤੁਰ ਪੇਖਿ ਰਹਨੁ ਨਹੀ ਇਹ ਠਾਇ ॥ ਛਾਡਿ ਛਾਡਿ ਸਗਲੀ ਗਈ ਮੂੜ ਤਹਾ ਲਪਟਾਹਿ ॥ ਗੁਰ ਪ੍ਰਸਾਦਿ ਸਿਮਰਤ ਰਹੈ ਜਾਹੂ ਮਸਤਕਿ ਭਾਗ ॥ ਨਾਨਕ ਆਏ ਸਫਲ ਤੇ ਜਾ ਕਉ ਪ੍ਰਿਅਹਿ ਸੁਹਾਗ ॥੧੯॥ {ਪੰਨਾ 254}

ਪਦਅਰਥ:- ਗਨਿ ਮਿਨਿ—ਗਿਣ ਕੇ, ਮਿਣ ਕੇ। ਸਰਪਰ—ਜ਼ਰੂਰ। ਅਨਿਤ ਆਸ—ਨਿੱਤ ਨਾਹ ਰਹਿਣ ਵਾਲੇ ਪਦਾਰਥਾਂ ਦੀ ਆਸ।1।

ਪਉੜੀ:- ਰਵਹੁ—ਚੇਤੇ ਕਰੋ। ਨੀਤ—ਨਿੱਤ। ਸਾਸਿ ਸਾਸਿ—ਹਰੇਕ ਸਾਹ ਦੇ ਨਾਲ। ਬਿਸਾਸਾ—ਵਿਸਾਹ, ਇਤਬਾਰ। ਬਿਲਮ—ਢਿੱਲ। ਬੰਧੁ—ਰੁਕਾਵਟ। ਬੇਰਾ—ਵੇਲਾ। ਫੰਧੁ—ਫਾਹੀ, ਰੱਸਾ। ਪੇਖਿ—ਵੇਖ। ਲਪਟਾਹਿ—ਚੰਬੜਦੇ ਹਨ। ਜਾਹੂ ਮਸਤਕਿ—ਜਿਸ ਦੇ ਮੱਥੇ ਉਤੇ। ਪ੍ਰਿਅਹਿ—ਪਿਆਰੇ ਦਾ। 19।

ਅਰਥ:- (ਹੇ ਭਾਈ!) ਮਨ ਵਿਚ ਚੰਗੀ ਤਰ੍ਹਾਂ ਵਿਚਾਰ ਕੇ ਵੇਖ ਲਵੋ, ਸਾਰਾ ਜਗਤ ਜ਼ਰੂਰ (ਆਪੋ ਆਪਣੀ ਵਾਰੀ ਇਥੋਂ) ਤੁਰ ਜਾਇਗਾ (ਫਿਰ ਨਾਸਵੰਤ ਦੀਆਂ ਆਸਾਂ ਕਿਉਂ?) ਹੇ ਨਾਨਕ! ਪ੍ਰਭੂ ਦਾ ਨਾਮ ਮਨੁੱਖ ਦੇ ਮਨ ਨੂੰ (ਆਸਾਂ ਆਦਿਕ ਦੇ) ਰੋਗ ਤੋਂ ਬਚਾ ਲੈਂਦਾ ਹੈ, ਗੁਰੂ ਦੀ ਸਰਨ ਪਿਆਂ ਨਾਸ-ਵੰਤ ਪਦਾਰਥਾਂ ਦੀ ਆਸ ਮਿਟ ਜਾਂਦੀ ਹੈ।1।

ਪਉੜੀ:- (ਹੇ ਮਿੱਤਰ!) ਸੁਆਸ ਸੁਆਸ ਸਦਾ ਗੋਬਿੰਦ ਦਾ ਨਾਮ ਜਪੋ, ਪ੍ਰਭੂ ਦੇ ਗੁਣ ਚੇਤੇ ਕਰਦੇ ਰਹੋ, (ਵੇਖਣਾ) ਢਿੱਲ ਨ ਕਰਨੀ, ਇਸ ਸਰੀਰ ਦਾ ਕੋਈ ਭਰਵਾਸਾ ਨਹੀਂ। ਬਾਲਪਨ ਹੋਵੇ, ਜੁਆਨੀ ਹੋਵੇ ਬੁਢੇਪਾ ਹੋਵੇ (ਮੌਤ ਨੂੰ ਆਉਣ ਤੋਂ ਕਿਸੇ ਵੇਲੇ ਭੀ) ਕੋਈ ਰੁਕਾਵਟ ਨਹੀਂ ਹੈ। ਉਸ ਵੇਲੇ ਦਾ ਪਤਾ ਨਹੀਂ ਲੱਗ ਸਕਦਾ, ਜਦੋਂ ਜਮ ਦਾ ਰੱਸਾ (ਗਲ ਵਿਚ) ਆ ਪੈਂਦਾ ਹੈ। ਵੇਖੋ! ਗਿਆਨਵਾਨ ਹੋਣ, ਸੁਰਤਿ ਜੋੜਨ ਵਾਲੇ ਹੋਣ, ਸਿਆਣੇ ਹੋਣ, ਕਿਸੇ ਨੇ ਭੀ ਇਸ ਥਾਂ ਸਦਾ ਟਿਕੇ ਨਹੀਂ ਰਹਿਣਾ। ਮੂਰਖ ਹੀ ਉਹਨਾਂ ਪਦਾਰਥਾਂ ਨੂੰ ਜੱਫਾ ਮਾਰਦੇ ਹਨ ਜਿਨ੍ਹਾਂ ਨੂੰ (ਆਪੋ ਆਪਣੀ ਵਾਰੀ)

ਸਾਰੀ ਲੋਕਾਈ ਛੱਡ ਗਈ।

ਜਿਸ ਮਨੁੱਖ ਦੇ ਮੱਥੇ ਉਤੇ ਭਾਗਾਂ ਦਾ ਲੇਖ ਉੱਘੜੇ, ਉਹ ਗੁਰੂ ਦੀ ਕਿਰਪਾ ਨਾਲ ਸਦਾ ਪ੍ਰਭੂ ਦਾ ਨਾਮ ਸਿਮਰਦਾ ਰਹਿੰਦਾ ਹੈ। ਹੇ ਨਾਨਕ! ਜਿਨ੍ਹਾਂ ਨੂੰ ਪਿਆਰੇ ਪ੍ਰਭੂ ਦਾ ਸੁਹਾਗ (ਖਸਮਾਨਾ) ਨਸੀਬ ਹੈ, ਉਹਨਾਂ ਦਾ ਹੀ ਜਗਤ ਵਿਚ ਆਉਣਾ ਮੁਬਾਰਿਕ ਹੈ। 19।

ਸਲੋਕੁ ॥ ਘੋਖੇ ਸਾਸਤ੍ਰ ਬੇਦ ਸਭ ਆਨ ਨ ਕਥਤਉ ਕੋਇ ॥ ਆਦਿ ਜੁਗਾਦੀ ਹੁਣਿ ਹੋਵਤ ਨਾਨਕ ਏਕੈ ਸੋਇ ॥੧॥ ਪਉੜੀ ॥ ਘਘਾ ਘਾਲਹੁ ਮਨਹਿ ਏਹ ਬਿਨੁ ਹਰਿ ਦੂਸਰ ਨਾਹਿ ॥ ਨਹ ਹੋਆ ਨਹ ਹੋਵਨਾ ਜਤ ਕਤ ਓਹੀ ਸਮਾਹਿ ॥ ਘੂਲਹਿ ਤਉ ਮਨ ਜਉ ਆਵਹਿ ਸਰਨਾ ॥ ਨਾਮ ਤਤੁ ਕਲਿ ਮਹਿ ਪੁਨਹਚਰਨਾ ॥ ਘਾਲਿ ਘਾਲਿ ਅਨਿਕ ਪਛੁਤਾਵਹਿ ॥ ਬਿਨੁ ਹਰਿ ਭਗਤਿ ਕਹਾ ਥਿਤਿ ਪਾਵਹਿ ॥ ਘੋਲਿ ਮਹਾ ਰਸੁ ਅੰਮ੍ਰਿਤੁ ਤਿਹ ਪੀਆ ॥ ਨਾਨਕ ਹਰਿ ਗੁਰਿ ਜਾ ਕਉ ਦੀਆ ॥੨੦॥ {ਪੰਨਾ 254}

ਪਦਅਰਥ:- ਘੋਖੇ—ਗਹੁ ਨਾਲ ਪੜ੍ਹ ਵੇਖੇ ਹਨ। ਆਨ—ਕੋਈ ਹੋਰ। ਜੁਗਾਦੀ—ਜੁਗਾਂ ਦੇ ਆਦਿ ਤੋਂ। ਹੋਵਤ—ਅਗਾਂਹ ਨੂੰ ਭੀ ਕਾਇਮ ਰਹਿਣ ਵਾਲਾ।1।

ਪਉੜੀ:- ਘਾਲਹੁ—ਦ੍ਰਿੜ੍ਹ ਕਰੋ। ਮਨਹਿ—ਮਨ ਵਿਚ। ਜਤ ਕਤ—ਹਰ ਥਾਂ। ਘੂਲਹਿ—ਭਿੱਜੇਂਗਾ, ਰਸ ਮਾਣੇਂਗਾ। ਮਨ—ਹੇ ਮਨ! ਕਲਿ ਮਹਿ—ਮਨੁੱਖਾ ਜੀਵਨ ਵਿਚ {ਨੋਟ:- ਕਿਸੇ ਖ਼ਾਸ ਜੁਗ ਬਾਰੇ ਇਥੇ ਜ਼ਿਕਰ ਨਹੀਂ ਚੱਲ ਰਿਹਾ}। ਪੁਨਹ ਚਰਨਾ—{ਪੁਨਹ—ਮੁੜ, ਦੂਜੀ ਵਾਰ। ਚਰਨ—ਆਚਰਨ, ਕਰਮ} ਕਿਸੇ ਪਾਪ-ਕਰਮ ਦਾ ਅਸਰ ਮਿਟਾਣ ਲਈ ਕੀਤੇ ਕਰਮ, ਪਛਤਾਵੇ ਵਜੋਂ ਕੀਤੇ ਕਰਮ। ਥਿਤਿ—ਆਤਮਕ ਟਿਕਾਉ, ਸ਼ਾਂਤੀ। ਗੁਰਿ—ਗੁਰੂ ਨੇ। 20।

ਅਰਥ:- ਸਾਰੇ ਵੇਦ ਸ਼ਾਸਤ੍ਰ ਵਿਚਾਰ ਵੇਖੇ ਹਨ, ਇਹਨਾਂ ਵਿਚੋਂ ਕੋਈ ਭੀ ਇਹ ਨਹੀਂ ਆਖਦਾ ਕਿ ਪਰਮਾਤਮਾ ਤੋਂ ਬਿਨਾ ਕੋਈ ਹੋਰ ਭੀ ਸਦਾ-ਥਿਰ ਰਹਿਣ ਵਾਲਾ ਹੈ। ਹੇ ਨਾਨਕ! ਇਕ ਪਰਮਾਤਮਾ ਹੀ ਹੈ ਜੋ ਜਗਤ ਦੇ ਸ਼ੁਰੂ ਤੋਂ ਹੈ, ਜੁਗਾਂ ਦੇ ਸ਼ੁਰੂ ਤੋਂ ਹੈ, ਹੁਣ ਭੀ ਹੈ ਤੇ ਅਗਾਂਹ ਨੂੰ ਭੀ ਰਹੇਗਾ।1।

ਪਉੜੀ:- (ਹੇ ਭਾਈ!) ਆਪਣੇ ਮਨ ਵਿਚ ਪੱਕ ਕਰ ਲਵੋ ਕਿ ਪ੍ਰਭੂ ਤੋਂ ਬਿਨਾ ਕੋਈ ਹੋਰ ਸਦਾ-ਥਿਰ ਨਹੀਂ ਹੈ, ਨਾਹ ਕੋਈ ਹੁਣ ਤਕ ਹੋਇਆ ਨਾਹ ਹੋਵੇਗਾ। ਹਰ ਥਾਂ ਉਹ ਪ੍ਰਭੂ ਹੀ ਮੌਜੂਦ ਹੈ।

ਹੇ ਮਨ! ਜੇ ਤੂੰ ਉਸ ਸਦਾ-ਥਿਰ ਹਰੀ ਦੀ ਸਰਨ ਪਏਂ, ਤਾਂ ਹੀ ਰਸ ਮਾਣੇਂਗਾ। ਇਸ ਮਨੁੱਖਾ ਜਨਮ ਵਿਚ ਇਕ ਪ੍ਰਭੂ ਦਾ ਨਾਮ ਹੀ ਹੈ ਜੋ ਕੀਤੇ ਵਿਕਾਰਾਂ ਦਾ ਪ੍ਰਭਾਵ ਮਿਟਾ ਸਕਦਾ ਹੈ। ਪਰਮਾਤਮਾ ਦੀ ਭਗਤੀ ਤੋਂ ਬਿਨਾ ਹੋਰ ਕਿਤੇ ਭੀ ਮਨ ਨੂੰ ਸ਼ਾਂਤੀ ਨਹੀਂ ਮਿਲਦੀ। ਅਨੇਕਾਂ ਹੀ ਬੰਦੇ (ਹਰੀ-ਸਿਮਰਨ ਤੋਂ ਬਿਨਾ) ਹੋਰ ਹੋਰ ਘਾਲਣਾ ਘਾਲ ਕੇ ਆਖ਼ਰ ਪਛੁਤਾਂਦੇ ਹੀ ਹਨ।

ਹੇ ਨਾਨਕ! ਗੁਰੂ ਨੇ ਜਿਸ ਨੂੰ ਹਰੀ-ਨਾਮ ਦੀ ਦਾਤਿ ਦੇ ਦਿੱਤੀ, ਉਸ ਨੇ ਮਹਾ ਰਸ ਵਾਲਾ (ਅਤਿ ਸੁਆਦਲਾ) ਨਾਮ ਅੰਮ੍ਰਿਤ ਘੋਲ ਕੇ ਪੀ ਲਿਆ (ਭਾਵ, ਉਸ ਨੇ ਬੜੇ ਪ੍ਰੇਮ ਨਾਲ ਨਾਮ ਜਪਿਆ ਜਿਸ ਵਿਚੋਂ ਅਜੇਹਾ ਸੁਆਦ ਆਇਆ ਜਿਵੇਂ ਕਿਸੇ ਅੱਤ ਮਿੱਠੇ ਸ਼ਰਬਤ ਆਦਿਕ ਵਿਚੋਂ)। 20।

ਸਲੋਕੁ ॥ ਙਣਿ ਘਾਲੇ ਸਭ ਦਿਵਸ ਸਾਸ ਨਹ ਬਢਨ ਘਟਨ ਤਿਲੁ ਸਾਰ ॥ ਜੀਵਨ ਲੋਰਹਿ ਭਰਮ ਮੋਹ ਨਾਨਕ ਤੇਊ ਗਵਾਰ ॥੧॥ ਪਉੜੀ ॥ ਙੰਙਾ ਙ੍ਰਾਸੈ ਕਾਲੁ ਤਿਹ ਜੋ ਸਾਕਤ ਪ੍ਰਭਿ ਕੀਨ ॥ ਅਨਿਕ ਜੋਨਿ ਜਨਮਹਿ ਮਰਹਿ ਆਤਮ ਰਾਮੁ ਨ ਚੀਨ ॥ ਙਿਆਨ ਧਿਆਨ ਤਾਹੂ ਕਉ ਆਏ ॥ ਕਰਿ ਕਿਰਪਾ ਜਿਹ

ਆਪਿ ਦਿਵਾਏ ॥ ਙਣਤੀ ਙਣੀ ਨਹੀ ਕੋਊ ਛੂਟੈ ॥ ਕਾਚੀ ਗਾਗਰਿ ਸਰਪਰ ਫੂਟੈ ॥ ਸੋ ਜੀਵਤ ਜਿਹ ਜੀਵਤ ਜਪਿਆ ॥ ਪ੍ਰਗਟ ਭਏ ਨਾਨਕ ਨਹ ਛਪਿਆ ॥੨੧॥ {ਪੰਨਾ 254}

ਪਦਅਰਥ:- ਙਨਿ—ਗਿਣ ਕੇ। ਘਾਲੇ—ਭੇਜਦਾ ਹੈ। ਦਿਵਸ—ਦਿਨ। ਤਿਲੁ ਸਾਰ—ਤਿਲ ਜਿਤਨਾ ਭੀ। ਲੋਰਹਿ—ਲੋੜਦੇ ਹਨ।1।

ਪਉੜੀ:- ਙ੍ਰਾਸੈ—ਗ੍ਰਸਦਾ ਹੈ। ਸਾਕਤ—ਮਾਇਆ-ਗ੍ਰਸੇ, ਰੱਬ ਨਾਲੋਂ ਟੁੱਟੇ ਹੋਏ। ਪ੍ਰਭਿ—ਪ੍ਰਭੂ ਨੇ। ਚੀਨ—ਪਛਾਣਿਆ। ਙਣਤੀ ਙਣੀ—ਗਿਣਤੀ ਗਿਣਿਆਂ, ਸੋਚਾਂ ਸੋਚਿਆਂ। ਸਰਪਰ—ਜ਼ਰੂਰ। 21।

ਅਰਥ:- (ਜੀਵ ਦੀ ਉਮਰ ਦੇ) ਸਾਰੇ ਦਿਨ ਸੁਆਸ ਗਿਣ ਕੇ ਹੀ (ਜੀਵ ਨੂੰ ਜਗਤ ਵਿਚ) ਭੇਜਦਾ ਹੈ, (ਉਸ ਗਿਣਤੀ ਨਾਲੋਂ) ਇਕ ਤਿਲ ਜਿਤਨਾ ਭੀ ਵਧਾ ਘਟਾ ਨਹੀਂ ਹੁੰਦਾ। ਹੇ ਨਾਨਕ! ਉਹ ਬੰਦੇ ਮੂਰਖ ਹਨ ਜੋ ਮੋਹ ਦੀ ਭਟਕਣਾ ਵਿਚ ਪੈ ਕੇ (ਪ੍ਰਭੂ ਵਲੋਂ ਮਿਲੀ ਉਮਰ ਨਾਲੋਂ ਵਧੀਕ) ਜੀਊਣਾ ਲੋੜਦੇ ਹਨ।1।

ਪਉੜੀ:- ਮੌਤ ਦਾ ਡਰ ਉਹਨਾਂ ਬੰਦਿਆਂ ਨੂੰ ਗ੍ਰਸਦਾ ਹੈ ਜਿਨ੍ਹਾਂ ਨੂੰ ਪ੍ਰਭੂ ਨੇ ਆਪਣੇ ਨਾਲੋਂ ਵਿਛੋੜ ਦਿੱਤਾ ਹੈ, ਉਹਨਾਂ ਨੇ ਵਿਆਪਕ ਪ੍ਰਭੂ ਨੂੰ ਨਾਹ ਪਛਾਣਿਆ, ਤੇ ਉਹ ਅਨੇਕਾਂ ਜੂਨਾਂ ਵਿਚ ਜੰਮਦੇ ਮਰਦੇ ਰਹਿੰਦੇ ਹਨ।

(ਮੌਤ ਦਾ ਸਹਮ ਲਾਹ ਕੇ) ਪ੍ਰਭੂ ਨਾਲ ਸਾਂਝ ਉਹਨਾਂ ਨੇ ਹੀ ਪਾਈ, ਪ੍ਰਭੂ ਵਿਚ ਸੁਰਤਿ ਉਹਨਾਂ ਨੇ ਹੀ ਜੋੜੀ ਜਿਨ੍ਹਾਂ ਨੂੰ ਪ੍ਰਭੂ ਨੇ ਮਿਹਰ ਕਰ ਕੇ ਇਹ ਦਾਤਿ ਦਿੱਤੀ।

(ਇਹ ਸਰੀਰ) ਕੱਚਾ ਘੜਾ ਹੈ ਇਸ ਨੇ ਜ਼ਰੂਰ ਟੁੱਟਣਾ ਹੈ, ਸੋਚਾਂ ਸੋਚਿਆਂ (ਭੀ ਇਸ ਹੋਣੀ ਤੋਂ) ਕੋਈ ਬੰਦਾ ਬਚ ਨਹੀਂ ਸਕਦਾ।

(ਪਰ) ਹੇ ਨਾਨਕ! (ਕੋਈ ਲੰਮੀ ਉਮਰ ਜੀਊ ਗਿਆ, ਕੋਈ ਥੋੜੀ) ਉਸੇ ਨੂੰ ਹੀ ਜੀਊਂਦਾ ਸਮਝੋ ਜਿਸ ਨੇ ਜੀਊਂਦੇ ਪਰਮਾਤਮਾ ਦਾ ਸਿਮਰਨ ਕੀਤਾ ਹੈ, ਸਿਮਰਨ ਕਰਨ ਵਾਲਾ ਮਨੁੱਖ ਲੁਕਿਆ ਨਹੀਂ ਰਹਿੰਦਾ, ਜਗਤ ਵਿਚ ਨਾਮਣਾ ਭੀ ਖੱਟਦਾ ਹੈ। 21।3।

ਨੋਟ:- ਅੰਕ 3 ਦਾ ਭਾਵ ਇਹ ਹੈ ਕਿ ਅੱਖਰ 'ਙ' ਦੀਆਂ 3 ਪਉੜੀਆਂ ਆ ਚੁਕੀਆਂ ਹਨ।

ਸਲੋਕੁ ॥ ਚਿਤਿ ਚਿਤਵਉ ਚਰਣਾਰਬਿੰਦ ਊਧ ਕਵਲ ਬਿਗਸਾਂਤ ॥ ਪ੍ਰਗਟ ਭਏ ਆਪਹਿ ਗੋੁਬਿੰਦ ਨਾਨਕ ਸੰਤ ਮਤਾਂਤ ॥੧॥ ਪਉੜੀ ॥ ਚਚਾ ਚਰਨ ਕਮਲ ਗੁਰ ਲਾਗਾ ॥ ਧਨਿ ਧਨਿ ਉਆ ਦਿਨ ਸੰਜੋਗ ਸਭਾਗਾ ॥ ਚਾਰਿ ਕੁੰਟ ਦਹ ਦਿਸਿ ਭ੍ਰਮਿ ਆਇਓ ॥ ਭਈ ਕ੍ਰਿਪਾ ਤਬ ਦਰਸਨੁ ਪਾਇਓ ॥ ਚਾਰ ਬਿਚਾਰ ਬਿਨਸਿਓ ਸਭ ਦੂਆ ॥ ਸਾਧਸੰਗਿ ਮਨੁ ਨਿਰਮਲ ਹੂਆ ॥ ਚਿੰਤ ਬਿਸਾਰੀ ਏਕ ਦ੍ਰਿਸਟੇਤਾ ॥ ਨਾਨਕ ਗਿਆਨ ਅੰਜਨੁ ਜਿਹ ਨੇਤ੍ਰਾ ॥੨੨॥ {ਪੰਨਾ 254}

ਪਦਅਰਥ:- ਚਿਤਿ—ਚਿਤ ਵਿਚ। ਚਿਤਵਉ—ਚਿਤਵਉਂ, ਮੈਂ ਚਿਤਵਦਾ ਹਾਂ। ਚਰਣਾਰਬਿੰਦ—ਚਰਣ ਅਰਬਿੰਦ, ਚਰਨ ਕਮਲ, ਸੋਹਣੇ ਚਰਨ। ਊਧ—ਉਲਟਿਆ ਹੋਇਆ, ਮਾਇਆ ਵਲ ਪਰਤਿਆ ਹੋਇਆ। ਆਪਹਿ—ਆਪ ਹੀ। ਗੋੁਬਿੰਦ—{ਨੋਟ:- ਅਖਰ 'ਗ' ਦੇ ਨਾਲ ਦੋ ਲਗਾਂ ਹਨ— ੋ, ੁ। ਅਸਲ ਲਫ਼ਜ਼ 'ਗੋਬਿੰਦ' ਹੈ, ਇਥੇ 'ਗੁਬਿੰਦ' ਪੜ੍ਹਨਾ ਹੈ}।

ਪਉੜੀ:- ਉਆ ਦਿਨ—ਉਹ ਦਿਹਾੜੇ। ਚਾਰ—ਸੁੰਦਰ। ਬਿਚਾਰ—ਵਿਚਾਰਾਂ। ਦੂਆ—ਦੂਜਾ ਭਾਵ, ਮਾਇਆ ਦਾ ਪਿਆਰ। ਦ੍ਰਿਸਟੇਤਾ—ਦਰਸਨ ਕੀਤਾ। ਅੰਜਨੁ—ਸੁਰਮਾ। ਜਿਹ—ਜਿਸ ਦੀਆਂ। 22।

ਅਰਥ:- (ਮੈਂ ਤਾਂ ਆਪਣੇ) ਚਿਤ ਵਿਚ ਪ੍ਰਭੂ ਦੇ ਸੋਹਣੇ ਚਰਨ ਟਿਕਾਂਦਾ ਹਾਂ (ਜੋ ਜੀਵ ਇਹ ਕੰਮ ਕਰਦਾ ਹੈ ਉਸ ਦਾ ਮਾਇਆ ਵਾਲੇ ਪਾਸੇ) ਉਲਟਿਆ ਮਨ ਕੌਲ ਫੁੱਲ ਵਾਂਗ ਖਿੜ ਪੈਂਦਾ ਹੈ। ਹੇ ਨਾਨਕ! ਗੁਰੂ ਦੀ ਸਿੱਖਿਆ ਨਾਲ

ਗੋਬਿੰਦ ਆਪ ਹੀ ਉਸ ਹਿਰਦੇ ਵਿਚ ਆ ਪਰਗਟਦਾ ਹੈ।1।

ਪਉੜੀ:- ਉਹ ਦਿਨ ਭਾਗਾਂ ਵਾਲੇ, ਉਹ ਸਮਾ ਭਾਗਾਂ ਵਾਲਾ ਸਮਝੋ ਜਦੋਂ (ਕਿਸੇ ਜੀਵ ਦਾ ਮੱਥਾ) ਗੁਰੂ ਦੇ ਸੋਹਣੇ ਚਰਨਾਂ ਤੇ ਲੱਗੇ। (ਪ੍ਰਭੂ ਦੀ ਦੀਦਾਰ ਦੀ ਖ਼ਾਤਰ, ਜੀਵ) ਚੌਹੀਂ ਤਰਫ਼ੀਂ ਦਸੀਂ ਪਾਸੀਂ ਭੀ ਭਟਕ ਆਵੇ (ਤਦ ਭੀ ਸਫਲਤਾ ਨਹੀਂ ਹੁੰਦੀ) ਦੀਦਾਰ ਤਦੋਂ ਹੀ ਹੁੰਦਾ ਹੈ, ਜਦੋਂ ਉਸ ਦੀ ਮਿਹਰ ਹੋਵੇ (ਤੇ ਮਿਹਰ ਹੋਇਆਂ ਗੁਰੂ ਦੀ ਸੰਗਤਿ ਮਿਲਦੀ ਹੈ)।

ਗੁਰੂ ਦੀ ਸੰਗਤਿ ਵਿਚ ਮਨ ਪਵਿਤ੍ਰ ਹੋ ਜਾਂਦਾ ਹੈ, ਵਿਚਾਰ ਸੁਅੱਛ ਹੋ ਜਾਂਦੇ ਹਨ, ਮਾਇਆ ਦਾ ਪਿਆਰ ਸਾਰਾ ਹੀ ਮੁੱਕ ਜਾਂਦਾ ਹੈ।

ਹੇ ਨਾਨਕ! (ਗੁਰੂ ਦੀ ਬਖ਼ਸ਼ੀ) ਸੂਝ ਦਾ ਸੁਰਮਾ ਜਿਸ ਦੀਆਂ ਅੱਖਾਂ ਵਿਚ ਪੈਂਦਾ ਹੈ, ਉਸ ਨੂੰ (ਹਰ ਥਾਂ) ਇਕ ਪਰਮਾਤਮਾ ਦਾ ਹੀ ਦਰਸਨ ਹੁੰਦਾ ਹੈ, ਉਹ ਹੋਰ ਸਾਰੀਆਂ ਚਿਤਵਨੀਆਂ ਵਿਸਾਰ ਦੇਂਦਾ ਹੈ (ਤੇ ਇਕ ਪਰਮਾਤਮਾ ਦਾ ਹੀ ਚਿਤਵਨ ਕਰਦਾ ਹੈ)। 22।

ਸਲੋਕੁ ॥ ਛਾਤੀ ਸੀਤਲ ਮਨੁ ਸੁਖੀ ਛੰਤ ਗੋਬਿਦ ਗੁਨ ਗਾਇ ॥ ਐਸੀ ਕਿਰਪਾ ਕਰਹੁ ਪ੍ਰਭ ਨਾਨਕ ਦਾਸ ਦਸਾਇ ॥੧॥ ਪਉੜੀ ॥ ਛਛਾ ਛੋਹਰੇ ਦਾਸ ਤੁਮਾਰੇ ॥ ਦਾਸ ਦਾਸਨ ਕੇ ਪਾਨੀਹਾਰੇ ॥ ਛਛਾ ਛਾਰੁ ਹੋਤ ਤੇਰੇ ਸੰਤਾ ॥ ਅਪਨੀ ਕ੍ਰਿਪਾ ਕਰਹੁ ਭਗਵੰਤਾ ॥ ਛਾਡਿ ਸਿਆਨਪ ਬਹੁ ਚਤੁਰਾਈ ॥ ਸੰਤਨ ਕੀ ਮਨ ਟੇਕ ਟਿਕਾਈ ॥ ਛਾਰੁ ਕੀ ਪੁਤਰੀ ਪਰਮ ਗਤਿ ਪਾਈ ॥ ਨਾਨਕ ਜਾ ਕਉ ਸੰਤ ਸਹਾਈ ॥੨੩॥ {ਪੰਨਾ 254-255}

ਪਦਅਰਥ:- ਸੀਤਲ—ਠੰਡੀ। ਛੰਤ—ਛੰਦ, ਗੀਤ। ਗਾਇ—ਗਾ ਕੇ। ਦਾਸ ਦਸਾਇ—ਦਾਸਾਂ ਦਾ ਦਾਸ।1।

ਪਉੜੀ:- ਛੋਹਰੇ—ਬਾਲਕੇ, ਦਾਸ। ਪਾਨੀਹਾਰੇ—ਪਾਣੀ ਭਰਨ ਵਾਲੇ। ਛਾਰੁ—ਚਰਨ-ਧੂੜ। ਭਗਵੰਤਾ—ਹੇ ਭਗਵਾਨ! ਛਾਰੁ ਕੀ ਪੁਤਰੀ—ਮਿੱਟੀ ਦੀ ਪੁਤਲੀ। ਮਨ—ਹੇ ਮਨ!। 23।

ਅਰਥ:- ਹੇ ਨਾਨਕ! (ਆਖ—) ਹੇ ਪ੍ਰਭੂ! ਮੈਂ ਤੇਰੇ ਦਾਸਾਂ ਦਾ ਦਾਸ ਹਾਂ। ਮੇਰੇ ਤੇ ਅਜੇਹੀ ਮਿਹਰ ਕਰ ਕਿ ਤੇਰੀ ਸਿਫ਼ਤਿ-ਸਾਲਾਹ ਦੀ ਬਾਣੀ ਗਾ ਕੇ ਮੇਰੇ ਦਿਲ ਵਿਚ ਠੰਡ ਪੈ ਜਾਏ, ਮੇਰਾ ਮਨ ਸੁਖੀ ਹੋ ਜਾਏ।1।

ਪਉੜੀ:- ਹੇ ਭਗਵਾਨ! ਆਪਣੀ ਮਿਹਰ ਕਰ, ਮੈਂ ਤੇਰੇ ਸੰਤ ਜਨਾਂ ਦੀ ਚਰਨ-ਧੂੜ ਹੋ ਜਾਵਾਂ। ਮੈਂ ਤੇਰਾ ਦਾਸ ਹਾਂ, ਤੇਰਾ ਬੱਚਾ ਹਾਂ (ਮਿਹਰ ਕਰ) ਤੇਰੇ ਦਾਸਾਂ ਦੇ ਦਾਸਾਂ ਦਾ ਮੈਂ ਪਾਣੀ ਭਰਨ ਵਾਲਾ ਬਣਾਂ (ਉਹਨਾਂ ਦੀ ਸੇਵਾ ਵਿਚ ਮੈਨੂੰ ਆਨੰਦ ਪ੍ਰਤੀਤ ਹੋਵੇ)।

ਹੇ ਮਨ! ਸਾਰੀ ਚਤੁਰਾਈ ਸਿਆਣਪ ਛੱਡ ਕੇ ਸੰਤ ਜਨਾਂ ਦਾ ਆਸਰਾ ਫੜ।

ਹੇ ਨਾਨਕ! ਸੰਤ ਜਨ ਜਿਸ ਮਨੁੱਖ ਦੀ ਸਹਾਇਤਾ ਕਰਦੇ ਹਨ, ਉਸ ਦਾ ਭੀ ਇਹ ਸਰੀਰ ਤਾਂ ਭਾਵੇਂ ਮਿੱਟੀ ਦਾ ਪੁਤਲਾ ਹੈ, ਪਰ ਇਸ ਵਿਚ ਉਹ ਉੱਚੀ ਤੋਂ ਉੱਚੀ ਆਤਮਕ ਅਵਸਥਾ ਹਾਸਲ ਕਰ ਲੈਂਦਾ ਹੈ। 23।

ਸਲੋਕੁ ॥ ਜੋਰ ਜੁਲਮ ਫੂਲਹਿ ਘਨੋ ਕਾਚੀ ਦੇਹ ਬਿਕਾਰ ॥ ਅਹੰਬੁਧਿ ਬੰਧਨ ਪਰੇ ਨਾਨਕ ਨਾਮ ਛੁਟਾਰ ॥੧॥ ਪਉੜੀ ॥ ਜਜਾ ਜਾਨੈ ਹਉ ਕਛੁ ਹੂਆ ॥ ਬਾਧਿਓ ਜਿਉ ਨਲਿਨੀ ਭ੍ਰਮਿ ਸੂਆ ॥ ਜਉ ਜਾਨੈ ਹਉ ਭਗਤੁ ਗਿਆਨੀ ॥ ਆਗੈ ਠਾਕੁਰਿ ਤਿਲੁ ਨਹੀ ਮਾਨੀ ॥ ਜਉ ਜਾਨੈ ਮੈ ਕਥਨੀ ਕਰਤਾ ॥ ਬਿਆਪਾਰੀ ਬਸੁਧਾ ਜਿਉ ਫਿਰਤਾ ॥ ਸਾਧਸੰਗਿ ਜਿਹ ਹਉਮੈ ਮਾਰੀ ॥ ਨਾਨਕ ਤਾ ਕਉ ਮਿਲੇ ਮੁਰਾਰੀ ॥੨੪॥ {ਪੰਨਾ 255}

ਪਦਅਰਥ:- ਫੂਲਹਿ—ਫੁਲਦੇ ਹਨ, ਆਕੜਦੇ ਹਨ, ਅਹੰਕਾਰ ਕਰਦੇ ਹਨ। ਕਾਚੀ—ਨਾਸਵੰਤ। ਬਿਕਾਰ—ਬੇਕਾਰ, ਵਿਅਰਥ। ਅਹੰਬੁਧਿ—ਮੈਂ ਮੈਂ ਕਰਨ ਵਾਲੀ ਅਕਲ।1।

ਪਉੜੀ:- ਨਲਿਨੀ—ਤੋਤੇ ਨੂੰ ਫੜਨ ਵਾਲਾ ਯੰਤ੍ਰ। ਇਕ ਚਰਖੜੀ ਜਿਸ ਉਤੇ ਚੋਗਾ ਪਾਇਆ ਹੁੰਦਾ ਹੈ, ਹੇਠਲੇ ਪਾਸੇ ਪਾਣੀ ਦਾ ਭਾਂਡਾ ਰੱਖਿਆ ਹੁੰਦਾ ਹੈ, ਤੋਤਾ ਚੋਗੇ ਦੇ ਲਾਲਚ ਵਿਚ ਉਤੇ ਆ ਬੈਠਦਾ ਹੈ, ਚਰਖੜੀ ਉਲਟ ਜਾਂਦੀ ਹੈ, ਤੋਤਾ ਹੇਠਲੇ ਪਾਸੇ ਪਾਣੀ ਵੇਖ ਕੇ ਚਰਖੜੀ ਨੂੰ ਘੁੱਟ ਕੇ ਫੜ ਲੈਂਦਾ ਹੈ ਤੇ ਉਹ ਆਪ ਹੀ ਫੜਿਆ ਜਾਂਦਾ ਹੈ। ਸੂਆ—ਤੋਤਾ। ਠਾਕੁਰਿ—ਠਾਕੁਰ ਨੇ। ਬਸੁਧਾ—ਧਰਤੀ। ਜਿਹ—ਜਿਸ ਨੇ। ਮੁਰਾਰੀ—ਪਰਮਾਤਮਾ। 24।

ਅਰਥ:- ਜੇਹੜੇ ਬੰਦੇ ਦੂਜਿਆਂ ਉਤੇ ਧੱਕਾ ਜ਼ੁਲਮ ਕਰ ਕੇ ਬੜਾ ਮਾਣ ਕਰਦੇ ਹਨ, (ਸਰੀਰ ਤਾਂ ਉਹਨਾਂ ਦਾ ਭੀ ਨਾਸਵੰਤ ਹੈ) ਉਹਨਾਂ ਦਾ ਨਾਸਵੰਤ ਸਰੀਰ ਵਿਅਰਥ ਚਲਾ ਜਾਂਦਾ ਹੈ। ਉਹ 'ਮੈਂ ਵੱਡਾ' 'ਮੈਂ ਵੱਡਾ' ਕਰਨ ਵਾਲੀ ਮਤਿ ਦੇ ਬੰਧਨਾਂ ਵਿਚ ਜਕੜੇ ਜਾਂਦੇ ਹਨ। ਹੇ ਨਾਨਕ! ਇਹਨਾਂ ਬੰਧਨਾਂ ਤੋਂ ਪ੍ਰਭੂ ਦਾ ਨਾਮ ਹੀ ਛੁਡਾ ਸਕਦਾ ਹੈ।1।

ਪਉੜੀ:- ਜੋ ਮਨੁੱਖ ਇਹ ਸਮਝਣ ਲੱਗ ਪੈਂਦਾ ਹੈ ਕਿ ਮੈਂ ਵੱਡਾ ਬਣ ਗਿਆ ਹਾਂ, ਉਹ ਇਸ ਹਉਮੈ ਵਿਚ ਇਉਂ ਬੱਝ ਜਾਂਦਾ ਹੈ ਜਿਵੇਂ ਤੋਤਾ (ਚੋਗੇ ਦੇ) ਭੁਲੇਖੇ ਵਿਚ ਨਲਿਨੀ ਨਾਲ ਫੜਿਆ ਜਾਂਦਾ ਹੈ। ਜਦੋਂ ਮਨੁੱਖ ਇਹ ਸਮਝਦਾ ਹੈ ਕਿ ਮੈਂ ਭਗਤ ਹੋ ਗਿਆ ਹਾਂ, ਮੈਂ ਗਿਆਨਵਾਨ ਬਣ ਗਿਆ ਹਾਂ, ਤਾਂ ਅਗਾਂਹ ਪ੍ਰਭੂ ਨੇ ਉਸ ਦੀ ਇਸ ਹਉਮੈ ਦਾ ਮੁੱਲ ਰਤਾ ਭੀ ਨਹੀਂ ਪਾਣਾ ਹੁੰਦਾ।

ਜਦੋਂ ਮਨੁੱਖ ਇਹ ਸਮਝ ਲੈਂਦਾ ਹੈ ਕਿ ਮੈਂ ਚੰਗੇ ਧਾਰਮਿਕ ਵਖਿਆਨ ਕਰ ਲੈਂਦਾ ਹਾਂ ਤਾਂ ਉਹ ਇਕ ਫੇਰੀ ਵਾਲੇ ਵਪਾਰੀ ਵਾਂਗ ਹੀ ਧਰਤੀ ਉਤੇ ਤੁਰਿਆ ਫਿਰਦਾ ਹੈ, (ਜਿਵੇਂ ਫੇਰੀ ਵਾਲਾ ਸੌਦਾ ਹੋਰਨਾਂ ਅਗੇ ਹੀ ਵੇਚਦਾ ਹੈ, ਤਿਵੇਂ ਇਹ ਭੀ ਆਪ ਕੋਈ ਆਤਮਕ ਲਾਭ ਨਹੀਂ ਖੱਟਦਾ)।

ਹੇ ਨਾਨਕ! ਜਿਸ ਮਨੁੱਖ ਨੇ ਸਾਧ ਸੰਗਤਿ ਵਿਚ ਜਾ ਕੇ ਆਪਣੀ ਹਉਮੈ ਦਾ ਨਾਸ ਕੀਤਾ ਹੈ, ਉਸੇ ਨੂੰ ਪਰਮਾਤਮਾ ਮਿਲਦਾ ਹੈ। 24।

ਸਲੋਕੁ ॥ ਝਾਲਾਘੇ ਉਠਿ ਨਾਮੁ ਜਪਿ ਨਿਸਿ ਬਾਸੁਰ ਆਰਾਧਿ ॥ ਕਾਰ੍ਹਾ ਤੁਝੈ ਨ ਬਿਆਪਈ ਨਾਨਕ ਮਿਟੈ ਉਪਾਧਿ ॥੧॥ ਪਉੜੀ ॥ ਝਝਾ ਝੂਰਨੁ ਮਿਟੈ ਤੁਮਾਰੋ ॥ ਰਾਮ ਨਾਮ ਸਿਉ ਕਰਿ ਬਿਉਹਾਰੋ ॥ ਝੂਰਤ ਝੂਰਤ ਸਾਕਤ ਮੂਆ ॥ ਜਾ ਕੈ ਰਿਦੈ ਹੋਤ ਭਾਉ ਬੀਆ ॥ ਝਰਹਿ ਕਸੰਮਲ ਪਾਪ ਤੇਰੇ ਮਨੂਆ ॥ ਅੰਮ੍ਰਿਤ ਕਥਾ ਸੰਤਸੰਗਿ ਸੁਨੂਆ ॥ ਝਰਹਿ ਕਾਮ ਕ੍ਰੋਧ ਦ੍ਰੁਸਟਾਈ ॥ ਨਾਨਕ ਜਾ ਕਉ ਕ੍ਰਿਪਾ ਗੁਸਾਈ ॥੨੫॥ {ਪੰਨਾ 255}

ਪਦਅਰਥ:- ਝਾਲਾਘੇ—ਸਵੇਰੇ, ਅੰਮ੍ਰਿਤ ਵੇਲੇ। ਉਠਿ—ਉਠ ਕੇ। ਨਿਸਿ—ਰਾਤ। ਬਾਸੁਰ—ਦਿਨ। ਕਾਰਾ—ਝੋਰਾ, ਚਿੰਤਾ-ਫ਼ਿਕਰ। ਨ ਬਿਆਪਈ—ਜ਼ੋਰ ਨਹੀਂ ਪਾ ਸਕੇਗਾ। ਉਪਾਧਿ—ਝਗੜੇ ਆਦਿਕ ਦਾ ਸੁਭਾਉ।1।

ਪਉੜੀ:- ਸਾਕਤ—ਮਾਇਆ-ਗ੍ਰਸਿਆ ਜੀਵ, ਰੱਬ ਨਾਲੋਂ ਟੁੱਟਾ ਹੋਇਆ। ਬੀਆ—ਦੂਜਾ। ਕਸੰਮਲ—ਪਾਪ, ਕਸਮਲ। ਮਨੂਆ—ਮਨ ਦੇ। ਦ੍ਰੁਸਟਾਈ—ਦੁਸ਼ਟ, ਮੰਦੇ ਖ਼ਿਆਲ। ਗੁਸਾਈ—ਧਰਤੀ ਦਾ ਖਸਮ, ਪ੍ਰਭੂ। 25।

ਅਰਥ:- ਹੇ ਨਾਨਕ! (ਆਖ—ਹੇ ਭਾਈ!) ਅੰਮ੍ਰਿਤ ਵੇਲੇ ਉੱਠ ਕੇ ਪ੍ਰਭੂ ਦਾ ਨਾਮ ਜਪ (ਇਤਨਾ ਹੀ ਨਹੀਂ) ਦਿਨ ਰਾਤ (ਹਰ ਵੇਲੇ) ਯਾਦ ਕਰ। ਕੋਈ ਚਿੰਤਾ-ਫ਼ਿਕਰ ਤੇਰੇ ਉਤੇ ਜ਼ੋਰ ਨਹੀਂ ਪਾ ਸਕੇਗਾ, ਤੇਰੇ ਅੰਦਰੋਂ ਵੈਰ-ਵਿਰੋਧ ਝਗੜੇ ਵਾਲਾ ਸੁਭਾਉ ਹੀ ਮਿਟ ਜਾਇਗਾ।1।

(ਹੇ ਵਣਜਾਰੇ ਜੀਵ!) ਪਰਮਾਤਮਾ ਦੇ ਨਾਮ ਨਾਲ ਵਣਜ ਕਰ, ਤੇਰਾ (ਹਰ ਕਿਸਮ ਦਾ) ਚਿੰਤਾ-ਫ਼ਿਕਰ ਮਿਟ ਜਾਇਗਾ। ਪ੍ਰਭੂ ਨਾਲੋਂ ਵਿੱਛੁੜਿਆ ਬੰਦਾ ਚਿੰਤਾ-ਝੋਰਿਆਂ ਵਿਚ ਹੀ ਆਤਮਕ ਮੌਤੇ ਮਰਿਆ ਰਹਿੰਦਾ ਹੈ, ਕਿਉਂਕਿ ਉਸ ਦੇ ਹਿਰਦੇ ਵਿਚ (ਪਰਮਾਤਮਾ ਨੂੰ ਵਿਸਾਰ ਕੇ) ਮਾਇਆ ਦਾ ਪਿਆਰ ਬਣਿਆ ਹੁੰਦਾ ਹੈ।

ਹੇ ਭਾਈ! ਸਤਸੰਗ ਵਿਚ ਜਾ ਕੇ ਪਰਮਾਤਮਾ ਦੀ ਆਤਮਕ ਜੀਵਨ ਦੇਣ ਵਾਲੀ ਸਿਫ਼ਤਿ-ਸਾਲਾਹ ਸੁਣਿਆਂ, ਤੇਰੇ ਮਨ ਵਿਚੋਂ ਸਾਰੇ ਪਾਪ ਵਿਕਾਰ ਝੜ ਜਾਣਗੇ।

ਹੇ ਨਾਨਕ! ਜਿਸ ਮਨੁੱਖ ਉਤੇ ਸ੍ਰਿਸ਼ਟੀ ਦਾ ਮਾਲਕ-ਪ੍ਰਭੂ ਮਿਹਰ ਕਰਦਾ ਹੈ (ਉਸ ਦੇ ਅੰਦਰ ਨਾਮ ਵੱਸਦਾ ਹੈ, ਤੇ) ਉਸ ਦੇ ਕਾਮ ਕ੍ਰੋਧ ਆਦਿਕ ਸਾਰੇ ਵੈਰੀ ਨਾਸ ਹੋ ਜਾਂਦੇ ਹਨ। 25।

ਸਲੋਕੁ ॥ ਯਤਨ ਕਰਹੁ ਤੁਮ ਅਨਿਕ ਬਿਧਿ ਰਹਨੁ ਨ ਪਾਵਹੁ ਮੀਤ ॥ ਜੀਵਤ ਰਹਹੁ ਹਰਿ ਹਰਿ ਭਜਹੁ ਨਾਨਕ ਨਾਮ ਪਰੀਤਿ ॥੧॥ ਪਵੜੀ ॥ ਯੰਯਾ ਯਾਣਹੁ ਦ੍ਰਿੜੁ ਸਹੀ ਬਿਨਸਿ ਜਾਤ ਏਹ ਹੇਤ ॥ ਗਣਤੀ ਗਣਉ ਨ ਗਣਿ ਸਕਉ ਊਠਿ ਸਿਧਾਰੇ ਕੇਤ ॥ ਯੋ ਪੇਖਉ ਸੋ ਬਿਨਸਤਉ ਕਾ ਸਿਉ ਕਰੀਐ ਸੰਗੁ ॥ ਯਾਣਹੁ ਇਆ ਬਿਧਿ ਸਹੀ ਚਿਤ ਝੂਠਉ ਮਾਇਆ ਰੰਗੁ ॥ ਯਾਣਤ ਸੋਈ ਸੰਤੁ ਸੁਇ ਭ੍ਰਮ ਤੇ ਕੀਚਿਤ ਭਿੰਨ ॥ ਅੰਧ ਕੂਪ ਤੇ ਤਿਹ ਕਢਹੁ ਜਿਹ ਹੋਵਹੁ ਸੁਪ੍ਰਸੰਨ ॥ ਯਾ ਕੈ ਹਾਥਿ ਸਮਰਥ ਤੇ ਕਾਰਨ ਕਰਨੈ ਜੋਗ ॥ ਨਾਨਕ ਤਿਹ ਉਸਤਤਿ ਕਰਉ ਯਾਹੂ ਕੀਓ ਸੰਜੋਗ ॥੨੬॥ {ਪੰਨਾ 255}

ਪਦਅਰਥ:- ਮੀਤ—ਹੇ ਮਿੱਤਰ! ਯਤਨ—ਜਤਨ। ਜੀਵਤ ਰਹਹੁ—ਆਤਮਕ ਜੀਵਨ ਹਾਸਲ ਕਰੋਗੇ।1।

ਪਵੜੀ:- ਹੇਤ—ਮੋਹ। ਯਾਣਹੁ—ਸਮਝ ਲਵੋ। ਕੇਤ—ਕਿਤਨੇ ਕੁ? ਗਣਉ—ਗਣਉਂ, ਮੈਂ ਗਿਣਦਾ। ਸਕਉ—ਸਕਉਂ। ਨ ਗਣਿ ਸਕਉ—ਮੈਂ ਗਿਣ ਨਹੀਂ ਸਕਦਾ। ਯੋ—ਜੋ ਕੁਝ। ਪੇਖਉ—ਪੇਖਉਂ, ਮੈਂ ਵੇਖਦਾ ਹਾਂ। ਕਾ ਸਿਉ—ਕਿਸ ਨਾਲ? ਸੰਗੁ—ਸਾਥ। ਸਹੀ—ਠੀਕ। ਚਿਤ—ਹੇ ਚਿੱਤ! ਕੂਪ ਤੇ—ਖੂਹ ਵਿਚੋਂ। ਤਿਹ—ਉਸ (ਮਨੁੱਖ) ਨੂੰ। ਭ੍ਰਮ ਤੇ—ਭਟਕਣਾ ਤੋਂ। ਭਿੰਨ—ਵੱਖਰਾ। ਕਰਉ—ਕਰਉਂ, ਮੈਂ ਕਰਦਾ ਹਾਂ। ਕੈ ਹਾਥਿ—ਦੇ ਹੱਥ ਵਿਚ। ਤੇ ਕਾਰਨ—ਉਹ ਸਾਰੇ ਸਬਬ। 26।

ਅਰਥ:- ਹੇ ਮਿਤ੍ਰ! (ਬੇ-ਸ਼ਕ) ਅਨੇਕਾਂ ਤਰ੍ਹਾਂ ਦੇ ਜਤਨ ਤੁਸੀ ਕਰ ਵੇਖੋ, (ਇਥੇ ਸਦਾ ਲਈ) ਟਿਕੇ ਨਹੀਂ ਰਹਿ ਸਕਦੇ। ਹੇ ਨਾਨਕ! (ਆਖ—) ਜੇ ਪ੍ਰਭੂ ਦੇ ਨਾਮ ਨਾਲ ਪਿਆਰ ਪਾਵੋਗੇ, ਜੇ ਸਦਾ ਹਰੀ-ਨਾਮ ਸਿਮਰੋਗੇ, ਤਾਂ ਆਤਮਕ ਜੀਵਨ ਮਿਲੇਗਾ।1।

ਪਉੜੀ:- (ਹੇ ਭਾਈ!) ਇਹ ਗੱਲ ਪੱਕੀ ਸਮਝ ਲਵੋ ਕਿ ਦੁਨੀਆ ਵਾਲੇ ਮੋਹ ਨਾਸ ਹੋ ਜਾਣਗੇ; ਕਿਤਨੇ ਕੁ (ਜੀਵ ਜਗਤ ਤੋਂ) ਚਲੇ ਗਏ ਹਨ, ਇਹ ਗਿਣਤੀ ਨਾਹ ਮੈਂ ਕਰਦਾ ਹਾਂ, ਨਾਹ ਕਰ ਸਕਦਾ ਹਾਂ। ਜੋ ਕੁਝ ਮੈਂ (ਅੱਖੀਂ) ਵੇਖ ਰਿਹਾ ਹਾਂ, ਉਹ ਨਾਸਵੰਤ ਹੈ, (ਫਿਰ) ਪੀਡੀ ਪ੍ਰੀਤ ਕਿਸ ਦੇ ਨਾਲ ਪਾਈ ਜਾਏ? ਹੇ ਮੇਰੇ ਚਿੱਤ! ਇਉਂ ਠੀਕ ਜਾਣ ਕਿ ਮਾਇਆ ਨਾਲ ਪਿਆਰ ਝੂਠਾ ਹੈ।

(ਹੇ ਪ੍ਰਭੂ!) ਜਿਸ ਬੰਦੇ ਉਤੇ ਤੂੰ ਤ੍ਰੁੱਠਦਾ ਹੈਂ, ਉਸ ਨੂੰ ਮੋਹ ਦੇ ਅੰਨ੍ਹੇ ਹਨੇਰੇ ਖੂਹ ਵਿਚੋਂ ਤੂੰ ਕੱਢ ਲੈਂਦਾ ਹੈਂ। ਅਜੇਹੇ ਮਨੁੱਖ ਮਾਇਆ ਵਾਲੀ ਭਟਕਣਾ ਤੋਂ ਬਚ ਜਾਂਦੇ ਹਨ। ਇਹੋ ਜਿਹਾ ਬੰਦਾ ਹੀ ਸੰਤ ਹੈ, ਉਹ ਹੀ ਸਹੀ ਜੀਵਨ ਨੂੰ ਸਮਝਦਾ ਹੈ।

ਹੇ ਨਾਨਕ! (ਆਖ—) ਮੈਂ ਉਸ ਪ੍ਰਭੂ ਦੀ ਸਿਫ਼ਤਿ-ਸਾਲਾਹ ਕਰਦਾ ਹਾਂ ਜੋ (ਮਿਹਰ ਕਰ ਕੇ ਸਿਫ਼ਤਿ-ਸਾਲਾਹ ਕਰਨ ਦਾ ਇਹ) ਸਬਬ ਮੇਰੇ ਵਾਸਤੇ ਬਣਾਂਦਾ ਹੈ, ਜਿਸ ਦੇ ਹੱਥ ਵਿਚ ਹੀ ਇਹ ਕਰਨ ਦੀ ਸਮੱਰਥਾ ਹੈ, ਤੇ ਜੋ ਸਾਰੇ ਸਬਬ ਬਣਾਣ ਜੋਗਾ ਭੀ ਹੈ (ਇਹੀ ਇਕ ਤਰੀਕਾ ਹੈ, "ਮਾਇਆ ਰੰਗ" ਤੋਂ ਬਚੇ ਰਹਿਣ ਦਾ)। 26।

ਸਲੋਕੁ ॥ ਟੂਟੇ ਬੰਧਨ ਜਨਮ ਮਰਨ ਸਾਧ ਸੇਵ ਸੁਖੁ ਪਾਇ ॥ ਨਾਨਕ ਮਨਹੁ ਨ ਬੀਸਰੈ ਗੁਣ ਨਿਧਿ ਗੋਬਿਦ ਰਾਇ ॥੧॥ ਪਉੜੀ ॥ ਟਹਲ ਕਰਹੁ ਤਉ ਏਕ ਕੀ ਜਾ ਤੇ ਬ੍ਰਿਥਾ ਨ ਕੋਇ ॥ ਮਨਿ ਤਨਿ ਮੁਖਿ ਹੀਐ ਬਸੈ ਜੋ ਚਾਹਹੁ ਸੋ ਹੋਇ ॥ ਟਹਲ ਮਹਲ ਤਾ ਕਉ ਮਿਲੈ ਜਾ ਕਉ ਸਾਧ ਕ੍ਰਿਪਾਲ ॥ ਸਾਧੂ

ਸੰਗਤਿ ਤਉ ਬਸੈ ਜਉ ਆਪਨ ਹੋਹਿ ਦਇਆਲ ॥ ਟੋਹੇ ਟਾਹੇ ਬਹੁ ਭਵਨ ਬਿਨੁ ਨਾਵੈ ਸੁਖੁ ਨਾਹਿ ॥ ਟਲਹਿ ਜਾਮ ਕੇ ਦੂਤ ਤਿਹ ਜੁ ਸਾਧੂ ਸੰਗਿ ਸਮਾਹਿ ॥ ਬਾਰਿ ਬਾਰਿ ਜਾਉ ਸੰਤ ਸਦਕੇ ॥ ਨਾਨਕ ਪਾਪ ਬਿਨਾਸੇ ਕਦਿ ਕੇ ॥੨੭॥ {ਪੰਨਾ 255}

ਪਦਅਰਥ:- ਪਉੜੀ:- ਬ੍ਰਿਥਾ—ਖ਼ਾਲੀ। ਹੀਐ—ਹਿਰਦੇ ਵਿਚ। ਮਹਲ—ਅਵਸਰ, ਸਬਬ। ਸਾਧ—ਗੁਰੂ। ਆਪਨ—ਪ੍ਰਭੂ ਆਪ ਹੀ। ਟੋਹੇ ਟਾਹੇ—ਭਾਲੇ ਵੇਖੇ ਹਨ। ਭਵਨ—ਟਿਕਾਣੇ, ਆਸਰੇ, ਘਰ। ਤਿਹ—ਉਹਨਾਂ ਬੰਦਿਆਂ ਦੇ। ਕਦਿ ਕੇ—ਚਿਰ ਦੇ, ਕਈ ਜਨਮਾਂ ਦੇ ਕੀਤੇ ਹੋਏ। 27।

ਅਰਥ:- ਹੇ ਨਾਨਕ! ਗੁਣਾਂ-ਦਾ-ਖ਼ਜ਼ਾਨਾ ਗੋਬਿੰਦ ਜਿਸ ਮਨੁੱਖ ਦੇ ਮਨ ਤੋਂ ਭੁੱਲਦਾ ਨਹੀਂ ਹੈ, ਉਸ ਦੇ ਉਹ ਮੋਹ-ਬੰਧਨ ਟੁੱਟ ਜਾਂਦੇ ਹਨ ਜੋ ਜਨਮ ਮਰਨ ਦੇ ਗੇੜ ਵਿਚ ਪਾਂਦੇ ਹਨ, ਉਹ ਮਨੁੱਖ ਗੁਰੂ ਦੀ ਸੇਵਾ ਕਰ ਕੇ ਆਤਮਕ ਆਨੰਦ ਪ੍ਰਾਪਤ ਕਰਦਾ ਹੈ।1।

ਪਉੜੀ:- (ਹੇ ਭਾਈ!) ਸਿਰਫ਼ ਇਕ ਪਰਮਾਤਮਾ ਦੀ ਸੇਵਾ-ਭਗਤੀ ਕਰੋ ਜਿਸ ਦੇ ਦਰ ਤੋਂ ਕੋਈ (ਜਾਚਕ) ਖ਼ਾਲੀ ਨਹੀਂ ਜਾਂਦਾ। ਜੇ ਤੁਹਾਡੇ ਮਨ ਵਿਚ ਤਨ ਵਿਚ ਮੂੰਹ ਵਿਚ ਹਿਰਦੇ ਵਿਚ ਪ੍ਰਭੂ ਵੱਸ ਪਏ, ਤਾਂ ਮੂੰਹ-ਮੰਗਿਆ ਪਦਾਰਥ ਮਿਲੇਗਾ।

ਪਰ ਇਹ ਸੇਵਾ-ਭਗਤੀ ਦਾ ਮੌਕਾ ਉਸੇ ਨੂੰ ਮਿਲਦਾ ਹੈ, ਜਿਸ ਉਤੇ ਗੁਰੂ ਦਿਆਲ ਹੋਵੇ। ਤੇ, ਗੁਰੂ ਦੀ ਸੰਗਤਿ ਵਿਚ ਮਨੁੱਖ ਤਦੋਂ ਟਿਕਦਾ ਹੈ, ਜੇ ਪ੍ਰਭੂ ਆਪ ਕਿਰਪਾ ਕਰੇ।

ਅਸਾਂ ਸਾਰੇ ਥਾਂ ਭਾਲ ਕੇ ਵੇਖ ਲਏ ਹਨ, ਪ੍ਰਭੂ ਦੇ ਭਜਨ ਤੋਂ ਬਿਨਾ ਆਤਮਕ ਸੁਖ ਕਿਤੇ ਭੀ ਨਹੀਂ। ਜੇਹੜੇ ਬੰਦੇ ਗੁਰੂ ਦੀ ਹਜ਼ੂਰੀ ਵਿਚ ਆਪਾ ਲੀਨ ਕਰ ਲੈਂਦੇ ਹਨ, ਉਹਨਾਂ ਤੋਂ ਤਾਂ ਜਮਦੂਤ ਭੀ ਲਾਂਭੇ ਹੋ ਜਾਂਦੇ ਹਨ (ਉਹਨਾਂ ਨੂੰ ਮੌਤ ਦਾ ਡਰ ਭੀ ਪੋਹ ਨਹੀਂ ਸਕਦਾ)।

ਹੇ ਨਾਨਕ! (ਆਖ—) ਮੈਂ ਮੁੜ ਮੁੜ ਗੁਰੂ ਤੋਂ ਕੁਰਬਾਨ ਜਾਂਦਾ ਹਾਂ। ਜੇਹੜਾ ਮਨੁੱਖ ਗੁਰੂ ਦਰ ਤੇ ਆ ਡਿੱਗਦਾ ਹੈ, ਉਸ ਦੇ ਕਈ ਜਨਮਾਂ ਦੇ ਕੀਤੇ ਮੰਦ ਕਰਮਾਂ ਦੇ ਸੰਸਕਾਰ ਨਾਸ ਹੋ ਜਾਂਦੇ ਹਨ। 27।

ਸਲੋਕੁ ॥ ਠਾਕ ਨ ਹੋਤੀ ਤਿਨਹੁ ਦਰਿ ਜਿਹ ਹੋਵਹੁ ਸੁਪ੍ਰਸੰਨ ॥ ਜੋ ਜਨ ਪ੍ਰਭਿ ਅਪੁਨੇ ਕਰੇ ਨਾਨਕ ਤੇ ਧਨਿ ਧੰਨਿ ॥੧॥ ਪਉੜੀ ॥ ਠਠਾ ਮਨੂਆ ਠਾਹਹਿ ਨਾਹੀ ॥ ਜੋ ਸਗਲ ਤਿਆਗਿ ਏਕਹਿ ਲਪਟਾਹੀ ॥ ਠਹਕਿ ਠਹਕਿ ਮਾਇਆ ਸੰਗਿ ਮੂਏ ॥ ਉਆ ਕੈ ਕੁਸਲ ਨ ਕਤਹੂ ਹੂਏ ॥ ਠਾਂਢਿ ਪਰੀ ਸੰਤਹ ਸੰਗਿ ਬਸਿਆ ॥ ਅੰਮ੍ਰਿਤ ਨਾਮੁ ਤਹਾ ਜੀਅ ਰਸਿਆ ॥ ਠਾਕੁਰ ਅਪੁਨੇ ਜੋ ਜਨੁ ਭਾਇਆ ॥ ਨਾਨਕ ਉਆ ਕਾ ਮਨੁ ਸੀਤਲਾਇਆ ॥੨੮॥ {ਪੰਨਾ 256}

ਪਦਅਰਥ:- ਠਾਕ—ਰੋਕ। ਦਰਿ—ਪ੍ਰਭੂ ਦੇ ਦਰ ਉਤੇ। ਪ੍ਰਭਿ—ਪ੍ਰਭੂ ਨੇ। ਧਨਿ ਧੰਨਿ—ਬੜੇ ਭਾਗਾਂ ਵਾਲੇ।1।

ਪਉੜੀ:- ਠਾਹਹਿ—ਦੁਖਾਂਦੇ। ਠਹਕਿ ਠਹਕਿ—ਖਪ ਖਪ ਕੇ, ਖਹਿ ਖਹਿ ਕੇ, ਦੂਜਿਆਂ ਨਾਲ ਵੈਰ-ਵਿਰੋਧ ਬਣਾ ਬਣਾ ਕੇ। ਜੀਅ ਰਸਿਆ—ਜਿੰਦ ਵਿਚ ਰਚ ਜਾਂਦਾ ਹੈ। ਭਾਇਆ—ਪਿਆਰਾ ਲੱਗਾ। 28।

ਅਰਥ:- (ਹੇ ਪ੍ਰਭੂ!) ਜਿਨ੍ਹਾਂ ਉਤੇ ਤੂੰ ਮਿਹਰ ਕਰਦਾ ਹੈਂ; ਉਹਨਾਂ ਦੇ ਰਾਹ ਵਿਚ ਤੇਰੇ ਦਰ ਤੇ ਪਹੁੰਚਣ ਲੱਗਿਆਂ ਕੋਈ ਰੋਕ ਨਹੀਂ ਪੈਂਦੀ (ਕੋਈ ਵਿਕਾਰ ਉਹਨਾਂ ਨੂੰ ਪ੍ਰਭੂ-ਚਰਨਾਂ ਵਿਚ ਜੁੜਨ ਤੋਂ ਰੋਕ ਨਹੀਂ ਸਕਦਾ)। ਹੇ ਨਾਨਕ! (ਆਖ—) ਉਹ ਬੰਦੇ ਬੜੇ ਭਾਗਾਂ ਵਾਲੇ ਹਨ, ਜਿਨ੍ਹਾਂ ਨੂੰ ਪ੍ਰਭੂ ਨੇ ਆਪਣੇ ਬਣਾ ਲਿਆ ਹੈ।1।

ਪਉੜੀ:- ਜੋ ਮਨੁੱਖ (ਮਾਇਆ ਦੇ) ਸਾਰੇ (ਮੋਹ) ਤਿਆਗ ਕੇ ਸਿਰਫ਼ ਪ੍ਰਭੂ-ਚਰਨਾਂ ਵਿਚੇ ਜੁੜੇ ਰਹਿੰਦੇ ਹਨ, ਉਹ (ਫਿਰ ਮਾਇਕ ਪਦਾਰਥਾਂ ਦੀ ਖ਼ਾਤਰ) ਕਿਸੇ ਦਾ ਦਿਲ ਨਹੀਂ ਦੁਖਾਂਦੇ। (ਪਰ) ਜੋ ਮਨੁੱਖ ਮਾਇਆ ਦੇ ਮੋਹ ਵਿਚ ਫਸ

ਕੇ (ਮਾਇਆ ਦੀ ਖ਼ਾਤਰ ਦੂਜਿਆਂ ਨਾਲ) ਵੈਰ-ਵਿਰੋਧ ਬਣਾ ਬਣਾ ਕੇ ਆਤਮਕ ਮੌਤ ਸਹੇੜਦੇ ਹਨ, ਉਹਨਾਂ ਦੇ ਅੰਦਰ ਕਦੇ ਆਤਮਕ ਆਨੰਦ ਨਹੀਂ ਆ ਸਕਦਾ।

ਜੇਹੜਾ ਮਨੁੱਖ ਗੁਰਮੁਖਾਂ ਦੀ ਸੰਗਤਿ ਵਿਚ ਨਿਵਾਸ ਰੱਖਦਾ ਹੈ, ਉਸ ਦੇ ਮਨ ਵਿਚ ਠੰਡ ਪਈ ਰਹਿੰਦੀ ਹੈ, ਪ੍ਰਭੂ ਦਾ ਆਤਮਕ ਅਮਰਤਾ ਦੇਣ ਵਾਲਾ ਨਾਮ ਉਸ ਦੀ ਜਿੰਦ ਵਿਚ ਰਚ ਜਾਂਦਾ ਹੈ।

ਹੇ ਨਾਨਕ! ਜੋ ਮਨੁੱਖ ਪਿਆਰੇ ਪਰਮਾਤਮਾ ਨੂੰ ਚੰਗਾ ਲੱਗ ਪੈਂਦਾ ਹੈ, ਉਸ ਦਾ ਮਨ (ਮਾਇਆ ਦੀ ਤ੍ਰਿਸ਼ਨਾ-ਰੂਪ ਅੱਗ ਤੋਂ ਬਚ ਕੇ) ਸਦਾ ਸ਼ਾਂਤ ਰਹਿੰਦਾ ਹੈ। 28।

ਸਲੋਕੁ ॥ ਡੰਡਉਤਿ ਬੰਦਨ ਅਨਿਕ ਬਾਰ ਸਰਬ ਕਲਾ ਸਮਰਥ ॥ ਡੋਲਨ ਤੇ ਰਾਖਹੁ ਪ੍ਰਭੂ ਨਾਨਕ ਦੇ ਕਰਿ ਹਥ ॥੧॥ ਪਉੜੀ ॥ ਡਡਾ ਡੇਰਾ ਇਹੁ ਨਹੀ ਜਹ ਡੇਰਾ ਤਹ ਜਾਨੁ ॥ ਉਆ ਡੇਰਾ ਕਾ ਸੰਜਮੋ ਗੁਰ ਕੈ ਸਬਦਿ ਪਛਾਨੁ ॥ ਇਆ ਡੇਰਾ ਕਉ ਸ੍ਰਮੁ ਕਰਿ ਘਾਲੈ ॥ ਜਾ ਕਾ ਤਸੂ ਨਹੀ ਸੰਗਿ ਚਾਲੈ ॥ ਉਆ ਡੇਰਾ ਕੀ ਸੋ ਮਿਤਿ ਜਾਨੈ ॥ ਜਾ ਕਉ ਦ੍ਰਿਸਟਿ ਪੂਰਨ ਭਗਵਾਨੈ ॥ ਡੇਰਾ ਨਿਹਚਲੁ ਸਚੁ ਸਾਧਸੰਗ ਪਾਇਆ ॥ ਨਾਨਕ ਤੇ ਜਨ ਨਹ ਡੋਲਾਇਆ ॥੨੯॥ {ਪੰਨਾ 256}

ਪਦਅਰਥ:- ਦੇ ਕਰਿ—ਦੇ ਕੇ। ਕਲਾ—ਤਾਕਤ। ਤੇ—ਤੋਂ।1।

ਪਉੜੀ:- ਡੇਰਾ—ਸਦਾ ਟਿਕੇ ਰਹਿਣ ਲਈ ਥਾਂ। ਜਾਨੁ—ਪਛਾਣ। ਸੰਜਮ—(ਟਿਕੇ ਰਹਿਣ ਦੀ) ਜੁਗਤਿ। ਸਬਦਿ—ਸ਼ਬਦ ਦੀ ਰਾਹੀਂ। ਸ੍ਰਮੁ—ਮਿਹਨਤ। ਘਾਲੈ—ਜਤਨ ਕਰਦਾ ਹੈ, ਘਾਲ ਘਾਲਦਾ ਹੈ। ਤਸੂ—ਰਤਾ ਭਰ ਭੀ। ਮਿਤਿ—ਮਰਯਾਦਾ, ਰੀਤ। 29।

ਅਰਥ:- ਹੇ ਨਾਨਕ! (ਇਉਂ ਅਰਦਾਸ ਕਰ—) ਹੇ ਸਾਰੀਆਂ ਤਾਕਤਾਂ ਰੱਖਣ ਵਾਲੇ ਪ੍ਰਭੂ! ਮੈਂ ਅਨੇਕਾਂ ਵਾਰੀ ਤੈਨੂੰ ਨਮਸਕਾਰ ਕਰਦਾ ਹਾਂ। ਮੈਨੂੰ ਮਾਇਆ ਦੇ ਮੋਹ ਵਿਚ ਥਿੜਕਣ ਤੋਂ ਆਪਣਾ ਹੱਥ ਦੇ ਕੇ ਬਚਾ ਲੈ।1।

ਪਉੜੀ:- (ਹੇ ਭਾਈ!) ਇਹ ਸੰਸਾਰ ਤੇਰੇ ਸਦਾ ਟਿਕੇ ਰਹਿਣ ਵਾਲਾ ਥਾਂ ਨਹੀਂ ਹੈ, ਉਸ ਟਿਕਾਣੇ ਨੂੰ ਪਛਾਣ, ਜੇਹੜਾ ਅਸਲ ਪੱਕੀ ਰਿਹਾਇਸ਼ ਵਾਲਾ ਘਰ ਹੈ। ਗੁਰੂ ਦੇ ਸ਼ਬਦ ਵਿਚ ਜੁੜ ਕੇ ਇਹ ਸੂਝ ਹਾਸਲ ਕਰ ਕਿ ਉਸ ਘਰ ਵਿਚ ਸਦਾ ਟਿਕੇ ਰਹਿਣ ਦੀ ਕੀਹ ਜੁਗਤਿ ਹੈ।

ਮਨੁੱਖ ਇਸ ਦੁਨੀਆਵੀ ਡੇਰੇ ਦੀ ਖ਼ਾਤਰ ਬੜੀ ਮਿਹਨਤ ਕਰ ਕੇ ਘਾਲਾਂ ਘਾਲਦਾ ਹੈ, ਪਰ (ਮੌਤ ਆਇਆਂ) ਇਸ ਦਾ ਰਤਾ ਭਰ ਭੀ ਇਸ ਦੇ ਨਾਲ ਨਹੀਂ ਜਾਂਦਾ।

ਉਸ ਸਦੀਵੀ ਟਿਕਾਣੇ ਦੀ ਰੀਤ-ਮਰਯਾਦਾ ਦੀ ਸਿਰਫ਼ ਉਸ ਮਨੁੱਖ ਨੂੰ ਸਮਝ ਪੈਂਦੀ ਹੈ, ਜਿਸ ਉਤੇ ਪੂਰਨ ਪ੍ਰਭੂ ਦੀ ਮਿਹਰ ਦੀ ਨਜ਼ਰ ਹੁੰਦੀ ਹੈ।

ਹੇ ਨਾਨਕ! ਸਾਧ ਸੰਗਤਿ ਵਿਚ ਆ ਕੇ ਜੋ ਮਨੁੱਖ ਸਦੀਵੀ ਅਟੱਲ ਆਤਮਕ ਆਨੰਦ ਵਾਲਾ ਟਿਕਾਣਾ ਲੱਭ ਲੈਂਦੇ ਹਨ, ਉਹਨਾਂ ਦਾ ਮਨ (ਇਸ ਨਾਸਵੰਤ ਸੰਸਾਰ ਦੇ ਘਰਾਂ ਆਦਿਕ ਦੀ ਖ਼ਾਤਰ) ਨਹੀਂ ਡੋਲਦਾ। 29।

ਸਲੋਕੁ ॥ ਢਾਹਨ ਲਾਗੇ ਧਰਮ ਰਾਇ ਕਿਨਹਿ ਨ ਘਾਲਿਓ ਬੰਧ ॥ ਨਾਨਕ ਉਬਰੇ ਜਪਿ ਹਰੀ ਸਾਧਸੰਗਿ ਸਨਬੰਧ ॥੧॥ ਪਉੜੀ ॥ ਢਢਾ ਢੂਢਤ ਕਹ ਫਿਰਹੁ ਢੂਢਨੁ ਇਆ ਮਨ ਮਾਹਿ ॥ ਸੰਗਿ ਤੁਹਾਰੈ ਪ੍ਰਭੁ ਬਸੈ ਬਨੁ ਬਨੁ ਕਹਾ ਫਿਰਾਹਿ ॥ ਢੇਰੀ ਢਾਹਹੁ ਸਾਧਸੰਗਿ ਅਹੰਬੁਧਿ ਬਿਕਰਾਲ ॥ ਸੁਖੁ ਪਾਵਹੁ ਸਹਜੇ ਬਸਹੁ ਦਰਸਨੁ ਦੇਖਿ ਨਿਹਾਲ ॥ ਢੇਰੀ ਜਾਮੈ ਜਮਿ ਮਰੈ ਗਰਭ ਜੋਨਿ ਦੁਖ ਪਾਇ ॥ ਮੋਹ

ਮਗਨ ਲਪਟਤ ਰਹੈ ਹਉ ਹਉ ਆਵੈ ਜਾਇ ॥ ਢਹਤ ਢਹਤ ਅਬ ਢਹਿ ਪਰੇ ਸਾਧ ਜਨਾ ਸਰਨਾਇ ॥ ਦੁਖ ਕੇ ਫਾਹੇ ਕਾਟਿਆ ਨਾਨਕ ਲੀਏ ਸਮਾਇ ॥੩੦॥ {ਪੰਨਾ 256}

ਪਦਅਰਥ:- ਧਰਮਰਾਇ ਢਾਹ—(ਆਤਮਕ ਜੀਵਨ ਦੇ ਮਹਲ ਨੂੰ) ਧਰਮਰਾਜ ਦੀ ਢਾਹ, ਆਤਮਕ ਜੀਵਨ ਦੀ ਇਮਾਰਤ ਨੂੰ ਵਿਕਾਰਾਂ ਦੇ ਹੜ੍ਹ ਦੀ ਢਾਹ। ਕਿਨਹਿ—ਕਿਸੇ ਭੀ ਵਿਕਾਰ ਨੇ। ਬੰਧ ਨ ਘਾਲਿਓ—ਆਤਮਕ ਜੀਵਨ ਦੇ ਰਸਤੇ ਵਿਚ ਰੋਕ ਨ ਪਾਈ। ਸਨਬੰਧ—ਸੰਬੰਧ, ਨਾਤਾ, ਪ੍ਰੀਤ।1।

ਪਉੜੀ:- ਬਿਕਰਾਲ—ਡਰਾਉਣੀ। ਸਹਜੇ—ਸਹਜਿ, ਅਡੋਲ ਅਵਸਥਾ ਵਿਚ। ਨਿਹਾਲ—ਪ੍ਰਸੰਨ। ਜਾਪੈ—ਜੰਮਦੀ ਹੈ, ਬਣੀ ਰਹਿੰਦੀ ਹੈ। ਜਮਿ—ਜੰਮ ਕੇ। 60।

ਅਰਥ:- ਹੇ ਨਾਨਕ! ਜਿਨ੍ਹਾਂ ਬੰਦਿਆਂ ਨੇ ਸਾਧ ਸੰਗਤਿ ਵਿਚ ਨਾਤਾ ਜੋੜਿਆ, ਉਹ ਹਰੀ ਦਾ ਨਾਮ ਜਪ ਕੇ (ਵਿਕਾਰਾਂ ਦੇ ਹੜ੍ਹ ਵਿਚੋਂ) ਬਚ ਨਿਕਲੇ। ਉਹਨਾਂ (ਦੇ ਆਤਮਕ ਜੀਵਨ ਦੀ ਇਮਾਰਤ) ਨੂੰ ਵਿਕਾਰਾਂ ਦੇ ਹੜ੍ਹ ਦੀ ਢਾਹ ਨਹੀਂ ਲੱਗਦੀ। ਕੋਈ ਇਕ ਭੀ ਵਿਕਾਰ ਉਹਨਾਂ ਦੇ ਜੀਵਨ-ਰਾਹ ਵਿਚ ਰੋਕ ਨਹੀਂ ਪਾ ਸਕਿਆ।1।

ਪਉੜੀ:- (ਹੇ ਭਾਈ!) ਪ੍ਰਭੂ ਤੁਹਾਡੇ ਨਾਲ (ਹਿਰਦੇ ਵਿਚ) ਵੱਸ ਰਿਹਾ ਹੈ, ਤੁਸੀ ਜੰਗਲ ਜੰਗਲ ਕਿੱਥੇ ਢੂੰਡਦੇ ਫਿਰਦੇ ਹੋ? ਹੋਰ ਕਿੱਥੇ ਲੱਭਦੇ ਫਿਰਦੇ ਹੋ? ਭਾਲ ਇਸ ਮਨ ਵਿਚ ਹੀ (ਕਰਨੀ ਹੈ)। ਸਾਧ ਸੰਗਤਿ ਵਿਚ (ਪਹੁੰਚ ਕੇ) ਭਿਆਨਕ ਹਉਮੈ ਵਾਲੀ ਮਤਿ ਦੀ ਬਣੀ ਹੋਈ ਢੇਰੀ ਨੂੰ ਢਾਹ ਦਿਉ (ਇਸ ਤਰ੍ਹਾਂ ਅੰਦਰ ਹੀ ਪ੍ਰਭੂ ਦਾ ਦਰਸਨ ਹੋ ਜਾਇਗਾ, ਪ੍ਰਭੂ ਦਾ) ਦਰਸਨ ਕਰ ਕੇ ਆਤਮਾ ਖਿੜ ਪਏਗਾ, ਆਤਮਕ ਆਨੰਦ ਮਿਲੇਗਾ, ਅਡੋਲ ਅਵਸਥਾ ਵਿਚ ਟਿਕ ਜਾਵੋਗੇ।

ਜਿਤਨਾ ਚਿਰ ਅੰਦਰ ਹਉਮੈ ਦੀ ਢੇਰੀ ਬਣੀ ਰਹਿੰਦੀ ਹੈ, ਮਨੁੱਖ ਜੰਮਦਾ ਮਰਦਾ ਰਹਿੰਦਾ ਹੈ, ਜੂਨਾਂ ਦੇ ਗੇੜ ਵਿਚ ਦੁੱਖ ਭੋਗਦਾ ਹੈ, ਮੋਹ ਵਿਚ ਮਸਤ ਹੋ ਕੇ (ਮਾਇਆ ਨਾਲ) ਚੰਬੜਿਆ ਰਹਿੰਦਾ ਹੈ, ਹਉਮੈ ਦੇ ਕਾਰਨ ਜਨਮ ਮਰਨ ਵਿਚ ਪਿਆ ਰਹਿੰਦਾ ਹੈ।

ਹੇ ਨਾਨਕ! ਜੋ ਬੰਦੇ ਇਸ ਜਨਮ ਵਿਚ ਸਾਧ ਜਨਾਂ ਦੀ ਸਰਨ ਆ ਪੈਂਦੇ ਹਨ, ਉਹਨਾਂ ਦੀਆਂ (ਮੋਹ ਤੋਂ ਉਪਜੀਆਂ) ਦੁੱਖਾਂ ਦੀਆਂ ਫਾਹੀਆਂ ਕੱਟੀਆਂ ਜਾਂਦੀਆਂ ਹਨ, ਉਹਨਾਂ ਨੂੰ ਪ੍ਰਭੂ ਆਪਣੇ ਚਰਨਾਂ ਵਿਚ ਜੋੜ ਲੈਂਦਾ ਹੈ। 30।

ਸਲੋਕੁ ॥ ਜਹ ਸਾਧੂ ਗੋਬਿਦ ਭਜਨੁ ਕੀਰਤਨੁ ਨਾਨਕ ਨੀਤ ॥ ਣਾ ਹਉ ਣਾ ਤੂੰ ਣਹ ਛੁਟਹਿ ਨਿਕਟਿ ਨ ਜਾਈਅਹੁ ਦੂਤ ॥੧॥ ਪਉੜੀ ॥ ਣਾਣਾ ਰਣ ਤੇ ਸੀਝੀਐ ਆਤਮ ਜੀਤੈ ਕੋਇ ॥ ਹਉਮੈ ਅਨ ਸਿਉ ਲਰਿ ਮਰੈ ਸੋ ਸੋਭਾ ਦੂ ਹੋਇ ॥ ਮਣੀ ਮਿਟਾਇ ਜੀਵਤ ਮਰੈ ਗੁਰ ਪੂਰੇ ਉਪਦੇਸ ॥ ਮਨੂਆ ਜੀਤੈ ਹਰਿ ਮਿਲੈ ਤਿਹ ਸੂਰਤਣ ਵੇਸ ॥ ਣਾ ਕੋ ਜਾਣੈ ਆਪਣੋ ਏਕਹਿ ਟੇਕ ਅਧਾਰ ॥ ਰੈਣਿ ਦਿਣਸੁ ਸਿਮਰਤ ਰਹੈ ਸੋ ਪ੍ਰਭੁ ਪੁਰਖੁ ਅਪਾਰ ॥ ਰੇਣ ਸਗਲ ਇਆ ਮਨੁ ਕਰੈ ਏਊ ਕਰਮ ਕਮਾਇ ॥ ਹੁਕਮੈ ਬੂਝੈ ਸਦਾ ਸੁਖੁ ਨਾਨਕ ਲਿਖਿਆ ਪਾਇ ॥੩੧॥ {ਪੰਨਾ 256}

ਪਦਅਰਥ:- ਦੂਤ—ਹੇ ਮੇਰੇ ਦੂਤੋ! {ਧਰਮਰਾਜ ਆਪਣੇ ਦੂਤਾਂ ਨੂੰ ਕਹਿੰਦਾ ਦੱਸਿਆ ਜਾ ਰਿਹਾ ਹੈ}।1।

ਪਉੜੀ:- ਰਣ ਤੇ—ਜਗਤ ਦੀ ਰਣ-ਭੂਮੀ ਤੋਂ। ਸੀਝੀਐ—ਜਿੱਤੀਦਾ ਹੈ। ਆਤਮ—ਆਪਣੇ ਆਪ ਨੂੰ। ਅਨ—ਦ੍ਵੈਤ। ਮਰੈ—ਆਪਾ-ਭਾਵ ਵਲੋਂ ਮਰੇ। ਸੋਭਾਦੂ—ਦੋਹਾਂ ਬਾਹਵਾਂ ਨਾਲ ਤਲਵਾਰ ਚਲਾਣ ਵਾਲਾ ਸੂਰਮਾ। ਮਣੀ—ਹਉਮੈ। ਸੂਰਤਣ—ਸੂਰਮਤਾ, ਬਹਾਦਰੀ। ਟੇਕ—ਓਟ। ਰੈਣਿ—ਰਾਤ। ਰੇਣ—ਚਰਨ-ਧੂੜ। ਏਊ—ਇਹੀ, ਇਹੋ ਜੇਹੇ। 31।

ਅਰਥ:- (ਧਰਮਰਾਜ ਆਖਦਾ ਹੈ—) ਹੇ ਮੇਰੇ ਦੂਤੋ! ਜਿੱਥੇ ਸਾਧ ਜਨ ਪਰਮਾਤਮਾ ਦਾ ਭਜਨ ਕਰ ਰਹੇ ਹੋਣ, ਜਿਥੇ

ਨਿੱਤ ਕੀਰਤਨ ਹੋ ਰਿਹਾ ਹੋਵੇ, ਤੁਸਾਂ ਉਸ ਥਾਂ ਦੇ ਨੇੜੇ ਨ ਜਾਣਾ। (ਜੇ ਤੁਸੀ ਉਥੇ ਚਲੇ ਗਏ ਤਾਂ ਇਸ ਖ਼ੁਨਾਮੀ ਤੋਂ) ਨਾਹ ਮੈਂ ਬਚਾਂਗਾ, ਨਾਹ ਤੁਸੀ ਬਚੋਗੇ।1।

ਪਉੜੀ:- ਇਸ ਜਗਤ ਰਣ-ਭੂਮੀ ਵਿਚ ਹਉਮੈ ਨਾਲ ਹੋ ਰਹੇ ਜੰਗ ਤੋਂ ਤਦੋਂ ਹੀ ਕਾਮਯਾਬ ਹੋਈਦਾ ਹੈ, ਜੇ ਮਨੁੱਖ ਆਪਣੇ ਆਪ ਨੂੰ ਜਿੱਤ ਲਏ। ਜੇਹੜਾ ਮਨੁੱਖ ਹਉਮੈ ਤੇ ਦ੍ਵੈਤ ਨਾਲ ਟਾਕਰਾ ਕਰ ਕੇ ਹਉਮੈ ਵਲੋਂ ਮਰ ਜਾਂਦਾ ਹੈ, ਉਹੀ ਵੱਡਾ ਸੂਰਮਾ ਹੈ।

ਜੇਹੜਾ ਮਨੁੱਖ ਗੁਰੂ ਦੀ ਸਿੱਖਿਆ ਲੈ ਕੇ ਹਉਮੈ ਨੂੰ ਮੁਕਾਂਦਾ ਹੈ, ਸੰਸਾਰਕ ਵਾਸ਼ਨਾ ਵਲੋਂ ਅਜਿੱਤ ਹੋ ਜਾਂਦਾ ਹੈ, ਆਪਣੇ ਮਨ ਨੂੰ ਆਪਣੇ ਵੱਸ ਵਿਚ ਕਰ ਲੈਂਦਾ ਹੈ, ਉਹ ਮਨੁੱਖ ਪਰਮਾਤਮਾ ਨੂੰ ਮਿਲ ਪੈਂਦਾ ਹੈ (ਸੰਸਾਰਕ ਰਣ-ਭੂਮੀ ਵਿਚ) ਉਸੇ ਦੀ ਬਰਦੀ ਸੂਰਮਿਆਂ ਵਾਲੀ ਸਮਝੋ।

ਹੇ ਨਾਨਕ! ਜੇਹੜਾ ਮਨੁੱਖ ਇਕ ਪ੍ਰਭੂ ਦਾ ਹੀ ਆਸਰਾ-ਪਰਨਾ ਲੈਂਦਾ ਹੈ, ਕਿਸੇ ਹੋਰ ਨੂੰ ਆਪਣਾ ਆਸਰਾ ਨਹੀਂ ਸਮਝਦਾ, ਸਰਬ-ਵਿਆਪਕ ਬੇਅੰਤ ਪ੍ਰਭੂ ਨੂੰ ਦਿਨ ਰਾਤ ਹਰ ਵੇਲੇ ਸਿਮਰਦਾ ਰਹਿੰਦਾ ਹੈ, ਆਪਣੇ ਇਸ ਮਨ ਨੂੰ ਸਭਨਾਂ ਦੀ ਚਰਨ-ਧੂੜ ਬਣਾਂਦਾ ਹੈ—ਜੇਹੜਾ ਮਨੁੱਖ ਇਹ ਕਰਮ ਕਮਾਂਦਾ ਹੈ ਉਹ ਪਰਮਾਤਮਾ ਦੀ ਰਜ਼ਾ ਨੂੰ ਸਮਝ ਲੈਂਦਾ ਹੈ, ਸਦਾ ਆਤਮਕ ਆਨੰਦ ਮਾਣਦਾ ਹੈ, ਪਿਛਲੇ ਕੀਤੇ ਭਲੇ ਕਰਮਾਂ ਦਾ ਲੇਖ ਉਸ ਦੇ ਮੱਥੇ ਉਤੇ ਉੱਘੜ ਪੈਂਦਾ ਹੈ। 31।

ਸਲੋਕੁ ॥ ਤਨੁ ਮਨੁ ਧਨੁ ਅਰਪਉ ਤਿਸੈ ਪ੍ਰਭੂ ਮਿਲਾਵੈ ਮੋਹਿ ॥ ਨਾਨਕ ਭ੍ਰਮ ਭਉ ਕਾਟੀਐ ਚੂਕੈ ਜਮ ਕੀ ਜੋਹ ॥੧॥ ਪਉੜੀ ॥ ਤਤਾ ਤਾ ਸਿਉ ਪ੍ਰੀਤਿ ਕਰਿ ਗੁਣ ਨਿਧਿ ਗੋਬਿਦ ਰਾਇ ॥ ਫਲ ਪਾਵਹਿ ਮਨ ਬਾਛਤੇ ਤਪਤਿ ਤੁਹਾਰੀ ਜਾਇ ॥ ਤ੍ਰਾਸ ਮਿਟੈ ਜਮ ਪੰਥ ਕੀ ਜਾਸੁ ਬਸੈ ਮਨਿ ਨਾਉ ॥ ਗਤਿ ਪਾਵਹਿ ਮਤਿ ਹੋਇ ਪ੍ਰਗਾਸ ਮਹਲੀ ਪਾਵਹਿ ਠਾਉ ॥ ਤਾਹੂ ਸੰਗਿ ਨ ਧਨੁ ਚਲੈ ਗ੍ਰਿਹ ਜੋਬਨ ਨਹ ਰਾਜ ॥ ਸੰਤਸੰਗਿ ਸਿਮਰਤ ਰਹਹੁ ਇਹੈ ਤੁਹਾਰੈ ਕਾਜ ॥ ਤਾਤਾ ਕਛੂ ਨ ਹੋਈ ਹੈ ਜਉ ਤਾਪ ਨਿਵਾਰੈ ਆਪ ॥ ਪ੍ਰਤਿਪਾਲੈ ਨਾਨਕ ਹਮਹਿ ਆਪਹਿ ਮਾਈ ਬਾਪ ॥੩੨॥ {ਪੰਨਾ 256-257}

ਪਦਅਰਥ:- ਅਰਪਉ—ਮੈਂ ਭੇਟਾ ਕਰ ਦਿਆਂ। ਮੋਹਿ—ਮੈਨੂੰ। ਜੋਹ—ਤੱਕ, ਘੂਰੀ।1।

ਪਉੜੀ:- ਨਿਧਿ—ਖ਼ਜ਼ਾਨਾ। ਤਪਤਿ—ਸੜਨ, ਤਪਸ਼। ਤ੍ਰਾਸ—ਡਰ। ਪੰਥ—ਰਸਤਾ। ਜਾਸੁ ਮਨਿ—ਜਿਸ ਦੇ ਮਨ ਵਿਚ। ਮਹਲੀ—ਪ੍ਰਭੂ ਦੇ ਘਰ ਵਿਚ। ਠਾਉ—ਥਾਂ। ਤਾਹ ਸੰਗਿ—ਤੇਰੇ ਨਾਲ। ਤਾਤਾ—ਸਾੜਾ, ਕਲੇਸ਼। ਆਪਹਿ—ਆਪ ਹੀ। 32।

ਅਰਥ:- ਹੇ ਨਾਨਕ! (ਆਖ—) ਜੇਹੜਾ ਮਨੁੱਖ ਮੈਨੂੰ ਰੱਬ ਮਿਲਾ ਦੇਵੇ, ਮੈਂ ਉਸ ਅਗੇ ਆਪਣਾ ਤਨ ਮਨ ਧਨ ਸਭ ਕੁਝ ਭੇਟ ਕਰ ਦਿਆਂ, (ਕਿਉਂਕਿ ਪ੍ਰਭੂ ਦੇ ਮਿਲਿਆਂ) ਮਨ ਦੀ ਭਟਕਣਾ ਤੇ ਸਹਮ ਦੂਰ ਹੋ ਜਾਂਦਾ ਹੈ, ਜਮ ਦੀ ਘੂਰੀ ਭੀ ਮੁੱਕ ਜਾਂਦੀ ਹੈ, (ਮੌਤ ਦਾ ਸਹਮ ਭੀ ਖ਼ਤਮ ਹੋ ਜਾਂਦਾ ਹੈ)।1।

ਪਉੜੀ:- (ਹੇ ਭਾਈ!) ਉਸ ਗੋਬਿੰਦ ਰਾਇ ਨਾਲ ਪਿਆਰ ਪਾ ਜੋ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ, ਮਨ-ਇੱਛਤ ਫਲ ਹਾਸਲ ਕਰੇਂਗਾ, ਤੇਰੇ ਮਨ ਦੀ (ਤ੍ਰਿਸ਼ਨਾ-ਅੱਗ ਦੀ) ਤਪਸ਼ ਦੂਰ ਹੋ ਜਾਇਗੀ। ਜਿਸ ਮਨੁੱਖ ਦੇ ਮਨ ਵਿਚ ਪ੍ਰਭੂ ਦਾ ਨਾਮ ਵੱਸ ਪਏ ਉਸ ਦਾ ਜਮਾਂ ਦੇ ਰਸਤੇ ਦਾ ਡਰ ਮਿਟ ਜਾਂਦਾ ਹੈ (ਮੌਤ ਦਾ ਸਹਮ ਮੁੱਕ ਜਾਂਦਾ ਹੈ)। (ਹੇ ਭਾਈ! ਨਾਮ ਦੀ ਬਰਕਤਿ ਨਾਲ) ਉੱਚੀ ਆਤਮਕ ਹਾਸਲ ਕਰੇਂਗਾ, ਤੇਰੀ ਅਕਲ ਰੌਸ਼ਨ ਹੋ ਜਾਏਗੀ ਪ੍ਰਭੂ-ਚਰਨਾਂ ਵਿਚ ਤੇਰੀ ਸੁਰਤਿ ਟਿਕੀ ਰਹੇਗੀ। (ਮਾਇਆ ਵਾਲੀ) ਭਟਕਣਾ ਛੱਡ, ਧਨ, ਘਰ ਜੁਆਨੀ, ਰਾਜ ਕਿਸੇ ਚੀਜ਼ ਨੇ ਭੀ ਤੇਰੇ ਨਾਲ ਨਹੀਂ ਜਾਣਾ; ਸਤਸੰਗ ਵਿਚ ਰਹਿ ਕੇ ਪ੍ਰਭੂ ਦਾ ਨਾਮ ਸਿਮਰਿਆ ਕਰ, ਬੱਸ! ਇਹੀ ਅੰਤ ਤੇਰੇ ਕੰਮ ਆਵੇਗਾ। (ਪ੍ਰਭੂ ਦਾ ਹੋ ਰਹੁ) ਜਦੋਂ ਪ੍ਰਭੂ ਆਪ ਦੁੱਖ-ਕਲੇਸ਼ ਦੂਰ ਕਰਨ ਵਾਲਾ (ਸਿਰ ਉਤੇ) ਹੋਵੇ ਤਾਂ ਕੋਈ ਮਾਨਸਕ ਕਲੇਸ਼ ਰਹਿ

ਨਹੀਂ ਸਕਦਾ।

ਹੇ ਨਾਨਕ! (ਆਖ—) ਪ੍ਰਭੂ ਆਪ ਮਾਪਿਆਂ ਵਾਂਗ ਸਾਡੀ ਪਾਲਣਾ ਕਰਦਾ ਹੈ। 32।

ਸਲੋਕੁ ॥ ਥਾਕੇ ਬਹੁ ਬਿਧਿ ਘਾਲਤੇ ਤ੍ਰਿਪਤਿ ਨ ਤ੍ਰਿਸਨਾ ਲਾਥ ॥ ਸੰਚਿ ਸੰਚਿ ਸਾਕਤ ਮੂਏ ਨਾਨਕ ਮਾਇਆ ਨ ਸਾਥ ॥੧॥ ਪਉੜੀ ॥ ਥਥਾ ਥਿਰੁ ਕੋਊ ਨਹੀ ਕਾਇ ਪਸਾਰਹੁ ਪਾਵ ॥ ਅਨਿਕ ਬੰਚ ਬਲ ਛਲ ਕਰਹੁ ਮਾਇਆ ਏਕ ਉਪਾਵ ॥ ਥੈਲੀ ਸੰਚਹੁ ਸ੍ਰਮੁ ਕਰਹੁ ਥਾਕਿ ਪਰਹੁ ਗਾਵਾਰ ॥ ਮਨ ਕੈ ਕਾਮਿ ਨ ਆਵਈ ਅੰਤੇ ਅਉਸਰ ਬਾਰ ॥ ਥਿਤਿ ਪਾਵਹੁ ਗੋਬਿਦ ਭਜਹੁ ਸੰਤਹ ਕੀ ਸਿਖ ਲੇਹੁ ॥ ਪ੍ਰੀਤਿ ਕਰਹੁ ਸਦ ਏਕ ਸਿਉ ਇਆ ਸਾਚਾ ਅਸਨੇਹੁ ॥ ਕਾਰਨ ਕਰਨ ਕਰਾਵਨੋ ਸਭ ਬਿਧਿ ਏਕੈ ਹਾਥ ॥ ਜਿਤੁ ਜਿਤੁ ਲਾਵਹੁ ਤਿਤੁ ਤਿਤੁ ਲਗਹਿ ਨਾਨਕ ਜੰਤ ਅਨਾਥ ॥੩੩॥ {ਪੰਨਾ 257}

ਪਦਅਰਥ:- ਸੰਚਿ—ਇਕੱਠੀ ਕਰ ਕੇ। ਸਾਕਤ—ਮਾਇਆ-ਗ੍ਰਸੇ ਜੀਵ।1।

ਪਉੜੀ:- ਬੰਚ—ਠੱਗੀ। ਬਲ ਛਲ—ਵਲ-ਛਲ, ਫ਼ਰੇਬ। ਸ੍ਰਮੁ—ਮਿਹਨਤ। ਗਾਵਾਰ—ਹੇ ਮੂਰਖ! ਅਉਸਰ—ਸਮਾ। ਥਿਤਿ—ਸ਼ਾਂਤੀ, ਟਿਕਾਉ। ਸਿਖ—ਸਿੱਖਿਆ। ਅਸਨੇਹੁ—ਨੇਹੁ, ਪਿਆਰ {Ônyh ਦੇ ਦੋ ਪੰਜਾਬੀ ਰੂਪ—ਨੇਹੁ, ਅਸਨੇਹੁ। ਵੇਖੋ 'ਗੁਰਬਾਣੀ ਵਿਆਕਰਣ'}। 33।

ਅਰਥ:- ਹੇ ਨਾਨਕ! ਮਾਇਆ-ਗ੍ਰਸੇ ਜੀਵ ਮਾਇਆ ਦੀ ਖ਼ਾਤਰ ਕਈ ਤਰ੍ਹਾਂ ਦੌੜ-ਭੱਜ ਕਰਦੇ ਹਨ, ਪਰ ਰੱਜਦੇ ਨਹੀਂ, ਤ੍ਰਿਸ਼ਨਾ ਮੁੱਕਦੀ ਨਹੀਂ; ਮਾਇਆ ਜੋੜ ਜੋੜ ਕੇ ਆਤਮਕ ਮੌਤ ਸਹੇੜ ਲੈਂਦੇ ਹਨ, ਮਾਇਆ ਭੀ ਨਾਲ ਨਹੀਂ ਨਿਭਦੀ।1।

ਪਉੜੀ:- ਹੇ ਮੂਰਖ! ਕਿਸੇ ਨੇ ਭੀ ਇਥੇ ਸਦਾ ਬੈਠ ਨਹੀਂ ਰਹਿਣਾ, ਕਿਉਂ ਪੈਰ ਪਸਾਰ ਰਿਹਾ ਹੈਂ? (ਕਿਉਂ ਮਾਇਆ ਦੇ ਖਿਲਾਰੇ ਖਿਲਾਰ ਰਿਹਾ ਹੈਂ?) ਤੂੰ ਸਿਰਫ਼ ਮਾਇਆ ਵਾਸਤੇ ਹੀ ਕਈ ਪਾਪੜ ਵੇਲ ਰਿਹਾ ਹੈਂ, ਅਨੇਕਾਂ ਠੱਗੀਆਂ-ਫ਼ਰੇਬ ਕਰ ਰਿਹਾ ਹੈਂ।

ਹੇ ਮੂਰਖ! ਤੂੰ ਧਨ ਜੋੜ ਰਿਹਾ ਹੈਂ, (ਧਨ ਦੀ ਖ਼ਾਤਰ) ਦੌੜ-ਭੱਜ ਕਰਦਾ ਹੈਂ, ਤੇ ਥੱਕ-ਟੁੱਟ ਜਾਂਦਾ ਹੈਂ, ਪਰ ਅੰਤ ਸਮੇ ਇਹ ਧਨ ਤੇਰੀ ਜਿੰਦ ਦੇ ਕੰਮ ਤਾਂ ਨਹੀਂ ਆਵੇਗਾ।

(ਹੇ ਭਾਈ!) ਗੁਰਮੁਖਾਂ ਦੀ ਸਿੱਖਿਆ ਧਿਆਨ ਨਾਲ ਸੁਣ, ਪਰਮਾਤਮਾ ਦਾ ਭਜਨ ਕਰ ਆਤਮਕ ਸ਼ਾਂਤੀ (ਤਦੋਂ ਹੀ) ਮਿਲੇਗੀ, ਸਦਾ ਸਿਰਫ਼ ਪਰਮਾਤਮਾ ਨਾਲ (ਦਿਲੀ) ਪ੍ਰੀਤਿ ਬਣਾ। ਇਹੀ ਪਿਆਰ ਸਦਾ ਕਾਇਮ ਰਹਿਣ ਵਾਲਾ ਹੈ।

(ਪਰ) ਹੇ ਨਾਨਕ! (ਆਖ—ਹੇ ਪ੍ਰਭੂ!) ਇਹ ਜੀਵ ਵਿਚਾਰੇ (ਮਾਇਆ ਦੇ ਟਾਕਰੇ ਤੇ ਬੇ-ਵੱਸ) ਹਨ, ਜਿੱਧਰ ਤੂੰ ਇਹਨਾਂ ਨੂੰ ਲਾਉਂਦਾ ਹੈਂ, ਉਧਰ ਹੀ ਲੱਗਦੇ ਹਨ, ਹਰੇਕ ਸਬਬ ਸਿਰਫ਼ ਤੇਰੇ ਹੱਥ ਵਿਚ ਹੈ, ਤੂੰ ਹੀ ਸਭ ਕੁਝ ਕਰ ਸਕਦਾ ਹੈਂ, ਤੇ ਜੀਵਾਂ ਪਾਸੋਂ) ਕਰਾ ਸਕਦਾ ਹੈਂ। 33।

ਸਲੋਕੁ ॥ ਦਾਸਹ ਏਕੁ ਨਿਹਾਰਿਆ ਸਭੁ ਕਛੁ ਦੇਵਨਹਾਰ ॥ ਸਾਸਿ ਸਾਸਿ ਸਿਮਰਤ ਰਹਹਿ ਨਾਨਕ ਦਰਸ ਅਧਾਰ ॥੧॥ ਪਉੜੀ ॥ ਦਦਾ ਦਾਤਾ ਏਕੁ ਹੈ ਸਭ ਕਉ ਦੇਵਨਹਾਰ ॥ ਦੇਂਦੇ ਤੋਟਿ ਨ ਆਵਈ ਅਗਨਤ ਭਰੇ ਭੰਡਾਰ ॥ ਦੈਨਹਾਰੁ ਸਦ ਜੀਵਨਹਾਰਾ ॥ ਮਨ ਮੂਰਖ ਕਿਉ ਤਾਹਿ ਬਿਸਾਰਾ ॥ ਦੋਸੁ ਨਹੀ ਕਾਹੂ ਕਉ ਮੀਤਾ ॥ ਮਾਇਆ ਮੋਹ ਬੰਧੁ ਪ੍ਰਭਿ ਕੀਤਾ ॥ ਦਰਦ ਨਿਵਾਰਹਿ ਜਾ ਕੇ ਆਪੇ ॥ ਨਾਨਕ ਤੇ ਤੇ ਗੁਰਮੁਖਿ ਧ੍ਰਾਪੇ ॥੩੪॥ {ਪੰਨਾ 257}

ਪਦਅਰਥ:- ਦਾਸਹਿ—ਦਾਸਾਂ ਨੇ। ਨਿਹਾਰਿਆ—ਵੇਖਿਆ ਹੈ। ਅਧਾਰ—ਆਸਰਾ।1।

ਪਉੜੀ:- ਅਗਨਤ—ਅ-ਗਨਤ, ਜੋ ਗਿਣੇ ਨਾ ਜਾ ਸਕਣ। ਦੈਨਹਾਰੁ—ਦਾਤਾਰ। ਤਾਹਿ—ਉਸ ਨੂੰ। ਮੀਤਾ—ਹੇ ਮਿੱਤਰ! ਪ੍ਰਭਿ—ਪ੍ਰਭੂ ਨੇ। ਬੰਧੁ—ਬੰਨ੍ਹ, ਡੱਕਾ, ਰੋਕ। ਧ੍ਰਾਪੇ—ਰੱਜ ਜਾਂਦੇ ਹਨ। ਤੇ ਤੇ—ਉਹ ਉਹ ਬੰਦੇ। 34।

ਅਰਥ:- ਹੇ ਨਾਨਕ! ਪ੍ਰਭੂ ਦੇ ਸੇਵਕਾਂ ਨੇ ਇਹ ਵੇਖ ਲਿਆ ਹੈ (ਇਹ ਨਿਸਚਾ ਕਰ ਲਿਆ ਹੈ) ਕਿ ਹਰੇਕ ਦਾਤਿ ਪ੍ਰਭੂ ਆਪ ਹੀ ਦੇਣ ਵਾਲਾ ਹੈ (ਇਸ ਵਾਸਤੇ ਉਹ ਮਾਇਆ ਦੀ ਟੇਕ ਰੱਖਣ ਦੇ ਥਾਂ) ਪ੍ਰਭੂ ਦੇ ਦੀਦਾਰ ਨੂੰ (ਆਪਣੀ ਜ਼ਿੰਦਗੀ ਦਾ) ਆਸਰਾ ਬਣਾ ਕੇ ਸੁਆਸ ਸੁਆਸ ਉਸ ਨੂੰ ਯਾਦ ਕਰਦੇ ਹਨ।1।

ਪਉੜੀ:- ਇਕ ਪ੍ਰਭੂ ਹੀ (ਐਸਾ) ਦਾਤਾ ਹੈ ਜੋ ਸਭ ਜੀਵਾਂ ਨੂੰ ਰਿਜ਼ਕ ਅਪੜਾਣ ਦੇ ਸਮਰਥ ਹੈ, ਉਸ ਦੇ ਬੇਅੰਤ ਖ਼ਜ਼ਾਨੇ ਭਰੇ ਪਏ ਹਨ, ਵੰਡਦਿਆਂ ਖ਼ਜ਼ਾਨਿਆਂ ਵਿਚ ਤੋਟ ਨਹੀਂ ਆਉਂਦੀ।

ਹੇ ਮੂਰਖ ਮਨ! ਤੂੰ ਸਦਾ ਦਾਤਾਰ ਨੂੰ ਕਿਉਂ ਭੁਲਾਂਦਾ ਹੈਂ ਜੋ ਸਦਾ ਤੇਰੇ ਸਿਰ ਤੇ ਮੌਜੂਦ ਹੈ?

ਪਰ ਹੇ ਮਿੱਤਰ! ਕਿਸੇ ਜੀਵ ਨੂੰ ਇਹ ਦੋਸ਼ ਭੀ ਨਹੀਂ ਦਿੱਤਾ ਜਾ ਸਕਦਾ (ਕਿ ਮਾਇਆ ਦੇ ਮੋਹ ਵਿਚ ਫਸ ਕੇ ਤੂੰ ਦਾਤਾਰ ਨੂੰ ਕਿਉਂ ਵਿਸਾਰ ਰਿਹਾ ਹੈਂ, ਅਸਲ ਗੱਲ ਇਹ ਹੈ ਕਿ ਜੀਵ ਦੇ ਆਤਮਕ ਜੀਵਨ ਦੇ ਰਾਹ ਵਿਚ) ਪ੍ਰਭੂ ਨੇ ਆਪ ਹੀ ਮਾਇਆ ਦੀ ਮੋਹ ਦਾ ਬੰਨ੍ਹ ਬਣਾ ਦਿੱਤਾ ਹੈ।

ਹੇ ਨਾਨਕ! (ਆਖ—) ਹੇ ਪ੍ਰਭੂ! ਜਿਨ੍ਹਾਂ ਬੰਦਿਆਂ ਦੇ ਦਿਲ ਵਿਚੋਂ ਤੂੰ ਆਪ ਹੀ (ਮਾਇਆ ਦੇ ਮੋਹ ਦੀਆਂ) ਚੋਭਾਂ ਦੂਰ ਕਰਦਾ ਹੈਂ, ਉਹ ਗੁਰੂ ਦੀ ਸਰਨ ਪੈ ਕੇ ਮਾਇਆ ਵਲੋਂ ਰੱਜ ਜਾਂਦੇ ਹਨ (ਤ੍ਰਿਸ਼ਨਾ ਮੁਕਾ ਲੈਂਦੇ ਹਨ)। 34।

ਸਲੋਕੁ ॥ ਧਰ ਜੀਅਰੇ ਇਕ ਟੇਕ ਤੂ ਲਾਹਿ ਬਿਡਾਨੀ ਆਸ ॥ ਨਾਨਕ ਨਾਮੁ ਧਿਆਈਐ ਕਾਰਜੁ ਆਵੈ ਰਾਸਿ ॥੧॥ ਪਉੜੀ ॥ ਧਧਾ ਧਾਵਤ ਤਉ ਮਿਟੈ ਸੰਤਸੰਗਿ ਹੋਇ ਬਾਸੁ ॥ ਧੁਰ ਤੇ ਕਿਰਪਾ ਕਰਹੁ ਆਪਿ ਤਉ ਹੋਇ ਮਨਹਿ ਪਰਗਾਸੁ ॥ ਧਨੁ ਸਾਚਾ ਤੇਊ ਸਚ ਸਾਹਾ ॥ ਹਰਿ ਹਰਿ ਪੂੰਜੀ ਨਾਮ ਬਿਸਾਹਾ ॥ ਧੀਰਜੁ ਜਸੁ ਸੋਭਾ ਤਿਹ ਬਨਿਆ ॥ ਹਰਿ ਹਰਿ ਨਾਮੁ ਸ੍ਰਵਨ ਜਿਹ ਸੁਨਿਆ ॥ ਗੁਰਮੁਖਿ ਜਿਹ ਘਟਿ ਰਹੇ ਸਮਾਈ ॥ ਨਾਨਕ ਤਿਹ ਜਨ ਮਿਲੀ ਵਡਾਈ ॥੩੫॥ {ਪੰਨਾ 257}

ਪਦਅਰਥ:- ਜੀਅਰੇ—ਹੇ ਜਿੰਦੇ! ਲਾਹਿ—ਦੂਰ ਕਰ। ਬਿਡਾਨੀ—ਬਿਗਾਨੀ।1।

ਪਉੜੀ:- ਧਾਵਤ—(ਮਾਇਆ ਦੀ ਖ਼ਾਤਰ) ਭਟਕਣਾ। ਤਉ—ਤਦੋਂ। ਬਾਸੁ—ਵਸੇਬਾ। ਧਰ ਤੇ—ਧੁਰ ਤੋਂ, ਆਪਣੇ ਦਰ ਤੋਂ। ਮਨਹਿ—ਮਨ ਵਿਚ। ਪਰਗਾਸੁ—ਚਾਨਣ, ਸਹੀ ਜੀਵਨ ਦੀ ਸੂਝ। ਸਾਚਾ—ਸਦਾ-ਥਿਰ ਰਹਿਣ ਵਾਲਾ। ਤੇਊ—ਉਹੀ ਬੰਦੇ। ਵਿਸਾਹਾ—ਵਿਹਾਝਿਆ, ਵਪਾਰ ਕੀਤਾ। ਧੀਰਜੁ—ਗੰਭੀਰਤਾ, ਜਿਗਰਾ। ਤਿਹ—ਉਹਨਾਂ ਦਾ। ਸ੍ਰਵਨ—ਕੰਨਾਂ ਨਾਲ। ਜਿਹ ਘਟਿ—ਜਿਨ੍ਹਾਂ ਦੇ ਹਿਰਦੇ ਵਿਚ। 35।

ਅਰਥ:- ਹੇ ਮੇਰੀ ਜਿੰਦੇ! ਸਿਰਫ਼ ਪਰਮਾਤਮਾ ਦਾ ਆਸਰਾ ਲੈ, ਉਸ ਤੋਂ ਬਿਨਾ ਕਿਸੇ ਹੋਰ (ਦੀ ਸਹਾਇਤਾ) ਦੀ ਆਸ ਲਾਹ ਦੇ। ਹੇ ਨਾਨਕ! ਸਦਾ ਪ੍ਰਭੂ ਦੀ ਯਾਦ ਮਨ ਵਿਚ ਵਸਾਣੀ ਚਾਹੀਦੀ ਹੈ, ਹਰੇਕ ਕੰਮ ਸਿਰੇ ਚੜ੍ਹ ਜਾਂਦਾ ਹੈ।1।

ਪਉੜੀ:- ਜੇ ਸੰਤਾਂ ਦੀ ਸੰਗਤਿ ਵਿਚ ਬਹਣ-ਖਲੋਣ ਹੋ ਜਾਏ, ਤਾਂ (ਮਾਇਆ ਦੀ ਖ਼ਾਤਰ ਮਨ ਦੀ ਬੇ-ਸਬਰੀ ਵਾਲੀ) ਭਟਕਣਾ ਮਿਟ ਜਾਂਦੀ ਹੈ। (ਪਰ ਇਹ ਕੋਈ ਸੌਖੀ ਖੇਡ ਨਹੀਂ। ਹੇ ਪ੍ਰਭੂ!) ਜਿਸ ਜੀਵ ਉਤੇ ਤੂੰ ਆਪਣੇ ਦਰ ਤੋਂ ਮਿਹਰ ਕਰਦਾ ਹੈਂ, ਉਸੇ ਦੇ ਮਨ ਵਿਚ ਜੀਵਨ ਦੀ ਸਹੀ ਸੂਝ ਪੈਂਦੀ ਹੈ (ਤੇ ਉਸ ਦੀ ਭਟਕਣਾ ਮੁੱਕਦੀ ਹੈ)। (ਉਸ ਨੂੰ ਇਹ ਗਿਆਨ ਹੁੰਦਾ ਹੈ ਕਿ) ਅਸਲ ਸੱਚੇ ਸਾਹੂਕਾਰ ਉਹ ਹਨ (ਜਿਨ੍ਹਾਂ ਪਾਸ ਸਦਾ-ਥਿਰ ਰਹਿਣ ਵਾਲਾ ਨਾਮ-ਧਨ ਹੈ, ਜੋ ਹਰੀ-ਨਾਮ ਦੀ ਪੂੰਜੀ ਦਾ ਵਣਜ ਕਰਦੇ ਹਨ। ਜੇਹੜੇ ਬੰਦੇ ਹਰੀ-ਨਾਮ ਕੰਨਾਂ ਨਾਲ (ਧਿਆਨ ਨਾਲ) ਸੁਣਦੇ ਰਹਿੰਦੇ ਹਨ, ਉਹਨਾਂ ਦੇ ਅੰਦਰ ਗੰਭੀਰਤਾ ਆਉਂਦੀ ਹੈ, ਉਹ ਵਡਿਆਈ ਸੋਭਾ ਖੱਟਦੇ ਹਨ।

ਹੇ ਨਾਨਕ! ਗੁਰੂ ਦੀ ਰਾਹੀਂ ਜਿਨ੍ਹਾਂ ਦੇ ਹਿਰਦੇ ਵਿਚ ਪ੍ਰਭੂ ਦਾ ਨਾਮ ਵੱਸਦਾ ਹੈ, ਉਹਨਾਂ ਨੂੰ (ਲੋਕ ਪਰਲੋਕ ਵਿਚ)

ਵਡਿਆਈ ਮਿਲਦੀ ਹੈ। 35।

ਸਲੋਕੁ ॥ ਨਾਨਕ ਨਾਮੁ ਨਾਮੁ ਜਪੁ ਜਪਿਆ ਅੰਤਰਿ ਬਾਹਰਿ ਰੰਗਿ ॥ ਗੁਰਿ ਪੂਰੈ ਉਪਦੇਸਿਆ ਨਰਕੁ ਨਾਹਿ ਸਾਧਸੰਗਿ ॥੧॥ ਪਉੜੀ ॥ ਨੰਨਾ ਨਰਕਿ ਪਰਹਿ ਤੇ ਨਾਹੀ ॥ ਜਾ ਕੈ ਮਨਿ ਤਨਿ ਨਾਮੁ ਬਸਾਹੀ ॥ ਨਾਮੁ ਨਿਧਾਨੁ ਗੁਰਮੁਖਿ ਜੋ ਜਪਤੇ ॥ ਬਿਖੁ ਮਾਇਆ ਮਹਿ ਨਾ ਓਇ ਖਪਤੇ ॥ ਨੰਨਾਕਾਰੁ ਨ ਹੋਤਾ ਤਾ ਕਹੁ ॥ ਨਾਮੁ ਮੰਤ੍ਰੁ ਗੁਰਿ ਦੀਨੋ ਜਾ ਕਹੁ ॥ ਨਿਧਿ ਨਿਧਾਨ ਹਰਿ ਅੰਮ੍ਰਿਤ ਪੂਰੇ ॥ ਤਹ ਬਾਜੇ ਨਾਨਕ ਅਨਹਦ ਤੂਰੇ ॥੩੬॥ {ਪੰਨਾ 257}

ਪਦਅਰਥ:- ਨਾਮੁ ਨਾਮੁ—ਪ੍ਰਭੂ ਦਾ ਨਾਮ ਹੀ ਨਾਮ। ਅੰਤਰਿ ਬਾਹਰਿ—ਅੰਦਰ ਬਾਹਰ, ਕੰਮ ਕਾਜ ਕਰਦਿਆਂ, ਹਰ ਵੇਲੇ। ਰੰਗਿ—ਪਿਆਰ ਵਿਚ। ਗੁਰਿ—ਗੁਰੂ ਨੂੰ। ਉਪਦੇਸਿਆ—ਨੇੜੇ ਵਿਖਾ ਦਿੱਤਾ। ਨਰਕੁ—ਦੁੱਖ-ਕਲੇਸ਼।1।

ਪਉੜੀ:- ਨਰਕਿ—ਨਰਕ ਵਿਚ, ਘੋਰ ਦੁੱਖ ਵਿਚ। ਤੇ—ਉਹ ਬੰਦੇ। ਪਰਹਿ—ਪੈਂਦੇ। ਨਿਧਾਨੁ—(ਸਭ ਗੁਣਾਂ ਦਾ) ਖ਼ਜ਼ਾਨਾ। ਬਿਖੁ—ਵਿਹੁ, ਜ਼ਹਰ, ਮੌਤ ਦਾ ਮੂਲ। ਨੰਨਾਕਾਰੁ—ਨਾਹ, ਇਨਕਾਰ, ਰੁਕਾਵਟ। ਮੰਤ੍ਰੁ—ਉਪਦੇਸ਼। ਜਾ ਕਹੁ—ਜਿਨ੍ਹਾਂ ਨੂੰ। ਨਿਧਿ—ਖ਼ਜ਼ਾਨਾ। ਨਿਧਾਨ—ਖ਼ਜ਼ਾਨੇ। ਪੂਰੇ—ਭਰੇ ਹੋਏ। ਤਹ—ਉਥੇ, ਉਸ ਹਿਰਦੇ ਵਿਚ। ਬਾਜੇ—ਵੱਜਦੇ ਹਨ। ਅਨਹਦ—{hn` to strike, ਚੋਟ ਲਾਣੀ, ਕਿਸੇ ਸਾਜ ਨੂੰ ਉਂਗਲਾਂ ਨਾਲ ਵਜਾਣਾ} ਬਿਨਾ ਵਜਾਏ, ਇਕ-ਰਸ। ਤੂਰੇ—ਵਾਜੇ। 36।

ਅਰਥ:- ਹੇ ਨਾਨਕ! ਜਿਨ੍ਹਾਂ ਬੰਦਿਆਂ ਨੇ ਕੰਮ-ਕਾਰ ਕਰਦਿਆਂ ਪਿਆਰ ਨਾਲ ਪ੍ਰਭੂ ਦਾ ਨਾਮ ਹੀ ਨਾਮ ਜਪਿਆ ਹੈ (ਕਿਸੇ ਵੇਲੇ ਵਿਸਾਰਿਆ ਨਹੀਂ) ਉਹਨਾਂ ਨੂੰ ਪੂਰੇ ਗੁਰੂ ਨੇ ਪਰਮਾਤਮਾ ਆਪਣੇ ਨੇੜੇ ਵਿਖਾ ਦਿੱਤਾ ਹੈ, ਗੁਰੂ ਦੀ ਸੰਗਤਿ ਵਿਚ ਰਹਿ ਕੇ ਉਹਨਾਂ ਨੂੰ ਘੋਰ ਦੁੱਖ ਨਹੀਂ ਪੋਂਹਦਾ।1।

ਪਉੜੀ:- ਜਿਨ੍ਹਾਂ ਦੇ ਮਨ ਵਿਚ ਤਨ ਵਿਚ ਪ੍ਰਭੂ ਦਾ ਨਾਮ ਵੱਸਿਆ ਰਹਿੰਦਾ ਹੈ, ਉਹ ਘੋਰ ਦੁੱਖਾਂ ਦੇ ਟੋਏ ਵਿਚ ਨਹੀਂ ਪੈਂਦੇ। ਜੇਹੜੇ ਬੰਦੇ ਗੁਰੂ ਦੀ ਰਾਹੀਂ ਪ੍ਰਭੂ-ਨਾਮ ਨੂੰ ਸਭ ਪਦਾਰਥਾਂ ਦਾ ਖ਼ਜ਼ਾਨਾ ਜਾਣ ਕੇ ਜਪਦੇ ਹਨ, ਉਹ (ਫਿਰ) ਆਤਮਕ ਮੌਤੇ ਮਾਰਨ ਵਾਲੀ ਮਾਇਆ (ਦੇ ਮੋਹ) ਵਿਚ (ਦੌੜ-ਭਜ ਕਰਦੇ) ਨਹੀਂ ਖਪਦੇ। ਜਿਨ੍ਹਾਂ ਨੂੰ ਗੁਰੂ ਨੇ ਨਾਮ-ਮੰਤ੍ਰ ਦੇ ਦਿੱਤਾ, ਉਹਨਾਂ ਦੇ ਜੀਵਨ-ਸਫ਼ਰ ਵਿਚ (ਮਾਇਆ) ਕੋਈ ਰੋਕ ਨਹੀਂ ਪਾ ਸਕਦੀ।

ਹੇ ਨਾਨਕ! ਜੇਹੜੇ ਹਿਰਦੇ ਸਭ ਗੁਣਾਂ ਦੇ ਖ਼ਜ਼ਾਨੇ ਹਰੀ-ਨਾਮ ਅੰਮ੍ਰਿਤ ਨਾਲ ਭਰੇ ਰਹਿੰਦੇ ਹਨ, ਉਹਨਾਂ ਦੇ ਅੰਦਰ ਇਕ ਐਸਾ ਆਨੰਦ ਬਣਿਆ ਰਹਿੰਦਾ ਹੈ ਜਿਵੇਂ ਇਕ-ਰਸ ਸਭ ਕਿਸਮਾਂ ਦੇ ਵਾਜੇ ਮਿਲਵੀਂ ਸੁਰ ਵਿਚ ਵੱਜ ਰਹੇ ਹੋਣ। 36।

ਸਲੋਕੁ ॥ ਪਤਿ ਰਾਖੀ ਗੁਰਿ ਪਾਰਬ੍ਰਹਮ ਤਜਿ ਪਰਪੰਚ ਮੋਹ ਬਿਕਾਰ ॥ ਨਾਨਕ ਸੋਊ ਆਰਾਧੀਐ ਅੰਤੁ ਨ ਪਾਰਾਵਾਰੁ ॥੧॥ ਪਉੜੀ ॥ ਪਪਾ ਪਰਮਿਤਿ ਪਾਰੁ ਨ ਪਾਇਆ ॥ ਪਤਿਤ ਪਾਵਨ ਅਗਮ ਹਰਿ ਰਾਇਆ ॥ ਹੋਤ ਪੁਨੀਤ ਕੋਟ ਅਪਰਾਧੂ ॥ ਅੰਮ੍ਰਿਤ ਨਾਮੁ ਜਪਹਿ ਮਿਲਿ ਸਾਧੂ ॥ ਪਰਪਚ ਧ੍ਰੋਹ ਮੋਹ ਮਿਟਨਾਈ ॥ ਜਾ ਕਉ ਰਾਖਹੁ ਆਪਿ ਗੁਸਾਈ ॥ ਪਾਤਿਸਾਹੁ ਛਤ੍ਰ ਸਿਰ ਸੋਊ ॥ ਨਾਨਕ ਦੂਸਰ ਅਵਰੁ ਨ ਕੋਊ ॥੩੭॥ {ਪੰਨਾ 258}

ਪਦਅਰਥ:- ਗੁਰਿ—ਗੁਰੂ ਨੇ। ਤਜਿ—ਤਜੈ, ਤਿਆਗ ਦੇਂਦਾ ਹੈ।1।

ਪਉੜੀ:- ਪਰਮਿਤਿ—ਮਿਤ ਤੋਂ ਪਰੇ, ਜਿਸ ਦੀ ਹਸਤੀ ਦਾ ਸਹੀ ਅੰਦਾਜ਼ਾ ਨਾਹ ਲਾਇਆ ਜਾ ਸਕੇ। ਪਤਿਤ—(ਵਿਕਾਰਾਂ ਵਿਚ) ਡਿੱਗੇ ਹੋਏ। ਕੋਟਿ ਅਪਰਾਧੂ—ਕ੍ਰੋੜਾਂ ਅਪਰਾਧੀ। ਸਾਧੂ—ਗੁਰੂ। ਮਿਲਿ—ਮਿਲ ਕੇ। ਪਰਪਚ—ਪਰਪੰਚ, ਠੱਗੀ, ਧੋਖਾ। ਮਿਟ—ਮਿਟੈ, ਮਿਟਦਾ ਹੈ। ਨਾਈ—ਪ੍ਰਭੂ ਦੀ ਸਿਫ਼ਤਿ-ਸਾਲਾਹ ਦੀ ਰਾਹੀਂ। ਗੁਸਾਈ—ਹੇ

ਗੁਸਾਈ॥ 37।

ਅਰਥ:- ਜਿਸ ਮਨੁੱਖ ਦੀ ਇੱਜ਼ਤ ਗੁਰੂ ਪਾਰਬ੍ਰਹਮ ਨੇ ਰੱਖ ਲਈ, ਉਸ ਨੇ ਠੱਗੀ ਮੋਹ ਵਿਕਾਰ (ਆਦਿਕ) ਤਿਆਗ ਦਿੱਤੇ। ਹੇ ਨਾਨਕ! (ਇਸ ਵਾਸਤੇ) ਉਸ ਪਾਰਬ੍ਰਹਮ ਨੂੰ ਸਦਾ ਅਰਾਧਣਾ ਚਾਹੀਦਾ ਹੈ ਜਿਸ ਦੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਜਿਸ ਦੀ ਹਸਤੀ ਦਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ।1।

ਪਉੜੀ:- ਹਰੀ ਪ੍ਰਭੂ ਅਪਹੁੰਚ ਹੈ, ਵਿਕਾਰਾਂ ਵਿਚ ਡਿੱਗੇ ਬੰਦਿਆਂ ਨੂੰ ਪਵਿਤ੍ਰ ਕਰਨ ਵਾਲਾ ਹੈ, ਉਸ ਦੀ ਹਸਤੀ ਦਾ ਅੰਦਾਜ਼ਾ ਨਹੀਂ ਲੱਗ ਸਕਦਾ, ਅੰਤ ਨਹੀਂ ਪੈ ਸਕਦਾ। ਕ੍ਰੋੜਾਂ ਹੀ ਉਹ ਅਪਰਾਧੀ ਪਵਿਤ੍ਰ ਹੋ ਜਾਂਦੇ ਹਨ ਜੇਹੜੇ ਗੁਰੂ ਨੂੰ ਮਿਲ ਕੇ ਪ੍ਰਭੂ ਦਾ ਆਤਮਕ ਜੀਵਨ ਦੇਣ ਵਾਲਾ ਨਾਮ ਜਪਦੇ ਹਨ।

ਹੇ ਸ੍ਰਿਸ਼ਟੀ ਦੇ ਮਾਲਕ! ਜਿਸ ਮਨੁੱਖ ਦੀ ਤੂੰ ਆਪ ਰੱਖਿਆ ਕਰਦਾ ਹੈਂ, ਤੇਰੀ ਸਿਫ਼ਤਿ-ਸਾਲਾਹ ਦੀ ਬਰਕਤਿ ਨਾਲ ਉਸ ਦੇ ਅੰਦਰੋਂ ਠੱਗੀ ਫ਼ਰੇਬ ਮੋਹ ਆਦਿਕ ਵਿਕਾਰ ਮਿਟ ਜਾਂਦੇ ਹਨ।

ਹੇ ਨਾਨਕ! ਪ੍ਰਭੂ ਸ਼ਾਹਾਂ ਦਾ ਸ਼ਾਹ ਹੈ, ਉਹੀ ਅਸਲ ਛੱਤਰ-ਧਾਰੀ ਹੈ, ਕੋਈ ਹੋਰ ਦੂਜਾ ਉਸ ਦੀ ਬਰਾਬਰੀ ਕਰਨ ਜੋਗਾ ਨਹੀਂ ਹੈ। 37।

ਸਲੋਕੁ ॥ ਫਾਹੇ ਕਾਟੇ ਮਿਟੇ ਗਵਨ ਫਤਿਹ ਭਈ ਮਨਿ ਜੀਤ ॥ ਨਾਨਕ ਗੁਰ ਤੇ ਥਿਤ ਪਾਈ ਫਿਰਨ ਮਿਟੇ ਨਿਤ ਨੀਤ ॥੧॥ ਪਉੜੀ ॥ ਫਫਾ ਫਿਰਤ ਫਿਰਤ ਤੂ ਆਇਆ ॥ ਦ੍ਰੁਲਭ ਦੇਹ ਕਲਿਜੁਗ ਮਹਿ ਪਾਇਆ ॥ ਫਿਰਿ ਇਆ ਅਉਸਰੁ ਚਰੈ ਨ ਹਾਥਾ ॥ ਨਾਮੁ ਜਪਹੁ ਤਉ ਕਟੀਅਹਿ ਫਾਸਾ ॥ ਫਿਰਿ ਫਿਰਿ ਆਵਨ ਜਾਨੁ ਨ ਹੋਈ ॥ ਏਕਹਿ ਏਕ ਜਪਹੁ ਜਪੁ ਸੋਈ ॥ ਕਰਹੁ ਕ੍ਰਿਪਾ ਪ੍ਰਭ ਕਰਨੈਹਾਰੇ ॥ ਮੇਲਿ ਲੇਹੁ ਨਾਨਕ ਬੇਚਾਰੇ ॥੩੮॥ {ਪੰਨਾ 258}

ਪਦਅਰਥ:- ਗਵਨ—ਭਟਕਣ। ਫਤਿਹ—ਵਿਕਾਰਾਂ ਤੇ ਜਿੱਤ। ਮਨਿ ਜੀਤ—ਮਨਿ ਜੀਤੈ, ਮਨ ਜਿੱਤਿਆਂ। ਥਿਤਿ—ਇਸਥਿਤੀ, ਮਨ ਦੀ ਅਡੋਲਤਾ। ਨਿਤ ਨੀਤ—ਸਦਾ ਲਈ। ਫਿਰਨ—ਜਨਮ ਮਰਨ ਦੇ ਗੇੜ।1।

ਪਉੜੀ:- ਕਲਿਜੁਗ ਮਹਿ—{ਨੋਟ:- ਇਥੇ ਜੁਗਾਂ ਦੇ ਨਿਰਨੇ ਦਾ ਜ਼ਿਕਰ ਨਹੀਂ ਹੈ, ਇਥੇ ਭਾਵ ਹੈ—ਜਗਤ ਵਿਚ} ਸੰਸਾਰ ਵਿਚ। ਇਆ ਅਉਸਰੁ—ਅਜੇਹਾ ਮੌਕਾ। ਕਟੀਅਹਿ—ਕੱਟੇ ਜਾਂਦੇ ਹਨ, ਕੱਟੇ ਜਾਣਗੇ। ਬੇਚਾਰੇ—ਬੇਵੱਸ ਜੀਵ ਨੂੰ, ਜਿਸ ਦੇ ਵੱਸ ਦੀ ਗੱਲ ਨਹੀਂ। 38।

ਅਰਥ:- ਹੇ ਨਾਨਕ! ਜੇ ਆਪਣੇ ਮਨ ਨੂੰ ਜਿੱਤ ਲਈਏ, (ਵੱਸ ਵਿਚ ਕਰ ਲਈਏ) ਤਾਂ (ਵਿਕਾਰਾਂ ਉਤੇ) ਜਿੱਤ ਪ੍ਰਾਪਤ ਹੋ ਜਾਂਦੀ ਹੈ, ਮਾਇਆ ਦੇ ਮੋਹ ਦੇ ਬੰਧਨ ਕੱਟੇ ਜਾਂਦੇ ਹਨ, ਤੇ (ਮਾਇਆ ਪਿਛੇ) ਭਟਕਣਾ ਮੁੱਕ ਜਾਂਦੀ ਹੈ। ਜਿਸ ਮਨੁੱਖ ਨੂੰ ਗੁਰੂ ਪਾਸੋਂ ਮਨ ਦੀ ਅਡੋਲਤਾ ਮਿਲ ਜਾਂਦੀ ਹੈ, ਉਸ ਦੇ ਜਨਮ ਮਰਨ ਦੇ ਗੇੜ ਸਦਾ ਲਈ ਮੁੱਕ ਜਾਂਦੇ ਹਨ।1।

ਪਉੜੀ:- (ਹੇ ਭਾਈ!) ਤੂੰ ਅਨੇਕਾਂ ਜੂਨਾਂ ਵਿਚ ਭਟਕਦਾ ਆਇਆ ਹੈਂ, ਹੁਣ ਤੈਨੂੰ ਸੰਸਾਰ ਵਿਚ ਇਹ ਮਨੁੱਖਾ ਜਨਮ ਮਿਲਿਆ ਹੈ ਜੋ ਬੜੀ ਮੁਸ਼ਕਲ ਨਾਲ ਹੀ ਮਿਲਿਆ ਕਰਦਾ ਹੈ। (ਜੇ ਤੂੰ ਹੁਣ ਭੀ ਵਿਕਾਰਾਂ ਦੇ ਬੰਧਨਾਂ ਵਿਚ ਹੀ ਫਸਿਆ ਰਿਹਾ, ਤਾਂ) ਅਜੇਹਾ (ਸੋਹਣਾ) ਮੌਕਾ ਫਿਰ ਨਹੀਂ ਮਿਲੇਗਾ। (ਹੇ ਭਾਈ!) ਜੇ ਤੂੰ ਪ੍ਰਭੂ ਦਾ ਨਾਮ ਜਪੇਂਗਾ, ਤਾਂ ਮਾਇਆ ਵਾਲੇ ਸਾਰੇ ਬੰਧਨ ਕੱਟੇ ਜਾਣਗੇ। ਕੇਵਲ ਇਕ ਪਰਮਾਤਮਾ ਦਾ ਜਾਪ ਕਰਿਆ ਕਰ, ਮੁੜ ਮੁੜ ਜਨਮ ਮਰਨ ਦਾ ਗੇੜ ਨਹੀਂ ਰਹਿ ਜਾਇਗਾ।

(ਪਰ) ਹੇ ਨਾਨਕ! (ਪ੍ਰਭੂ ਅੱਗੇ ਅਰਦਾਸ ਕਰ ਤੇ ਆਖ—) ਹੇ ਸਿਰਜਣਹਾਰ ਪ੍ਰਭੂ! (ਮਾਇਆ-ਗ੍ਰਸੇ ਜੀਵ ਦੇ ਵੱਸ ਦੀ ਗੱਲ ਨਹੀਂ), ਤੂੰ ਆਪ ਕਿਰਪਾ ਕਰ, ਤੇ ਇਸ ਵਿਚਾਰੇ ਨੂੰ ਆਪਣੇ ਚਰਨਾਂ ਵਿਚ ਜੋੜ ਲੈ। 38।

ਸਲੋਕੁ ॥ ਬਿਨਉ ਸੁਨਹੁ ਤੁਮ ਪਾਰਬ੍ਰਹਮ ਦੀਨ ਦਇਆਲ ਗੁਪਾਲ ॥ ਸੁਖ ਸੰਪੈ ਬਹੁ ਭੋਗ ਰਸ ਨਾਨਕ ਸਾਧ ਰਵਾਲ ॥੧॥ ਪਉੜੀ ॥ ਬਬਾ ਬ੍ਰਹਮੁ ਜਾਨਤ ਤੇ ਬ੍ਰਹਮਾ ॥ ਬੈਸਨੋ ਤੇ ਗੁਰਮੁਖਿ ਸੁਚ ਧਰਮਾ ॥ ਬੀਰਾ ਆਪਨ ਬੁਰਾ ਮਿਟਾਵੈ ॥ ਤਾਹੂ ਬੁਰਾ ਨਿਕਟਿ ਨਹੀ ਆਵੈ ॥ ਬਾਧਿਓ ਆਪਨ ਹਉ ਹਉ ਬੰਧਾ ॥ ਦੋਸੁ ਦੇਤ ਆਗਹ ਕਉ ਅੰਧਾ ॥ ਬਾਤ ਚੀਤ ਸਭ ਰਹੀ ਸਿਆਨਪ ॥ ਜਿਸਹਿ ਜਨਾਵਹੁ ਸੋ ਜਾਨੈ ਨਾਨਕ ॥੩੯॥ {ਪੰਨਾ 258}

ਪਦਅਰਥ:- ਬਿਨਉ—ਬੇਨਤ {ivnX}। ਸੰਪੈ—ਧਨ। ਰਵਾਲ—ਚਰਨ-ਧੂੜ।1।

ਪਉੜੀ:- ਬ੍ਰਹਮਾ—ਬ੍ਰਾਹਮਣ। ਤੇ—ਉਹ ਬੰਦੇ। ਬੈਸਨੋ—ਖਾਣ ਪੀਣ ਆਦਿਕ ਵਿਚ ਸੁੱਚ ਦੀ ਮਰਯਾਦਾ ਦਾ ਧਿਆਨ ਰੱਖਣ ਵਾਲੇ। ਸੁਚ—ਆਤਮਕ ਪਵਿਤ੍ਰਤਾ। ਬੀਰਾ—ਸੂਰਮਾ। ਬੁਰਾ—ਦੂਜਿਆਂ ਵਾਸਤੇ ਬੁਰਾਈ, ਦੂਜਿਆਂ ਦਾ ਬੁਰਾ ਤੱਕਣਾ। ਤਾਹੂ ਨਿਕਟਿ—ਉਸ ਦੇ ਨੇੜੇ। ਬੰਧਾ—ਬੰਧਨ। ਆਗਹ ਕਉ—ਹੋਰਨਾਂ ਨੂੰ, ਅਗਲਿਆਂ ਨੂੰ। ਰਹੀ—ਰਹਿ ਜਾਂਦੀ ਹੈ, ਪੇਸ਼ ਨਹੀਂ ਜਾਂਦੀ। 39।

ਅਰਥ:- ਹੇ ਨਾਨਕ! (ਅਰਦਾਸ ਕਰ ਤੇ ਆਖ—) ਹੇ ਪਾਰਬ੍ਰਹਮ! ਹੇ ਦੀਨਾਂ ਉਤੇ ਦਇਆ ਕਰਨ ਵਾਲੇ! ਹੇ ਧਰਤੀ ਦੇ ਪਾਲਣਹਾਰ! ਮੇਰੀ ਬੇਨਤੀ ਸੁਣ। (ਮੈਨੂੰ ਸੁਮਤਿ ਦੇਹ ਕਿ) ਗੁਰਮੁਖਾਂ ਦੀ ਚਰਨ-ਧੂੜ ਹੀ ਮੈਨੂੰ ਅਨੇਕਾਂ ਸੁਖਾਂ ਧਨ-ਪਦਾਰਥ ਤੇ ਅਨੇਕਾਂ ਰਸਾਂ ਦੇ ਭੋਗ ਦੇ ਬਰਾਬਰ ਜਾਪੇ।1।

ਪਉੜੀ:- ਅਸਲ ਬ੍ਰਾਹਮਣ ਉਹ ਹਨ ਜੋ ਬ੍ਰਹਮ (ਪਰਮਾਤਮਾ) ਨਾਲ ਸਾਂਝ ਪਾਂਦੇ ਹਨ, ਅਸਲ ਵੈਸ਼ਨੋ ਉਹ ਹਨ ਜੋ ਗੁਰੂ ਦੀ ਸ਼ਰਨ ਪੈ ਕੇ ਆਤਮਕ ਪਵਿਤ੍ਰਤਾ ਦੇ ਫ਼ਰਜ਼ ਨੂੰ ਪਾਲਦੇ ਹਨ। ਉਹ ਮਨੁੱਖ ਸੂਰਮਾ ਜਾਣੋ ਜੇਹੜਾ (ਮਿਥੇ ਹੋਏ ਵੈਰੀਆਂ ਦਾ ਖੁਰਾ-ਖੋਜ ਮਿਟਾਣ ਦੇ ਥਾਂ) ਆਪਣੇ ਅੰਦਰੋਂ ਦੂਜਿਆਂ ਦਾ ਬੁਰਾ ਮੰਗਣ ਦੇ ਸੁਭਾਵ ਦਾ ਨਿਸ਼ਾਨ ਮਿਟਾ ਦੇਵੇ। (ਜਿਸ ਨੇ ਇਹ ਕਰ ਲਿਆ) ਦੂਜਿਆਂ ਵਲੋਂ ਚਿਤਵੀ ਬੁਰਾਈ ਉਸ ਦੇ ਨੇੜੇ ਨਹੀਂ ਢੁਕਦੀ। (ਪਰ ਮਨੁੱਖ) ਆਪ ਹੀ ਆਪਣੀ ਹਉਮੈ ਦੇ ਬੰਧਨਾਂ ਵਿਚ ਬੱਝਾ ਰਹਿੰਦਾ ਹੈ (ਤੇ ਦੂਜਿਆਂ ਨਾਲ ਖਹਿੰਦਾ ਹੈ, ਆਪਣੀ ਕੀਤੀ ਵਧੀਕੀ ਦਾ ਖ਼ਿਆਲ ਤਕ ਨਹੀਂ ਆਉਂਦਾ, ਕਿਸੇ ਵਿਗਾੜ ਦਾ) ਦੋਸ ਇਹ ਅੰਨ੍ਹਾ ਮਨੁੱਖ ਹੋਰਨਾਂ ਤੇ ਲਾਂਦਾ ਹੈ।

(ਪਰ) ਹੇ ਨਾਨਕ! (ਅਜੇਹਾ ਸੁਭਾਵ ਬਨਾਣ ਲਈ) ਨਿਰੀਆਂ ਗਿਆਨ ਦੀਆਂ ਗੱਲਾਂ ਤੇ ਸਿਆਣਪਾਂ ਦੀ ਪੇਸ਼ ਨਹੀਂ ਜਾ ਸਕਦੀ। (ਪ੍ਰਭੂ ਅਗੇ ਅਰਦਾਸ ਕਰ, ਤੇ ਆਖ—) ਹੇ ਪ੍ਰਭੂ! ਜਿਸ ਨੂੰ ਤੂੰ ਇਸ ਸੁਚੱਜੇ ਜੀਵਨ ਦੀ ਸੂਝ ਬਖ਼ਸ਼ਦਾ ਹੈਂ ਉਹੀ ਸਮਝਦਾ ਹੈ। 39।

ਸਲੋਕੁ ॥ ਭੈ ਭੰਜਨ ਅਘ ਦੂਖ ਨਾਸ ਮਨਹਿ ਅਰਾਧਿ ਹਰੇ ॥ ਸੰਤਸੰਗ ਜਿਹ ਰਿਦ ਬਸਿਓ ਨਾਨਕ ਤੇ ਨ ਭ੍ਰਮੇ ॥੧॥ ਪਉੜੀ ॥ ਭਭਾ ਭਰਮੁ ਮਿਟਾਵਹੁ ਅਪਨਾ ॥ ਇਆ ਸੰਸਾਰੁ ਸਗਲ ਹੈ ਸੁਪਨਾ ॥ ਭਰਮੇ ਸੁਰਿ ਨਰ ਦੇਵੀ ਦੇਵਾ ॥ ਭਰਮੇ ਸਿਧ ਸਾਧਿਕ ਬ੍ਰਹਮੇਵਾ ॥ ਭਰਮਿ ਭਰਮਿ ਮਾਨੁਖ ਡਹਕਾਏ ॥ ਦੁਤਰ ਮਹਾ ਬਿਖਮ ਇਹ ਮਾਏ ॥ ਗੁਰਮੁਖਿ ਭ੍ਰਮ ਭੈ ਮੋਹ ਮਿਟਾਇਆ ॥ ਨਾਨਕ ਤੇਹ ਪਰਮ ਸੁਖ ਪਾਇਆ ॥੪੦॥ {ਪੰਨਾ 258}

ਪਦਅਰਥ:- ਭੰਜਨ—ਤੋੜਨ ਵਾਲਾ। ਅਘ—ਪਾਪ। ਮਨਹਿ—ਮਨ ਵਿਚ। ਹਰੇ—ਹਰੀ ਨੂੰ। ਸੰਗਿ—ਸੰਗ ਵਿਚ। ਜਿਹ—ਜਿਨ੍ਹਾਂ ਦੇ। ਤੇ—ਉਹ ਬੰਦੇ। ਭ੍ਰਮੇ—ਭੁਲੇਖੇ ਵਿਚ ਪਏ।1।

ਪਉੜੀ:- ਭਰਮੁ—ਦੌੜ-ਭੱਜ, ਭਟਕਣਾ। ਸਗਲ—ਸਾਰਾ। ਸੁਰਿ—ਸ੍ਵਰਗੀ ਜੀਵ। ਸਿਧ—ਜੋਗ-ਸਾਧਨਾਂ ਵਿਚ ਪੁੱਗੇ ਹੋਏ ਜੋਗੀ। ਸਾਧਿਕ—ਜੋਗ-ਸਾਧਨ ਕਰਨ ਵਾਲੇ। ਬ੍ਰਹਮੇਵਾ—ਬ੍ਰਹਮਾ ਵਰਗੇ। ਡਹਕਾਏ—ਧੋਖੇ ਵਿਚ ਆਉਂਦੇ ਗਏ। ਦੁਤਰ—ਜਿਸ ਤੋਂ ਪਾਰ ਲੰਘਣਾ ਔਖਾ ਹੋਵੇ। ਮਾਏ—ਮਾਇਆ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ।

ਤੇਹ—ਉਹਨਾਂ ਨੇ। 40।

ਅਰਥ:- (ਹੇ ਭਾਈ! ਸਭ ਪਾਪਾਂ ਦੇ) ਹਰਨ ਵਾਲੇ ਨੂੰ ਆਪਣੇ ਮਨ ਵਿਚ ਯਾਦ ਰੱਖ। ਉਹੀ ਸਾਰੇ ਡਰਾਂ ਦਾ ਦੂਰ ਕਰਨ ਵਾਲਾ ਹੈ, ਉਹੀ ਸਾਰੇ ਪਾਪਾਂ ਦੁੱਖਾਂ ਦਾ ਨਾਸ ਕਰਨ ਵਾਲਾ ਹੈ। ਹੇ ਨਾਨਕ! ਸਤਸੰਗ ਵਿਚ ਰਹਿ ਕੇ ਜਿਨ੍ਹਾਂ ਮਨੁੱਖਾਂ ਦੇ ਹਿਰਦੇ ਵਿਚ ਉਹ ਹਰੀ ਆ ਟਿਕਦਾ ਹੈ, ਉਹ ਪਾਪਾਂ ਵਿਕਾਰਾਂ ਦੀ ਭਟਕਣਾ ਵਿਚ ਨਹੀਂ ਪੈਂਦੇ।1।

ਪਉੜੀ:- (ਹੇ ਭਾਈ!) ਜਿਵੇਂ ਸੁਪਨਾ ਹੈ (ਜਿਵੇਂ ਸੁਪਨੇ ਵਿਚ ਕਈ ਪਦਾਰਥਾਂ ਨਾਲ ਵਾਹ ਪੈਂਦਾ ਹੈ, ਪਰ ਜਾਗਦਿਆਂ ਹੀ ਉਹ ਸਾਥ ਮੁੱਕ ਜਾਂਦਾ ਹੈ), ਤਿਵੇਂ ਹੀ ਇਸ ਸਾਰੇ ਸੰਸਾਰ ਦਾ ਸਾਥ ਹੈ, ਇਸ ਦੇ ਪਿਛੇ ਭਟਕਣ ਦੀ ਬਾਣ ਮਿਟਾ ਦਿਉ। (ਇਸ ਮਾਇਆ ਦੇ ਚੋਜ-ਤਮਾਸ਼ਿਆਂ ਦੀ ਖ਼ਾਤਰ) ਸੁਰਗੀ ਜੀਵ, ਮਨੁੱਖ, ਦੇਵੀ ਦੇਵਤੇ ਖ਼ੁਆਰ ਹੁੰਦੇ (ਸੁਣੀਦੇ ਰਹੇ) ਵੱਡੇ ਵੱਡੇ ਸਾਧਨਾਂ ਵਿਚ ਪੁੱਗੇ ਹੋਏ ਜੋਗੀ, ਸਾਧਨ ਕਰਨ ਵਾਲੇ ਜੋਗੀ, ਬ੍ਰਹਮਾ ਵਰਗੇ ਭੀ (ਇਹਨਾਂ ਪਿਛੇ) ਭਟਕਦੇ (ਸੁਣੀਦੇ) ਰਹੇ, (ਧਰਤੀ ਦੇ) ਬੰਦੇ (ਮਾਇਕ ਪਦਾਰਥਾਂ ਦੀ ਖ਼ਾਤਰ) ਭਟਕ ਭਟਕ ਕੇ ਧੋਖੇ ਵਿਚ ਆਉਂਦੇ ਚਲੇ ਆ ਰਹੇ ਹਨ, ਇਹ ਮਾਇਆ ਇਕ ਐਸਾ ਮਹਾਨ ਔਖਾ (ਸਮੁੰਦਰ) ਹੈ (ਜਿਸ ਵਿਚੋਂ) ਤਰਨਾ ਬਹੁਤ ਹੀ ਕਠਨ ਹੈ।

ਹੇ ਨਾਨਕ! ਜਿਨ੍ਹਾਂ ਬੰਦਿਆਂ ਨੇ ਗੁਰੂ ਦੀ ਸਰਨ ਪੈ ਕੇ (ਮਾਇਆ ਪਿਛੇ) ਭਟਕਣਾ, ਸਹਮ ਤੇ ਮੋਹ (ਆਪਣੇ ਅੰਦਰੋਂ) ਮਿਟਾ ਲਏ, ਉਹਨਾਂ ਨੇ ਸਭ ਤੋਂ ਸ੍ਰੇਸ਼ਟ ਆਤਮਕ ਆਨੰਦ ਹਾਸਲ ਕਰ ਲਿਆ ਹੈ। 40।

ਸਲੋਕੁ ॥ ਮਾਇਆ ਡੋਲੈ ਬਹੁ ਬਿਧੀ ਮਨੁ ਲਪਟਿਓ ਤਿਹ ਸੰਗ ॥ ਮਾਗਨ ਤੇ ਜਿਹ ਤੁਮ ਰਖਹੁ ਸੁ ਨਾਨਕ ਨਾਮਹਿ ਰੰਗ ॥੧॥ ਪਉੜੀ ॥ ਮਮਾ ਮਾਗਨਹਾਰ ਇਆਨਾ ॥ ਦੇਨਹਾਰ ਦੇ ਰਹਿਓ ਸੁਜਾਨਾ ॥ ਜੋ ਦੀਨੋ ਸੋ ਏਕਹਿ ਬਾਰ ॥ ਮਨ ਮੂਰਖ ਕਹ ਕਰਹਿ ਪੁਕਾਰ ॥ ਜਉ ਮਾਗਹਿ ਤਉ ਮਾਗਹਿ ਬੀਆ ॥ ਜਾ ਤੇ ਕੁਸਲ ਨ ਕਾਹੂ ਥੀਆ ॥ ਮਾਗਨਿ ਮਾਗ ਤ ਏਕਹਿ ਮਾਗ ॥ ਨਾਨਕ ਜਾ ਤੇ ਪਰਹਿ ਪਰਾਗ ॥੪੧॥ {ਪੰਨਾ 258}

ਪਦਅਰਥ:- ਮਾਇਆ—ਮਾਇਆ ਵਿਚ, ਮਾਇਆ ਦੀ ਖ਼ਾਤਰ। ਮਾਗਨ ਤੇ—ਮਾਇਆ ਮੰਗਣ ਤੋਂ। ਜਿਹ—ਜਿਸ ਜੀਵ ਨੂੰ। ਨਾਮਹਿ—ਨਾਮ ਵਿਚ ਹੀ। ਰੰਗ—ਪਿਆਰ।1।

ਪਉੜੀ:- ਇਆਨਾ—ਬੇ-ਸਮਝ ਜੀਵ। ਸੁਜਾਨਾ—ਸਭ ਦੇ ਦਿਲ ਦੀ ਜਾਣਨ ਵਾਲਾ। ਜੋ...ਬਾਰ—ਉਸ ਨੇ ਸਭ ਕੁਝ ਇਕੋ ਵਾਰੀ ਦੇ ਦਿੱਤਾ ਹੋਇਆ ਹੈ, ਉਸ ਦੀਆਂ ਦਿੱਤੀਆਂ ਦਾਤਾਂ ਕਦੇ ਮੁੱਕਣ ਵਾਲੀਆਂ ਨਹੀਂ। ਪੁਕਾਰ—ਗਿਲੇ। ਬੀਆ—ਨਾਮ ਤੋਂ ਬਿਨਾ ਹੋਰ ਪਦਾਰਥ ਹੀ। ਕੁਸਲ—ਆਤਮਕ ਸੁਖ। ਕਾਹੂ—ਕਿਸੇ ਨੂੰ ਭੀ। ਪਰਹਿ ਪਰਾਗ—(ਮਾਇਕ ਪਦਾਰਥਾਂ ਦੀ ਮੰਗ ਤੋਂ) ਪਰਲੇ ਪਾਰ ਲੰਘ ਜਾਏਂ। 41।

ਅਰਥ:- ਮਨੁੱਖ ਦਾ ਮਨ ਕਈ ਤਰੀਕਿਆਂ ਨਾਲ ਮਾਇਆ ਦੀ ਖ਼ਾਤਰ ਹੀ ਡੋਲਦਾ ਰਹਿੰਦਾ ਹੈ, ਮਾਇਆ ਦੇ ਨਾਲ ਹੀ ਚੰਬੜਿਆ ਰਹਿੰਦਾ ਹੈ। ਹੇ ਨਾਨਕ! (ਪ੍ਰਭੂ ਅਗੇ ਅਰਦਾਸ ਕਰ ਤੇ ਆਖ—) ਹੇ ਪ੍ਰਭੂ! ਜਿਸ ਮਨੁੱਖ ਨੂੰ ਤੂੰ ਨਿਰੀ ਮਾਇਆ ਹੀ ਮੰਗਣ ਤੋਂ ਵਰਜ ਲੈਂਦਾ ਹੈਂ ਉਹ ਤੇਰੇ ਨਾਮ ਵਿਚ ਪਿਆਰ ਪਾ ਲੈਂਦਾ ਹੈ।1।

ਪਉੜੀ:- ਬੇ-ਸਮਝ ਜੀਵ ਹਰ ਵੇਲੇ (ਮਾਇਆ ਹੀ ਮਾਇਆ) ਮੰਗਦਾ ਰਹਿੰਦਾ ਹੈ (ਇਹ ਨਹੀਂ ਸਮਝਦਾ ਕਿ) ਸਭ ਦੇ ਦਿਲਾਂ ਦੀ ਜਾਣਨ ਵਾਲਾ ਦਾਤਾਰ (ਸਭ ਪਦਾਰਥ) ਦੇਈ ਜਾ ਰਿਹਾ ਹੈ। ਹੇ ਮੂਰਖ ਮਨ! ਤੂੰ ਕਿਉਂ ਸਦਾ ਮਾਇਆ ਵਾਸਤੇ ਹੀ ਤਰਲੇ ਲੈ ਰਿਹਾ ਹੈਂ? ਉਸ ਦੀਆਂ ਦਿੱਤੀਆਂ ਦਾਤਾਂ ਤਾਂ ਕਦੇ ਮੁੱਕਣ ਵਾਲੀਆਂ ਹੀ ਨਹੀਂ ਹਨ। (ਹੇ ਮੂਰਖ!) ਤੂੰ ਜਦੋਂ ਭੀ ਮੰਗਦਾ ਹੈਂ (ਨਾਮ ਤੋਂ ਬਿਨਾ) ਹੋਰ ਹੋਰ ਚੀਜ਼ਾਂ ਹੀ ਮੰਗਦਾ ਰਹਿੰਦਾ ਹੈਂ, ਜਿਨ੍ਹਾਂ ਤੋਂ ਕਦੇ ਕਿਸੇ ਨੂੰ ਭੀ ਆਤਮਕ ਸੁਖ ਨਹੀਂ ਮਿਲਿਆ।

ਹੇ ਨਾਨਕ! (ਆਖ—ਹੇ ਮੂਰਖ ਮਨ!) ਜੇ ਤੂੰ ਮੰਗ ਮੰਗਣੀ ਹੀ ਹੈ ਤਾਂ ਪ੍ਰਭੂ ਦਾ ਨਾਮ ਹੀ ਮੰਗ, ਜਿਸ ਦੀ ਬਰਕਤਿ

ਨਾਲ ਤੂੰ ਮਾਇਕ ਪਦਾਰਥਾਂ ਦੀ ਮੰਗ ਤੋਂ ਪਰਲੇ ਪਾਰ ਲੰਘ ਜਾਏਂ। 41।

ਸਲੋਕ ॥ ਮਤਿ ਪੂਰੀ ਪਰਧਾਨ ਤੇ ਗੁਰ ਪੂਰੇ ਮਨ ਮੰਤ ॥ ਜਿਹ ਜਾਨਿਓ ਪ੍ਰਭੁ ਆਪੁਨਾ ਨਾਨਕ ਤੇ ਭਗਵੰਤ ॥੧॥ ਪਉੜੀ ॥ ਮਮਾ ਜਾਹੂ ਮਰਮੁ ਪਛਾਨਾ ॥ ਭੇਟਤ ਸਾਧਸੰਗ ਪਤੀਆਨਾ ॥ ਦੁਖ ਸੁਖ ਉਆ ਕੈ ਸਮਤ ਬੀਚਾਰਾ ॥ ਨਰਕ ਸੁਰਗ ਰਹਤ ਅਉਤਾਰਾ ॥ ਤਾਹੂ ਸੰਗ ਤਾਹੂ ਨਿਰਲੇਪਾ ॥ ਪੂਰਨ ਘਟ ਘਟ ਪੁਰਖ ਬਿਸੇਖਾ ॥ ਉਆ ਰਸ ਮਹਿ ਉਆਹੂ ਸੁਖੁ ਪਾਇਆ ॥ ਨਾਨਕ ਲਿਪਤ ਨਹੀ ਤਿਹ ਮਾਇਆ ॥੪੨॥ {ਪੰਨਾ 259}

ਪਦਅਰਥ:- ਮਤਿ ਪੂਰੀ—ਮੁਕੰਮਲ ਅਕਲ, ਸਹੀ ਜੀਵਨ-ਰਸਤੇ ਦੀ ਪੂਰੀ ਸਮਝ। ਗੁਰ ਪੂਰੇ ਮੰਤ—ਪੂਰੇ ਗੁਰੂ ਦਾ ਉਪਦੇਸ਼। ਜਾਨਿਓ—ਜਾਣ ਲਿਆ, ਡੂੰਘੀ ਸਾਂਝ ਪਾ ਲਈ। ਭਗਵੰਤ—ਭਾਗਾਂ ਵਾਲੇ।1।

ਪਉੜੀ:- ਜਾਹੂ—ਜਿਸ ਨੇ। ਮਰਮੁ—ਭੇਦ, (ਕਿ ਪ੍ਰਭੂ ਮੇਰੇ ਸਦਾ ਅੰਗ-ਸੰਗ ਹੈ)। ਪਤੀਆਨਾ—ਪਤੀਜ ਜਾਂਦਾ ਹੈ, ਤਸੱਲੀ ਹੋ ਜਾਂਦੀ ਹੈ। ਸਮਤ—ਸਮਾਨ। ਰਹਤ ਅਉਤਾਰਾ—ਉਤਰਨੋਂ ਰਹਿ ਜਾਂਦਾ ਹੈ, ਪੈਣੋਂ ਬਚ ਜਾਂਦਾ ਹੈ। ਤਾਹੂ—ਉਸ ਪ੍ਰਭੂ ਨੂੰ। ਨਿਰਲੇਪ—ਮਾਇਆ ਦੇ ਪ੍ਰਭਾਵ ਤੋਂ ਪਰੇ। ਬਿਸੇਖ—ਖ਼ਾਸ ਤੌਰ ਤੇ। ਉਆਹੂ—ਉਸੇ ਬੰਦੇ ਨੇ। ਲਿਪਤ ਨਹੀ—ਜ਼ੋਰ ਨਹੀਂ ਪਾਂਦੀ, ਪ੍ਰਭਾਵ ਨਹੀਂ ਪਾਂਦੀ। 42।

ਅਰਥ:- ਜਿਨ੍ਹਾਂ ਮਨੁੱਖਾਂ ਦੇ ਮਨ ਵਿਚ ਪੂਰੇ ਗੁਰੂ ਦਾ ਉਪਦੇਸ਼ ਵੱਸ ਪੈਂਦਾ ਹੈ, ਉਹਨਾਂ ਦੀ ਅਕਲ (ਜੀਵਨ-ਰਾਹ ਦੀ) ਪੂਰੀ (ਸਮਝ ਵਾਲੀ) ਹੋ ਜਾਂਦੀ ਹੈ, ਉਹ (ਹੋਰਨਾਂ ਨੂੰ ਭੀ ਸਿੱਖਿਆ ਦੇਣ ਵਿਚ) ਮੰਨੇ-ਪਰਮੰਨੇ ਹੋ ਜਾਂਦੇ ਹਨ। ਹੇ ਨਾਨਕ! ਜਿਨ੍ਹਾਂ ਨੇ ਪਿਆਰੇ ਪ੍ਰਭੂ ਨਾਲ ਡੂੰਘੀ ਸਾਂਝ ਬਣਾ ਲਈ ਹੈ, ਉਹ ਭਾਗਾਂ ਵਾਲੇ ਹਨ।1।

ਪਉੜੀ:- ਜਿਸ ਮਨੁੱਖ ਨੇ ਰੱਬ ਦਾ (ਇਹ) ਭੇਤ ਪਾ ਲਿਆ (ਕਿ ਉਹ ਸਦਾ ਅੰਗ-ਸੰਗ ਹੈ) ਉਹ ਸਾਧ ਸੰਗਤਿ ਵਿਚ ਮਿਲ ਕੇ (ਇਸ ਲੱਭੇ ਭੇਤ ਬਾਰੇ) ਪੂਰਾ ਯਕੀਨ ਬਣਾ ਲੈਂਦਾ ਹੈ। ਉਸ ਦੇ ਹਿਰਦੇ ਵਿਚ ਦੁੱਖ ਤੇ ਸੁਖ ਇਕੋ ਜਿਹੇ ਜਾਪਣ ਲੱਗ ਪੈਂਦੇ ਹਨ (ਕਿਉਂਕਿ ਇਹ ਉਸ ਨੂੰ ਅੰਗ-ਸੰਗ ਵੱਸਦੇ ਪ੍ਰਭੂ ਵਲੋਂ ਆਏ ਦਿੱਸਦੇ ਹਨ, ਇਸ ਵਾਸਤੇ) ਉਹ ਦੁੱਖਾਂ ਤੋਂ ਆਈ ਘਬਰਾਹਟ ਤੇ ਸੁਖਾਂ ਤੋਂ ਆਈ ਬਹੁਤ ਖ਼ੁਸ਼ੀ ਵਿਚ ਫਸਣੋਂ ਬਚ ਜਾਂਦਾ ਹੈ। ਉਸ ਨੂੰ ਵਿਆਪਕ ਪ੍ਰਭੂ ਹਰੇਕ ਹਿਰਦੇ ਵਿਚ ਵੱਸਦਾ ਦਿੱਸਦਾ ਹੈ, ਅੰਗ-ਸੰਗ ਭੀ ਦਿੱਸਦਾ ਹੈ ਤੇ ਮਾਇਆ ਦੇ ਪ੍ਰਭਾਵ ਤੋਂ ਪਰੇ ਭੀ।

ਹੇ ਨਾਨਕ! (ਵਿਆਪਕਤਾ ਵਾਲੇ ਯਕੀਨ ਤੋਂ ਪੈਦਾ ਹੋਏ) ਆਤਮਕ ਰਸ ਤੋਂ ਉਸ ਨੂੰ ਐਸਾ ਸੁਖ ਮਿਲਦਾ ਹੈ ਕਿ ਮਾਇਆ ਉਸ ਤੇ ਆਪਣਾ ਪ੍ਰਭਾਵ ਨਹੀਂ ਪਾ ਸਕਦੀ। 42।

ਸਲੋਕੁ ॥ ਯਾਰ ਮੀਤ ਸੁਨਿ ਸਾਜਨਹੁ ਬਿਨੁ ਹਰਿ ਛੂਟਨੁ ਨਾਹਿ ॥ ਨਾਨਕ ਤਿਹ ਬੰਧਨ ਕਟੇ ਗੁਰ ਕੀ ਚਰਨੀ ਪਾਹਿ ॥੧॥ ਪਵੜੀ ॥ ਯਯਾ ਜਤਨ ਕਰਤ ਬਹੁ ਬਿਧੀਆ ॥ ਏਕ ਨਾਮ ਬਿਨੁ ਕਹ ਲਉ ਸਿਧੀਆ ॥ ਯਾਹੂ ਜਤਨ ਕਰਿ ਹੋਤ ਛੁਟਾਰਾ ॥ ਉਆਹੂ ਜਤਨ ਸਾਧ ਸੰਗਾਰਾ ॥ ਯਾ ਉਬਰਨ ਧਾਰੈ ਸਭੁ ਕੋਊ ॥ ਉਆਹਿ ਜਪੇ ਬਿਨੁ ਉਬਰ ਨ ਹੋਊ ॥ ਯਾਹੂ ਤਰਨ ਤਾਰਨ ਸਮਰਾਥਾ ॥ ਰਾਖਿ ਲੇਹੁ ਨਿਰਗੁਨ ਨਰਨਾਥਾ ॥ ਮਨ ਬਚ ਕ੍ਰਮ ਜਿਹ ਆਪਿ ਜਨਾਈ ॥ ਨਾਨਕ ਤਿਹ ਮਤਿ ਪ੍ਰਗਟੀ ਆਈ ॥੪੩॥ {ਪੰਨਾ 259}

ਪਦਅਰਥ:- ਛੂਟਨੁ—ਮਾਇਆ ਦੇ ਬੰਧਨਾਂ ਤੋਂ ਖ਼ਲਾਸੀ। ਤਿਹ—ਉਹਨਾਂ ਦੇ। ਪਾਹਿ—ਪੈਂਦੇ ਹਨ।1।

ਪਵੜੀ:- ਕਹ ਲਉ—ਕਿਥੋਂ ਤਕ? ਸਿਧੀਆ—ਸਫਲਤਾ। ਯਾਹੂ—ਜੇਹੜੇ। ਯਾ ਉਬਰਨ—ਜੇਹੜਾ ਬਚਾਉ। ਸਭੁ ਕੋਊ—ਹਰ ਕੋਈ। ਧਾਰੈ—(ਮਨ ਵਿਚ) ਧਾਰਦਾ ਹੈ। ਨਿਰਗਨੁ—ਗੁਣ-ਹੀਨ। 43।

ਅਰਥ:- ਹੇ ਮਿੱਤਰੋ! ਹੇ ਸੱਜਣੋ! ਸੁਣੋ। ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ ਮਾਇਆ ਦੇ ਬੰਧਨਾਂ ਤੋਂ ਖ਼ਲਾਸੀ ਨਹੀਂ

ਹੁੰਦੀ। ਹੇ ਨਾਨਕ! ਜੇਹੜੇ ਬੰਦੇ ਗੁਰੂ ਦੀ ਚਰਨੀਂ ਪੈਂਦੇ ਹਨ, ਉਹਨਾਂ ਦੇ (ਮਾਇਆ ਦੇ ਮੋਹ ਦੇ) ਬੰਧਨ ਕੱਟੇ ਜਾਂਦੇ ਹਨ।1।

ਪਵੜੀ:- ਮਨੁੱਖ (ਮਾਇਆ ਦੇ ਮੋਹ ਦੇ ਬੰਧਨਾਂ ਤੋਂ ਖ਼ਲਾਸੀ ਪਾਣ ਲਈ) ਕਈ ਤਰ੍ਹਾਂ ਦੇ ਜਤਨ ਕਰਦਾ ਹੈ, ਪਰ ਪਰਮਾਤਮਾ ਦਾ ਨਾਮ ਜਪਣ ਤੋਂ ਬਿਨਾ ਬਿਲਕੁਲ ਕਾਮਯਾਬੀ ਨਹੀਂ ਹੋ ਸਕਦੀ। ਜੇਹੜੇ ਜਤਨਾਂ ਨਾਲ (ਇਹਨਾਂ ਬੰਧਨਾਂ ਤੋਂ) ਖ਼ਲਾਸੀ ਹੋ ਸਕਦੀ ਹੈ, ਉਹ ਜਤਨ ਇਹੀ ਹਨ ਕਿ ਸਾਧ ਸੰਗਤਿ ਕਰੋ। ਹਰ ਕੋਈ (ਮਾਇਆ ਦੇ ਬੰਧਨਾਂ ਤੋਂ) ਬਚਣ ਦੇ ਉਪਰਾਲੇ (ਆਪਣੇ ਮਨ ਵਿਚ) ਧਾਰਦਾ ਹੈ, ਪਰ ਉਸ ਪ੍ਰਭੂ ਦਾ ਨਾਮ ਜਪਣ ਤੋਂ ਬਿਨਾ ਖ਼ਲਾਸੀ ਹੋ ਨਹੀਂ ਸਕਦੀ।

(ਹੇ ਭਾਈ! ਪ੍ਰਭੂ-ਦਰ ਤੇ ਅਰਦਾਸ ਹੀ ਕਰਨੀ ਚਾਹੀਦੀ ਹੈ ਕਿ) ਹੇ ਜੀਵਾਂ ਦੇ ਨਾਥ! ਸਾਨੂੰ ਗੁਣ-ਹੀਨਾਂ ਨੂੰ ਬਚਾ ਲੈ, ਤੂੰ ਆਪ ਹੀ ਜੀਵਾਂ ਨੂੰ (ਸੰਸਾਰ-ਸਮੁੰਦਰ ਵਿਚੋਂ) ਤਾਰਨ ਲਈ ਜਹਾਜ਼ ਹੈਂ, ਤੂੰ ਹੀ ਤਾਰਨ ਲਈ ਸਮਰੱਥ ਹੈਂ।

ਹੇ ਨਾਨਕ! ਜਿਨ੍ਹਾਂ ਬੰਦਿਆਂ ਦੇ ਮਨ ਵਿਚ ਬਚਨਾਂ ਵਿਚ ਤੇ ਕਰਮਾਂ ਵਿਚ ਪ੍ਰਭੂ ਆਪ (ਮਾਇਆ ਦੇ ਮੋਹ ਤੋਂ ਬਚਣ ਵਾਲੀ) ਸੂਝ ਪੈਦਾ ਕਰਦਾ ਹੈ, ਉਹਨਾਂ ਦੀ ਮਤਿ ਉੱਜਲ ਹੋ ਜਾਂਦੀ ਹੈ (ਤੇ ਉਹ ਬੰਧਨਾਂ ਤੋਂ ਬਚ ਨਿਕਲਦੇ ਹਨ)। 43।

ਸਲੋਕੁ ॥ ਰੋਸੁ ਨ ਕਾਹੂ ਸੰਗ ਕਰਹੁ ਆਪਨ ਆਪੁ ਬੀਚਾਰਿ ॥ ਹੋਇ ਨਿਮਾਨਾ ਜਗਿ ਰਹਹੁ ਨਾਨਕ ਨਦਰੀ ਪਾਰਿ ॥੧॥ ਪਉੜੀ ॥ ਰਾਰਾ ਰੇਨ ਹੋਤ ਸਭ ਜਾ ਕੀ ॥ ਤਜਿ ਅਭਿਮਾਨੁ ਛੁਟੈ ਤੇਰੀ ਬਾਕੀ ॥ ਰਣਿ ਦਰਗਹਿ ਤਉ ਸੀਝਹਿ ਭਾਈ ॥ ਜਉ ਗੁਰਮੁਖਿ ਰਾਮ ਨਾਮ ਲਿਵ ਲਾਈ ॥ ਰਹਤ ਰਹਤ ਰਹਿ ਜਾਹਿ ਬਿਕਾਰਾ ॥ ਗੁਰ ਪੂਰੇ ਕੈ ਸਬਦਿ ਅਪਾਰਾ ॥ ਰਾਤੇ ਰੰਗ ਨਾਮ ਰਸ ਮਾਤੇ ॥ ਨਾਨਕ ਹਰਿ ਗੁਰ ਕੀਨੀ ਦਾਤੇ ॥੪੪॥ {ਪੰਨਾ 259}

ਪਦਅਰਥ:- ਰੋਸ—ਗੁੱਸਾ। ਆਪਨ ਆਪੁ—ਆਪਣੇ ਆਪ ਨੂੰ। ਨਿਮਾਨਾ—ਧੀਰੇ ਸੁਭਾਵ ਵਾਲਾ। ਜਗਿ—ਜਗਤ ਵਿਚ। ਨਦਰੀ—ਪ੍ਰਭੂ ਦੀ ਮਿਹਰ ਦੀ ਨਜ਼ਰ ਨਾਲ।1।

ਪਉੜੀ:- ਰੇਨ—ਚਰਨ-ਧੂੜ। ਸਭ—ਸਾਰੀ ਲੁਕਾਈ। ਜਾ ਕੀ—ਜਿਸ (ਗੁਰੂ) ਦੀ। ਤਜਿ—ਤਿਆਗ। ਬਾਕੀ—(ਮਨ ਵਿਚ ਇਕੱਠੇ ਹੋ ਚੁੱਕੇ ਕ੍ਰੋਧ ਦੇ ਸੰਸਕਾਰਾਂ ਦਾ) ਲੇਖਾ। ਰਣਿ—ਰਣ ਵਿਚ, ਇਸ ਜਗਤ-ਰਣ-ਭੂਮੀ ਵਿਚ। ਦਰਗਹਿ—ਪ੍ਰਭੂ ਦੀ ਹਜ਼ੂਰੀ ਵਿਚ। ਸੀਝਹਿ—ਕਾਮਯਾਬ ਹੋਵੇਂਗਾ। ਜਉ—ਜੇ। ਰਹਤ ਰਹਤ—ਰਹਿੰਦੇ ਰਹਿੰਦੇ, ਸਹਜੇ ਸਹਜੇ। ਰਹਿ ਜਾਹਿ—ਮੁੱਕ ਜਾਂਦੇ ਹਨ। ਸਬਦਿ—ਸ਼ਬਦ ਵਿਚ (ਜੁੜਿਆਂ)। ਅਪਾਰਾ—ਬੇਅੰਤ। ਰਾਤੇ—ਰੰਗੇ ਹੋਏ। ਮਾਤੇ—ਮਸਤ। ਗੁਰਿ—ਗੁਰੂ ਨੇ। 44।

ਅਰਥ:- (ਹੇ ਭਾਈ!) ਕਿਸੇ ਹੋਰ ਨਾਲ ਗੁੱਸਾ ਨਾਹ ਕਰੋ, (ਇਸ ਦੇ ਥਾਂ) ਆਪਣੇ ਆਪ ਨੂੰ ਵਿਚਾਰੋ (ਸੋਧੋ, ਕਿ ਕਿਸੇ ਨਾਲ ਝਗੜਨ ਵਿਚ ਆਪਣਾ ਕੀਹ ਕੀਹ ਦੋਸ ਹੈ)। ਹੇ ਨਾਨਕ! ਜੇ ਤੂੰ ਜਗਤ ਵਿਚ ਧੀਰੇ ਸੁਭਾਵ ਵਾਲਾ ਬਣ ਕੇ ਰਹੇਂ, ਤਾਂ ਪ੍ਰਭੂ ਦੀ ਮਿਹਰ ਦੀ ਨਜ਼ਰ ਨਾਲ ਇਸ ਸੰਸਾਰ-ਸਮੁੰਦਰ ਵਿਚੋਂ ਪਾਰ ਲੰਘ ਜਾਇੰਗਾ (ਜਿਸ ਵਿਚ ਕ੍ਰੋਧ ਦੀਆਂ ਬੇਅੰਤ ਲਹਿਰਾਂ ਪੈ ਰਹੀਆਂ ਹਨ)।1।

ਪਉੜੀ:- ਸਾਰੀ ਲੋਕਾਈ ਜਿਸ ਗੁਰੂ ਦੀ ਚਰਨ-ਧੂੜ ਹੁੰਦੀ ਹੈ, ਤੂੰ ਭੀ ਉਸ ਦੇ ਅੱਗੇ ਆਪਣੇ ਮਨ ਦਾ ਅਹੰਕਾਰ ਦੂਰ ਕਰ, ਤੇਰੇ ਅੰਦਰੋਂ ਕ੍ਰੋਧ ਦੇ ਸੰਸਕਾਰਾਂ ਦਾ ਲੇਖਾ ਮੁੱਕ ਜਾਏ। ਹੇ ਭਾਈ! ਇਸ ਜਗਤ-ਰਣ-ਭੂਮੀ ਵਿਚ ਤੇ ਪ੍ਰਭੂ ਦੀ ਹਜ਼ੂਰੀ ਵਿਚ ਤਦੋਂ ਹੀ ਕਾਮਯਾਬ ਹੋਵੇਂਗਾ, ਜਦੋਂ ਗੁਰੂ ਦੀ ਸਰਨ ਪੈ ਕੇ ਪ੍ਰਭੂ ਦੇ ਨਾਮ ਵਿਚ ਸੁਰਤਿ ਜੋੜੇਂਗਾ। ਪੂਰੇ ਗੁਰੂ ਦੇ ਸ਼ਬਦ ਵਿਚ ਜੁੜਿਆਂ ਬੇਅੰਤ ਵਿਕਾਰ ਸਹਜੇ ਸਹਜੇ ਦੂਰ ਹੋ ਜਾਂਦੇ ਹਨ।

ਹੇ ਨਾਨਕ! ਜਿਨ੍ਹਾਂ ਬੰਦਿਆਂ ਨੂੰ ਗੁਰੂ ਨੇ ਹਰੀ-ਨਾਮ ਦੀ ਦਾਤਿ ਦਿੱਤੀ ਹੈ, ਉਹ ਪ੍ਰਭੂ ਦੇ ਨਾਮ ਦੇ ਪਿਆਰ ਵਿਚ ਰੱਤੇ

ਰਹਿੰਦੇ ਹਨ, ਉਹ ਹਰੀ-ਨਾਮ ਦੇ ਸੁਆਦ ਵਿਚ ਮਸਤ ਰਹਿੰਦੇ ਹਨ (ਤੇ ਉਹ ਦੂਜਿਆਂ ਨਾਲ ਰੋਸ ਕਰਨ ਦੀ ਥਾਂ ਆਪਣੇ ਆਪ ਦੀ ਸੋਧ ਕਰਦੇ ਹਨ)। 44।

ਸਲੋਕੁ ॥ ਲਾਲਚ ਝੂਠ ਬਿਖੈ ਬਿਆਧਿ ਇਆ ਦੇਹੀ ਮਹਿ ਬਾਸ ॥ ਹਰਿ ਹਰਿ ਅੰਮ੍ਰਿਤੁ ਗੁਰਮੁਖਿ ਪੀਆ ਨਾਨਕ ਸੂਖਿ ਨਿਵਾਸ ॥੧॥ ਪਉੜੀ ॥ ਲਲਾ ਲਾਵਉ ਅਉਖਧ ਜਾਹੂ ॥ ਦੂਖ ਦਰਦ ਤਿਹ ਮਿਟਹਿ ਖਿਨਾਹੂ ॥ ਨਾਮ ਅਉਖਧੁ ਜਿਹ ਰਿਦੈ ਹਿਤਾਵੈ ॥ ਤਾਹਿ ਰੋਗੁ ਸੁਪਨੈ ਨਹੀ ਆਵੈ ॥ ਹਰਿ ਅਉਖਧੁ ਸਭ ਘਟ ਹੈ ਭਾਈ ॥ ਗੁਰ ਪੂਰੇ ਬਿਨੁ ਬਿਧਿ ਨ ਬਨਾਈ ॥ ਗੁਰਿ ਪੂਰੈ ਸੰਜਮੁ ਕਰਿ ਦੀਆ ॥ ਨਾਨਕ ਤਉ ਫਿਰਿ ਦੂਖ ਨ ਥੀਆ ॥੪੫॥ {ਪੰਨਾ 259}

ਪਦਅਰਥ:- ਬਿਖੈ—ਵਿਸ਼ੇ-ਵਿਕਾਰ। ਬਿਆਧਿ—ਬੀਮਾਰੀਆਂ, ਰੋਗ। ਇਆ—ਇਸ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। ਸੂਖਿ—ਸੁਖ ਵਿਚ, ਆਤਮਕ ਆਨੰਦ ਵਿਚ।1।

ਪਉੜੀ:- ਲਾਵਉ—ਮੈਂ ਲਾਂਦਾ ਹਾਂ, ਮੈਨੂੰ ਯਕੀਨ ਹੈ ਕਿ ਜੇ ਕੋਈ ਵਰਤੇ। ਜਾਹੂ—ਜਿਸ ਨੂੰ। ਤਿਹ—ਉਸ ਦੇ। ਜਿਹ ਰਿਦੈ—ਜਿਸ ਦੇ ਹਿਰਦੇ ਵਿਚ। ਹਿਤਾਵੈ—ਪਿਆਰੀ ਲੱਗੇ। ਅਉਖਧੁ—ਦਵਾਈ। ਸਭ ਘਟ—ਸਾਰੇ ਸਰੀਰਾਂ ਵਿਚ। ਭਾਈ—ਹੇ ਭਾਈ! ਬਿਧਿ—ਤਰੀਕਾ, ਸਬਬ। ਗੁਰਿ—ਗੁਰੂ ਨੇ। ਸੰਜਮੁ—ਪੱਥ, ਪਰਹੇਜ਼। 45।

ਅਰਥ:- (ਸਾਧਾਰਨ ਤੌਰ ਤੇ ਸਾਡੇ) ਇਸ ਸਰੀਰ ਵਿਚ ਲਾਲਚ ਝੂਠ ਵਿਕਾਰਾਂ ਤੇ ਰੋਗਾਂ ਦਾ ਹੀ ਜ਼ੋਰ ਰਹਿੰਦਾ ਹੈ; (ਪਰ) ਹੇ ਨਾਨਕ! ਜਿਸ ਮਨੁੱਖ ਨੇ ਗੁਰੂ ਦੀ ਸਰਨ ਪੈ ਕੇ ਆਤਮਕ ਜੀਵਨ ਦੇਣ ਵਾਲਾ ਹਰੀ-ਨਾਮ-ਰਸ ਪੀ ਲਿਆ, ਉਹ ਆਤਮਕ ਆਨੰਦ ਵਿਚ ਟਿਕਿਆ ਰਹਿੰਦਾ ਹੈ।1।

ਪਉੜੀ:- ਮੈਨੂੰ ਯਕੀਨ ਹੈ ਕਿ ਜਿਸ ਕਿਸੇ ਨੂੰ (ਪ੍ਰਭੂ ਦੇ ਨਾਮ ਦੀ) ਦਵਾਈ ਦਿੱਤੀ ਜਾਏ, ਇਕ ਖਿਨ ਵਿਚ ਹੀ ਉਸ ਦੇ (ਆਤਮਕ) ਦੁੱਖ-ਦਰਦ ਮਿਟ ਜਾਂਦੇ ਹਨ। ਜਿਸ ਮਨੁੱਖ ਨੂੰ ਆਪਣੇ ਹਿਰਦੇ ਵਿਚ ਰੋਗ-ਨਾਸਕ ਪ੍ਰਭੂ-ਨਾਮ ਪਿਆਰਾ ਲੱਗਣ ਲੱਗ ਪਏ, ਸੁਪਨੇ ਵਿਚ ਭੀ ਕੋਈ (ਆਤਮਕ) ਰੋਗ (ਵਿਕਾਰ) ਉਸ ਦੇ ਨੇੜੇ ਨਹੀਂ ਢੁਕਦਾ।

ਹੇ ਭਾਈ! ਹਰੀ-ਨਾਮ ਦਵਾਈ ਹਰੇਕ ਹਿਰਦੇ ਵਿਚ ਮੌਜੂਦ ਹੈ, ਪਰ ਪੂਰੇ ਗੁਰੂ ਤੋਂ ਬਿਨਾ (ਵਰਤਣ ਦਾ) ਢੰਗ ਕਾਮਯਾਬ ਨਹੀਂ ਹੁੰਦਾ। ਹੇ ਨਾਨਕ! ਪੂਰੇ ਗੁਰੂ ਨੇ (ਇਸ ਦਵਾਈ ਦੇ ਵਰਤਣ ਦਾ) ਪਰਹੇਜ਼ ਨੀਅਤ ਕਰ ਦਿੱਤਾ ਹੈ। (ਜੋ ਮਨੁੱਖ ਉਸ ਪਰਹੇਜ਼ ਅਨੁਸਾਰ ਦਵਾਈ ਵਰਤਦਾ ਹੈ) ਉਸ ਨੂੰ ਮੁੜ (ਕੋਈ ਵਿਕਾਰ) ਦੁੱਖ ਪੋਹ ਨਹੀਂ ਸਕਦਾ। 45।

ਸਲੋਕੁ ॥ ਵਾਸੁਦੇਵ ਸਰਬਤ੍ਰ ਮੈ ਊਨ ਨ ਕਤਹੂ ਠਾਇ ॥ ਅੰਤਰਿ ਬਾਹਰਿ ਸੰਗਿ ਹੈ ਨਾਨਕ ਕਾਇ ਦੁਰਾਇ ॥੧॥ ਪਉੜੀ ॥ ਵਵਾ ਵੈਰੁ ਨ ਕਰੀਐ ਕਾਹੂ ॥ ਘਟ ਘਟ ਅੰਤਰਿ ਬ੍ਰਹਮ ਸਮਾਹੂ ॥ ਵਾਸੁਦੇਵ ਜਲ ਥਲ ਮਹਿ ਰਵਿਆ ॥ ਗੁਰ ਪ੍ਰਸਾਦਿ ਵਿਰਲੈ ਹੀ ਗਵਿਆ ॥ ਵੈਰ ਵਿਰੋਧ ਮਿਟੇ ਤਿਹ ਮਨ ਤੇ ॥ ਹਰਿ ਕੀਰਤਨੁ ਗੁਰ ਮੁਖਿ ਜੋ ਸੁਨਤੇ ॥ ਵਰਨ ਚਿਹਨ ਸਗਲਹ ਤੇ ਰਹਤਾ ॥ ਨਾਨਕ ਹਰਿ ਹਰਿ ਗੁਰਮੁਖਿ ਜੋ ਕਹਤਾ ॥੪੬॥ {ਪੰਨਾ 259-260}

ਪਦਅਰਥ:- ਵਾਸੁਦੇਵ—{ਵਸੁਦੇਵ ਦਾ ਪੁਤ੍ਰ, ਕ੍ਰਿਸ਼ਨ ਜੀ} ਪਰਮਾਤਮਾ। ਊਨ—ਅਣਹੋਂਦ, ਊਣਤਾ। ਕਤਹੂ ਠਾਇ—ਕਿਸੇ ਥਾਂ ਵਿਚ। ਕਾਇ ਦੁਰਾਇ—ਕੇਹੜਾ ਲੁਕਾਉ? ਠਾਉ—ਥਾਂ। ਠਾਇ—ਥਾਂ। ਵਿਚ।1।

ਪਉੜੀ:- ਕਾਹੂ—ਕਿਸੇ ਨਾਲ। ਸਮਾਹੂ—ਵਿਆਪਕ ਹੈ। ਰਵਿਆ—ਮੌਜੂਦ ਹੈ। ਗਵਿਆ—ਗਮਨ ਕੀਆ, ਪਹੁੰਚ ਹਾਸਲ ਕੀਤੀ। ਵਰਨ—ਰੰਗ, ਜਾਤਿ-ਪਾਤ। ਚਿਹਨ—ਨਿਸ਼ਾਨ, ਰੂਪ-ਰੇਖਾ। ਸਗਲਹ ਤੇ—ਸਭ (ਜਾਤਿ-ਪਾਤਿ, ਰੂਪ-ਰੇਖ) ਤੋਂ। ਰਹਤਾ—ਵੱਖਰਾ। ਗੁਰਮੁਖਿ—ਗੁਰੂ ਦੀ ਸਰਨ ਪੈ ਕੇ। {ਨੋਟ:- ਤੀਜੀ ਚੌਥੀ ਤੁਕ ਦਾ ਅਰਥ ਇਕੱਠਾ

ਹੀ ਕਰਨਾ ਹੈ ਤੇ ਚੌਥੀ ਤੁਕ ਤੋਂ ਸ਼ੁਰੂ ਕਰਨਾ ਹੈ}। 46।

ਅਰਥ:- ਹੇ ਨਾਨਕ! ਪਰਮਾਤਮਾ ਸਭ ਥਾਈਂ ਮੌਜੂਦ ਹੈ, ਕਿਸੇ ਭੀ ਥਾਂ ਵਿਚ ਉਸ ਦੀ ਅਣਹੋਂਦ ਨਹੀਂ ਹੈ। ਸਭ ਜੀਵਾਂ ਦੇ ਅੰਦਰ ਤੇ ਚੁਫੇਰੇ ਪ੍ਰਭੂ ਅੰਗ-ਸੰਗ ਹੈ, (ਉਸ ਤੋਂ) ਕੋਈ ਲੁਕਾਉ ਨਹੀਂ ਹੋ ਸਕਦਾ।1।

ਪਉੜੀ:- ਹਰੇਕ ਸਰੀਰ ਵਿਚ ਪਰਮਾਤਮਾ ਸਮਾਇਆ ਹੋਇਆ ਹੈ, (ਇਸ ਵਾਸਤੇ) ਕਿਸੇ ਨਾਲ ਭੀ (ਕੋਈ) ਵੈਰ ਨਹੀਂ ਕਰਨਾ ਚਾਹੀਦਾ। ਪਰਮਾਤਮਾ ਪਾਣੀ ਵਿਚ ਧਰਤੀ ਵਿਚ (ਜ਼ੱਰੇ ਜ਼ੱਰੇ ਵਿਚ) ਵਿਆਪਕ ਹੈ, ਪਰ ਕਿਸੇ ਵਿਰਲੇ ਨੇ ਹੀ ਗੁਰੂ ਦੀ ਕਿਰਪਾ ਨਾਲ (ਉਸ ਪ੍ਰਭੂ ਤਕ) ਪਹੁੰਚ ਹਾਸਲ ਕੀਤੀ ਹੈ।

ਪਰਮਾਤਮਾ ਜਾਤਿ-ਪਾਤਿ, ਰੂਪ-ਰੇਖ ਤੋਂ ਨਿਆਰਾ ਹੈ (ਉਸ ਦੀ ਕੋਈ ਜਾਤਿ-ਪਾਤਿ ਉਸ ਦਾ ਕੋਈ ਰੂਪ-ਰੇਖ ਦੱਸੇ ਨਹੀਂ ਜਾ ਸਕਦੇ)। (ਪਰ) ਹੇ ਨਾਨਕ! ਜੋ ਜੋ ਮਨੁੱਖ ਗੁਰੂ ਦੀ ਸਰਨ ਪੈ ਕੇ ਉਸ ਹਰੀ ਨੂੰ ਸਿਮਰਦੇ ਹਨ, ਉਸ ਦੀ ਸਿਫ਼ਤਿ-ਸਾਲਾਹ ਸੁਣਦੇ ਹਨ, ਉਹਨਾਂ ਦੇ ਮਨ ਵਿਚੋਂ ਵੈਰ ਵਿਰੋਧ ਮਿਟ ਜਾਂਦੇ ਹਨ। 46।

ਸਲੋਕੁ ॥ ਹਉ ਹਉ ਕਰਤ ਬਿਹਾਨੀਆ ਸਾਕਤ ਮੁਗਧ ਅਜਾਨ ॥ ੜੜਕਿ ਮੁਏ ਜਿਉ ਤ੍ਰਿਖਾਵੰਤ ਨਾਨਕ ਕਿਰਤਿ ਕਮਾਨ ॥੧॥ ਪਉੜੀ ॥ ੜਾੜਾ ੜਾੜਿ ਮਿਟੈ ਸੰਗਿ ਸਾਧੂ ॥ ਕਰਮ ਧਰਮ ਤਤੁ ਨਾਮ ਅਰਾਧੂ ॥ ਰੂੜੋ ਜਿਹ ਬਸਿਓ ਰਿਦ ਮਾਹੀ ॥ ਉਆ ਕੀ ੜਾੜਿ ਮਿਟਤ ਬਿਨਸਾਹੀ ॥ ੜਾੜਿ ਕਰਤ ਸਾਕਤ ਗਾਵਾਰਾ ॥ ਜੇਹ ਹੀਐ ਅਹੰਬੁਧਿ ਬਿਕਾਰਾ ॥ ੜਾੜਾ ਗੁਰਮੁਖਿ ੜਾੜਿ ਮਿਟਾਈ ॥ ਨਿਮਖ ਮਾਹਿ ਨਾਨਕ ਸਮਝਾਈ ॥੪੭॥ {ਪੰਨਾ 260}

ਪਦਅਰਥ:- ਹਉ ਹਉ—ਮੈਂ (ਹੀ ਹੋਵਾਂ) ਮੈਂ (ਹੀ ਵੱਡਾ ਬਣਾਂ)। ਸਾਕਤ—ਮਾਇਆ-ਗ੍ਰਸੇ ਜੀਵ। ਮੁਗਧ—ਮੂਰਖ। ੜੜਕਿ—(ਹਉਮੈ ਦਾ ਕੰਡਾ) ਚੁਭ ਚੁਭ ਕੇ। ਮੁਏ—ਆਤਮਕ ਮੌਤੇ ਮਰਦੇ ਹਨ, ਆਤਮਕ ਆਨੰਦ ਗਵਾ ਲੈਂਦੇ ਹਨ। ਤ੍ਰਿਖਾਵੰਤ—ਤਿਹਾਇਆ। ਕਿਰਤਿ—ਕਿਰਤ ਅਨੁਸਾਰ। ਕਿਰਤਿ ਕਮਾਨ—ਕਮਾਈ ਹੋਈ ਕਿਰਤ ਅਨੁਸਾਰ, ਹਉਮੈ ਦੇ ਆਸਰੇ ਕੀਤੇ ਕਰਮਾਂ ਅਨੁਸਾਰ।1।

ਪਉੜੀ:- ੜਾੜਿ—ਰੜਕ, ਚੋਭ, ਖਹ-ਖਹ। ਸਾਧੂ—ਗੁਰੂ। ਕਰਮ ਧਰਮ ਤਤੁ—ਧਾਰਮਿਕ ਕੰਮਾਂ ਦਾ ਤੱਤ। ਰੂੜੋ—ਸੁੰਦਰ ਹਰੀ। ਜੇਹ—ਜਿਸ ਦੇ। ਬਿਨਸਾਹੀ—ਨਾਸ ਹੋ ਜਾਂਦੀ ਹੈ। ਹੀਐ—ਹਿਰਦੇ ਵਿਚ। ਅਹੰਬੁਧਿ ਵਿਕਾਰਾ—ਮੈਂ ਵੱਡਾ ਬਣ ਜਾਵਾਂ—ਇਸ ਸਮਝ ਅਨੁਸਾਰ ਕੀਤੇ ਮਾੜੇ ਕੰਮ। 47।

ਅਰਥ:- ਮਾਇਆ-ਗ੍ਰਸੇ ਮੂਰਖ ਬੇਸਮਝ ਮਨੁੱਖਾਂ ਦੀ ਉਮਰ ਇਸੇ ਵਹਣ ਵਿਚ ਬੀਤ ਜਾਂਦੀ ਹੈ ਕਿ ਮੈਂ ਹੀ ਵੱਡਾ ਹੋਵਾਂ, ਮੈਂ ਹੀ ਹੋਵਾਂ। ਹੇ ਨਾਨਕ! ਹਉਮੈ ਦੇ ਆਸਰੇ ਕੀਤੇ ਕੰਮਾਂ (ਦੇ ਸੰਸਕਾਰਾਂ) ਦੇ ਕਾਰਨ, ਹਉਮੈ ਦਾ ਕੰਡਾ ਚੁਭ ਚੁਭ ਕੇ ਹੀ ਉਹਨਾਂ ਦੀ ਆਤਮਕ ਮੌਤ ਹੋ ਜਾਂਦੀ ਹੈ, ਜਿਵੇਂ ਕੋਈ ਤ੍ਰਿਹਾਇਆ (ਪਾਣੀ ਖੁਣੋਂ ਮਰਦਾ ਹੈ, ਉਹ ਆਤਮਕ ਸੁਖ ਬਾਝੋਂ ਤੜਫਦੇ ਹਨ)।1।

ਪਉੜੀ:- (ਮਨੁੱਖ ਦੇ ਅੰਦਰੋਂ ਹਉਮੈ ਦੇ ਕੰਡੇ ਦੀ) ਚੋਭ ਗੁਰੂ ਦੀ ਸੰਗਤਿ ਵਿਚ ਹੀ ਮਿਟਦੀ ਹੈ (ਕਿਉਂਕਿ ਸੰਗਤਿ ਵਿਚ ਪ੍ਰਭੂ ਦਾ ਨਾਮ ਮਿਲਦਾ ਹੈ ਤੇ) ਹਰੀ-ਨਾਮ ਦਾ ਸਿਮਰਨ ਸਾਰੇ ਧਾਰਮਿਕ ਕਰਮਾਂ ਦਾ ਨਿਚੋੜ ਹੈ। ਜਿਸ ਮਨੁੱਖ ਦੇ ਹਿਰਦੇ ਵਿਚ ਸੋਹਣਾ ਪ੍ਰਭੂ ਆ ਵੱਸੇ, ਉਸ ਦੇ ਅੰਦਰੋਂ ਹਉਮੈ ਦੇ ਕੰਡੇ ਦੀ ਚੋਭ ਜ਼ਰੂਰ ਨਾਸ ਹੋ ਜਾਂਦੀ ਹੈ, ਮਿਟ ਜਾਂਦੀ ਹੈ। ਇਹ ਹਉਮੈ ਵਾਲੀ ਰੜਕ (ਆਪਣੇ ਅੰਦਰ) ਉਹੀ ਮੂਰਖ ਮਾਇਆ-ਗ੍ਰਸੇ ਬੰਦੇ ਕਾਇਮ ਰੱਖਦੇ ਹਨ, ਜਿਨ੍ਹਾਂ ਦੇ ਹਿਰਦੇ ਵਿਚ ਹਉਮੈ ਵਾਲੀ ਬੁੱਧੀ ਤੋਂ ਉਪਜੇ ਭੈੜ ਟਿਕੇ ਰਹਿੰਦੇ ਹਨ।

(ਪਰ) ਹੇ ਨਾਨਕ! ਜਿਨ੍ਹਾਂ ਨੇ ਗੁਰੂ ਦੀ ਸਰਨ ਪੈ ਕੇ ਹਉਮੈ ਵਾਲੀ ਚੋਭ ਦੂਰ ਕਰ ਲਈ, ਉਹਨਾਂ ਨੂੰ ਗੁਰੂ ਅੱਖ ਦੇ ਇਕ ਫੋਰ ਵਿਚ ਹੀ ਆਤਮਕ ਆਨੰਦ ਦੀ ਝਲਕ ਵਿਖਾ ਦੇਂਦਾ ਹੈ। 47।

ਸਲੋਕੁ ॥ ਸਾਧੂ ਕੀ ਮਨ ਓਟ ਗਹੁ ਉਕਤਿ ਸਿਆਨਪ ਤਿਆਗੁ ॥ ਗੁਰ ਦੀਖਿਆ ਜਿਹ ਮਨਿ ਬਸੈ ਨਾਨਕ ਮਸਤਕਿ ਭਾਗੁ ॥ ੧॥ ਪਉੜੀ ॥ ਸਸਾ ਸਰਨਿ ਪਰੇ ਅਬ ਹਾਰੇ ॥ ਸਾਸਤ੍ਰ ਸਿਮ੍ਰਿਤਿ ਬੇਦ ਪੂਕਾਰੇ ॥ ਸੋਧਤ ਸੋਧਤ ਸੋਧਿ ਬੀਚਾਰਾ ॥ ਬਿਨੁ ਹਰਿ ਭਜਨ ਨਹੀ ਛੁਟਕਾਰਾ ॥ ਸਾਸਿ ਸਾਸਿ ਹਮ ਭੂਲਨਹਾਰੇ ॥ ਤੁਮ ਸਮਰਥ ਅਗਨਤ ਅਪਾਰੇ ॥ ਸਰਨਿ ਪਰੇ ਕੀ ਰਾਖੁ ਦਇਆਲਾ ॥ ਨਾਨਕ ਤੁਮਰੇ ਬਾਲ ਗੁਪਾਲਾ ॥੪੮॥ {ਪੰਨਾ 260}

ਪਦਅਰਥ:- ਸਾਧੂ—ਗੁਰੂ। ਮਨ—ਹੇ ਮਨ! ਗਹੁ—ਫੜ। ਉਕਤਿ—ਦਲੀਲ-ਬਾਜ਼ੀ। ਦੀਖਿਆ—ਸਿੱਖਿਆ। ਜਿਹ ਮਨਿ—ਜਿਸ ਦੇ ਮਨ ਵਿਚ। ਮਸਤਕਿ—ਮੱਥੇ ਉਤੇ। ਭਾਗੁ—ਚੰਗਾ ਲੇਖ।1।

ਪਉੜੀ:- ਹਾਰੇ—ਹਾਰਿ, ਹਾਰ ਕੇ। ਸਾਸਤ੍ਰ—ਹਿੰਦੂ ਫ਼ਿਲਾਸਫ਼ੀ ਦੇ ਛੇ ਪੁਸਤਕ—ਸਾਂਖ, ਜੋਗ, ਨਿਆਇ, ਮੀਮਾਂਸਾ, ਵੈਸ਼ੇਸਕ, ਵੇਦਾਂਤ। ਛੁਟਕਾਰਾ—(ਮਾਇਆ ਦੇ ਮੋਹ ਤੋਂ) ਖ਼ਲਾਸੀ। ਗੁਪਾਲਾ—ਹੇ ਗੋਪਾਲ! ਹੇ ਧਰਤੀ ਦੇ ਸਾਈਂ!। 48।

ਅਰਥ:- ਹੇ ਮਨ! (ਜੇ ਹਉਮੈ ਦੀ ਚੋਭ ਤੋਂ ਬਚਣਾ ਹੈ, ਤਾਂ) ਗੁਰੂ ਦਾ ਆਸਰਾ ਲੈ, ਆਪਣੀਆਂ ਦਲੀਲ-ਬਾਜ਼ੀਆਂ ਤੇ ਸਿਆਣਪਾਂ ਛੱਡ। ਹੇ ਨਾਨਕ! ਜਿਸ ਮਨੁੱਖ ਦੇ ਮਨ ਵਿਚ ਗੁਰੂ ਦੀ ਸਿੱਖਿਆ ਵੱਸ ਪੈਂਦੀ ਹੈ, ਉਸ ਦੇ ਮੱਥੇ ਉਤੇ ਚੰਗਾ ਲੇਖ (ਉਘੜਿਆ ਸਮਝੋ)।1।

ਪਉੜੀ:- ਹੇ ਧਰਤੀ ਦੇ ਸਾਈਂ! (ਹਉਮੈ ਦੀ ਚੋਭ ਤੋਂ ਬਚਣ ਲਈ ਅਨੇਕਾਂ ਚਤੁਰਾਈਆਂ ਸਿਆਣਪਾਂ ਕੀਤੀਆਂ, ਪਰ ਕੁਝ ਨ ਬਣਿਆ, ਹੁਣ) ਹਾਰ ਕੇ ਤੇਰੀ ਸਰਨ ਪਏ ਹਾਂ। (ਪੰਡਿਤ ਲੋਕ) ਸਿਮ੍ਰਤੀਆਂ ਸ਼ਾਸਤ੍ਰ ਵੇਦ (ਆਦਿਕ ਧਰਮ-ਪੁਸਤਕ) ਉੱਚੀ ਉੱਚੀ ਪੜ੍ਹਦੇ ਹਨ। ਪਰ ਬਹੁਤ ਵਿਚਾਰ ਵਿਚਾਰ ਕੇ ਇਸੇ ਨਤੀਜੇ ਤੇ ਅਪੜੀਦਾ ਹੈ ਕਿ ਹਰੀ-ਨਾਮ ਦੇ ਸਿਮਰਨ ਤੋਂ ਬਿਨਾ (ਹਉਮੈ ਦੀ ਚੋਭ ਤੋਂ) ਖ਼ਲਾਸੀ ਨਹੀਂ ਹੋ ਸਕਦੀ।

ਹੇ ਗੁਪਾਲ! ਅਸੀਂ ਜੀਵ ਸੁਆਸ ਸੁਆਸ ਭੁੱਲਾਂ ਕਰਦੇ ਹਾਂ। ਤੂੰ ਸਾਡੀਆਂ ਭੁੱਲਾਂ ਨੂੰ ਬਖ਼ਸ਼ਣ-ਜੋਗ ਹੈਂ, ਤੇਰੇ ਗੁਣ ਗਿਣੇ ਨਹੀਂ ਜਾ ਸਕਦੇ, ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ।

ਹੇ ਨਾਨਕ! (ਪ੍ਰਭੂ ਅੱਗੇ ਅਰਦਾਸ ਕਰ, ਤੇ ਆਖ—) ਹੇ ਗੋਪਾਲ! ਅਸੀਂ ਤੇਰੇ ਬੱਚੇ ਹਾਂ, ਹੇ ਦਿਆਲ! ਸਰਨ ਪਿਆਂ ਦੀ ਲਾਜ ਰੱਖ (ਤੇ ਸਾਨੂੰ ਹਉਮੈ ਦੇ ਕੰਡੇ ਦੀ ਚੋਭ ਤੋਂ ਬਚਾਈ ਰੱਖ)। 48।

ਸਲੋਕੁ ॥ ਖੁਦੀ ਮਿਟੀ ਤਬ ਸੁਖ ਭਏ ਮਨ ਤਨ ਭਏ ਅਰੋਗ ॥ ਨਾਨਕ ਦ੍ਰਿਸਟੀ ਆਇਆ ਉਸਤਤਿ ਕਰਨੈ ਜੋਗੁ ॥੧॥ ਪਉੜੀ ॥ ਖਖਾ ਖਰਾ ਸਰਾਹਉ ਤਾਹੂ ॥ ਜੋ ਖਿਨ ਮਹਿ ਊਨੇ ਸੁਭਰ ਭਰਾਹੂ ॥ ਖਰਾ ਨਿਮਾਨਾ ਹੋਤ ਪਰਾਨੀ ॥ ਅਨਦਿਨੁ ਜਾਪੈ ਪ੍ਰਭ ਨਿਰਬਾਨੀ ॥ ਭਾਵੈ ਖਸਮ ਤ ਉਆ ਸੁਖੁ ਦੇਤਾ ॥ ਪਾਰਬ੍ਰਹਮੁ ਐਸੋ ਆਗਨਤਾ ॥ ਅਸੰਖ ਖਤੇ ਖਿਨ ਬਖਸਨਹਾਰਾ ॥ ਨਾਨਕ ਸਾਹਿਬ ਸਦਾ ਦਇਆਰਾ ॥੪੯॥ {ਪੰਨਾ 260}

ਪਦਅਰਥ:- ਖੁਦ—ਖ਼ੁਦ, ਮੈਂ ਆਪ, ਹਉ। ਖੁਦੀ—ਮੈਂ ਮੈਂ ਵਾਲਾ ਸੁਭਾਉ, ਹਉਮੈ। ਅਰੋਗ—ਨਿਰੋਆ। ਦ੍ਰਿਸਟੀ ਆਇਆ—ਦਿੱਸ ਪੈਂਦਾ ਹੈ। ਉਸਤਤਿ ਕਰਨੈ ਜੋਗ—ਜੋ ਸਚ-ਮੁਚ ਵਡਿਆਈ ਦਾ ਹੱਕਦਾਰ ਹੈ।1।

ਪਉੜੀ:- ਖਰਾ—ਚੰਗੀ ਤਰ੍ਹਾਂ। ਸਰਾਹਉ—ਸਰਾਹਉਂ, ਮੈਂ ਸਲਾਹੁੰਦਾ ਹਾਂ। ਊਨੇ—ਖ਼ਾਲੀ। ਸੁਭਰ—ਨਕਾ-ਨਕ। ਨਿਮਾਨਾ—ਨਿਰ-ਅਹੰਕਾਰ। ਪਰਾਨੀ—ਜੀਵ। ਜਾਪੈ—ਜਾਪਦਾ ਹੈ। ਨਿਰਬਾਨੀ—ਵਾਸਨਾ ਤੋਂ ਰਹਿਤ। ਭਾਵੈ ਖਸਮ—ਖਸਮ ਨੂੰ ਚੰਗਾ ਲੱਗਦਾ ਹੈ। ਆਗਨਤਾ—ਬੇਅੰਤ। ਅਸੰਖ—ਅਣਗਿਣਤ, ਜਿਨ੍ਹਾਂ ਦੀ ਸੰਖਿਆ (ਗਿਣਤੀ) ਨ ਹੋ ਸਕੇ। ਖਤੇ—ਪਾਪ। ਦਇਆਰਾ—ਦਿਆਲ। 48।

ਅਰਥ:- ਜਦੋਂ ਮਨੁੱਖ ਦੀ ਹਉਮੈ ਦੂਰ ਹੋ ਜਾਂਦੀ ਹੈ, ਤਦੋਂ ਇਸ ਨੂੰ ਆਤਮਕ ਆਨੰਦ ਮਿਲਦਾ ਹੈ (ਜਿਸ ਦੀ ਬਰਕਤਿ ਨਾਲ) ਇਸ ਦਾ ਮਨ ਤੇ ਤਨ ਨਰੋਏ ਹੋ ਜਾਂਦੇ ਹਨ। ਹੇ ਨਾਨਕ! (ਹਉਮੈ ਮਿਟਿਆਂ ਹੀ) ਮਨੁੱਖ ਨੂੰ ਉਹ ਪਰਮਾਤਮਾ (ਹਰ ਥਾਂ) ਦਿੱਸ ਪੈਂਦਾ ਹੈ ਜੋ ਸਚ-ਮੁਚ ਸਿਫ਼ਤਿ-ਸਾਲਾਹ ਦਾ ਹੱਕਦਾਰ ਹੈ।1।

ਪਉੜੀ:- ਮੈਂ ਉਸ ਪ੍ਰਭੂ ਦੀ ਸਿਫ਼ਤਿ-ਸਾਲਾਹ ਮਨ ਲਾ ਕੇ ਕਰਦਾ ਹਾਂ, ਜੋ ਇਕ ਖਿਣ ਵਿਚ ਉਹਨਾਂ (ਹਿਰਦਿਆਂ) ਨੂੰ (ਭਲੇ ਗੁਣਾਂ ਨਾਲ) ਨਕਾ-ਨਕ ਭਰ ਦੇਂਦਾ ਹੈ ਜੋ ਪਹਿਲਾਂ (ਗੁਣਾਂ ਤੋਂ) ਸੱਖਣੇ ਸਨ। (ਖ਼ੁਦੀ ਮਿਟਾ ਕੇ ਜਦੋਂ) ਮਨੁੱਖ ਚੰਗੀ ਤਰ੍ਹਾਂ ਨਿਰ-ਅਹੰਕਾਰ ਹੋ ਜਾਂਦਾ ਹੈ ਤਾਂ ਹਰ ਵੇਲੇ ਵਾਸਨਾ-ਰਹਿਤ ਪਰਮਾਤਮਾ ਨੂੰ ਸਿਮਰਦਾ ਹੈ। (ਇਸ ਤਰ੍ਹਾਂ) ਮਨੁੱਖ ਖਸਮ-ਪ੍ਰਭੂ ਨੂੰ ਪਿਆਰਾ ਲੱਗਣ ਲੱਗ ਪੈਂਦਾ ਹੈ, ਪ੍ਰਭੂ ਉਸ ਨੂੰ ਆਤਮਕ ਸੁਖ ਬਖ਼ਸ਼ਦਾ ਹੈ।

ਹੇ ਨਾਨਕ! ਪਾਰਬ੍ਰਹਮ ਬੜਾ ਬੇਅੰਤ ਹੈ (ਬੇ-ਪਰਵਾਹ ਹੈ), ਮਾਲਕ-ਪ੍ਰਭੂ ਸਦਾ ਹੀ ਦਇਆ ਕਰਨ ਵਾਲਾ ਹੈ, ਉਹ ਜੀਵਾਂ ਦੇ ਅਣਗਿਣਤ ਹੀ ਪਾਪ ਖਿਣ ਵਿਚ ਬਖ਼ਸ਼ ਦੇਂਦਾ ਹੈ। 49।

ਸਲੋਕੁ ॥ ਸਤਿ ਕਹਉ ਸੁਨਿ ਮਨ ਮੇਰੇ ਸਰਨਿ ਪਰਹੁ ਹਰਿ ਰਾਇ ॥ ਉਕਤਿ ਸਿਆਨਪ ਸਗਲ ਤਿਆਗਿ ਨਾਨਕ ਲਏ ਸਮਾਇ ॥ ੧॥ ਪਉੜੀ ॥ ਸਸਾ ਸਿਆਨਪ ਛਾਡੁ ਇਆਨਾ ॥ ਹਿਕਮਤਿ ਹੁਕਮਿ ਨ ਪ੍ਰਭੁ ਪਤੀਆਨਾ ॥ ਸਹਸ ਭਾਤਿ ਕਰਹਿ ਚਤੁਰਾਈ ॥ ਸੰਗਿ ਤੁਹਾਰੈ ਏਕ ਨ ਜਾਈ ॥ ਸੋਊ ਸੋਊ ਜਪਿ ਦਿਨ ਰਾਤੀ ॥ ਰੇ ਜੀਅ ਚਲੈ ਤੁਹਾਰੈ ਸਾਥੀ ॥ ਸਾਧ ਸੇਵਾ ਲਾਵੈ ਜਿਹ ਆਪੈ ॥ ਨਾਨਕ ਤਾ ਕਉ ਦੂਖੁ ਨ ਬਿਆਪੈ ॥੫੦॥ {ਪੰਨਾ 260}

ਪਦਅਰਥ:- ਸਤਿ—ਸੱਚ। ਕਹਉ—ਕਹਉਂ, ਮੈਂ ਆਖਦਾ ਹਾਂ। ਮਨ—ਹੇ ਮਨ! ਉਕਤਿ—ਦਲੀਲ-ਬਾਜ਼ੀ।1।

ਪਉੜੀ:- ਇਆਨਾ—ਹੇ ਅੰਞਾਣ! ਹਿਕਮਤਿ—ਚਲਾਕੀ ਨਾਲ। ਹੁਕਮਿ—ਹੁਕਮ ਦੀ ਰਾਹੀਂ। ਸਹਸ—ਹਜ਼ਾਰਾਂ। ਸੋਊ—ਉਸ ਪ੍ਰਭੂ ਨੂੰ ਹੀ। ਰੇ ਜੀਅ—ਹੇ ਜਿੰਦੇ! ਸਾਧ—ਗੁਰੂ। ਜਿਹ—ਜਿਸ ਨੂੰ। ਨ ਬਿਆਪੈ—ਜ਼ੋਰ ਨਹੀਂ ਪਾ ਸਕਦਾ। 50।

ਅਰਥ:- ਹੇ ਮੇਰੇ ਮਨ! ਮੈਂ ਤੈਨੂੰ ਸੱਚੀ ਗੱਲ ਦੱਸਦਾ ਹਾਂ, (ਇਸ ਨੂੰ) ਸੁਣ। ਪਰਮਾਤਮਾ ਦੀ ਸਰਨ ਪਉ। ਹੇ ਨਾਨਕ! ਸਾਰੀਆਂ ਦਲੀਲ-ਬਾਜ਼ੀਆਂ ਤੇ ਸਿਆਣਪਾਂ ਛੱਡ ਦੇ, (ਸਰਲ ਸੁਭਾਵ ਹੋ ਕੇ ਆਸਰਾ ਲਏਂਗਾ, ਤਾਂ) ਪ੍ਰਭੂ ਤੈਨੂੰ ਆਪਣੇ ਚਰਨਾਂ ਵਿਚ ਜੋੜ ਲਏਗਾ।1।

ਪਉੜੀ:- ਹੇ ਮੇਰੇ ਅੰਞਾਣ ਮਨ! ਚਲਾਕੀਆਂ ਛੱਡ। ਪਰਮਾਤਮਾ ਚਲਾਕੀਆਂ ਨਾਲ ਤੇ ਹੁਕਮ ਕੀਤਿਆਂ (ਭਾਵ, ਆਕੜ ਵਿਖਾਇਆਂ) ਖ਼ੁਸ਼ ਨਹੀਂ ਹੁੰਦਾ। ਜੇ ਤੂੰ ਹਜ਼ਾਰਾਂ ਕਿਸਮਾਂ ਦੀਆਂ ਚਲਾਕੀਆਂ ਭੀ ਕਰੇਂਗਾ, ਇੱਕ ਚਲਾਕੀ ਭੀ ਤੇਰੀ ਮਦਦ ਨਹੀਂ ਕਰ ਸਕੇਗੀ (ਪ੍ਰਭੂ ਦੀ ਹਜ਼ੂਰੀ ਵਿਚ ਤੇਰੇ ਨਾਲ ਨਹੀਂ ਜਾਇਗੀ, ਮੰਨੀ ਨਹੀਂ ਜਾ ਸਕੇਗੀ)। ਹੇ ਮੇਰੀ ਜਿੰਦੇ! ਬੱਸ! ਉਸ ਪ੍ਰਭੂ ਨੂੰ ਹੀ ਦਿਨ ਰਾਤ ਯਾਦ ਕਰਦੀ ਰਹੁ, ਪ੍ਰਭੂ ਦੀ ਯਾਦ ਨੇ ਹੀ ਤੇਰੇ ਨਾਲ ਜਾਣਾ ਹੈ।

(ਪਰ ਇਹ ਸਿਮਰਨ ਉਹੀ ਕਰ ਸਕਦਾ ਹੈ ਜਿਸ ਨੂੰ ਪ੍ਰਭੂ ਆਪ ਗੁਰੂ ਦੇ ਦਰ ਤੇ ਲਿਆਵੇ) ਹੇ ਨਾਨਕ! ਜਿਸ ਮਨੁੱਖ ਨੂੰ ਪ੍ਰਭੂ ਆਪ ਗੁਰੂ ਦੀ ਸੇਵਾ ਵਿਚ ਜੋੜਦਾ ਹੈ, ਉਸ ਉਤੇ ਕੋਈ ਦੁੱਖ-ਕਲੇਸ਼ ਜ਼ੋਰ ਨਹੀਂ ਪਾ ਸਕਦਾ। 50।

ਸਲੋਕੁ ॥ ਹਰਿ ਹਰਿ ਮੁਖ ਤੇ ਬੋਲਨਾ ਮਨਿ ਵੂਠੈ ਸੁਖੁ ਹੋਇ ॥ ਨਾਨਕ ਸਭ ਮਹਿ ਰਵਿ ਰਹਿਆ ਥਾਨ ਥਨੰਤਰਿ ਸੋਇ ॥੧॥ ਪਉੜੀ ॥ ਹੇਰਉ ਘਟਿ ਘਟਿ ਸਗਲ ਕੈ ਪੂਰਿ ਰਹੇ ਭਗਵਾਨ ॥ ਹੋਵਤ ਆਏ ਸਦ ਸਦੀਵ ਦੁਖ ਭੰਜਨ ਗੁਰ ਗਿਆਨ ॥ ਹਉ ਛੁਟਕੈ ਹੋਇ ਅਨੰਦੁ ਤਿਹ ਹਉ ਨਾਹੀ ਤਹ ਆਪਿ ॥ ਹਤੇ ਦੂਖ ਜਨਮਹ ਮਰਨ ਸੰਤਸੰਗ ਪਰਤਾਪ ॥ ਹਿਤ ਕਰਿ ਨਾਮ ਦ੍ਰਿੜੈ ਦਇਆਲਾ ॥ ਸੰਤਹ ਸੰਗਿ

ਹੋਤ ਕਿਰਪਾਲਾ ॥ ਓਰੈ ਕਛੂ ਨ ਕਿਨਹੂ ਕੀਆ ॥ ਨਾਨਕ ਸਭੁ ਕਛੁ ਪ੍ਰਭ ਤੇ ਹੂਆ ॥ ੫੧॥ {ਪੰਨਾ 260}

ਪਦਅਰਥ:- ਮਨਿ ਵੂਠੈ—ਜੇ ਮਨ ਵਿਚ ਵੱਸ ਪਏ। ਰਵਿ ਰਹਿਆ—ਵਿਆਪਕ ਹੈ। ਥਾਨ ਥਨੰਤਰਿ—ਥਾਨ ਥਾਨ ਅੰਤਰਿ, ਹਰੇਕ ਥਾਂ ਦੇ ਅੰਦਰ।1।

ਪਉੜੀ:- ਹੇਰਉ—ਹੇਰਉਂ, ਮੈਂ ਵੇਖਦਾ ਹਾਂ। ਘਟਿ ਘਟਿ—ਹਰੇਕ ਘਟ ਵਿਚ। ਗੁਰ ਗਿਆਨ—ਗੁਰੂ ਦਾ ਗਿਆਨ (ਇਹ ਦੱਸਦਾ ਹੈ)। ਹਉ—ਹਉਮੈ। ਤਿਹ ਹਉ—ਉਸ ਮਨੁੱਖ ਦੀ ਹਉਮੈ। ਤਹ—ਉਥੇ, ਉਸ ਦੇ ਅੰਦਰ। ਹਤੇ—ਨਾਸ ਹੋ ਗਏ। ਹਿਤ—ਪਿਆਰ, ਪ੍ਰੇਮ। ਸੰਤਹ ਸੰਗਿ—ਸੰਤ ਜਨਾਂ ਦੀ ਸੰਗਤਿ ਵਿਚ। ਓਰੈ—ਪਰਮਾਤਮਾ ਤੋਂ ਉਰੇ। 51।

ਅਰਥ:- ਹੇ ਨਾਨਕ! ਉਹ ਪ੍ਰਭੂ ਸਭ ਜੀਵਾਂ ਵਿਚ ਵਿਆਪਕ ਹੈ, ਹਰੇਕ ਥਾਂ ਦੇ ਅੰਦਰ ਮੌਜੂਦ ਹੈ, ਉਸ ਹਰੀ ਦਾ ਜਾਪ ਮੂੰਹ ਨਾਲ ਕੀਤਿਆਂ ਜਦੋਂ ਉਹ ਮਨ ਵਿਚ ਆ ਵੱਸਦਾ ਹੈ, ਤਾਂ ਆਤਮਕ ਆਨੰਦ ਪੈਦਾ ਹੁੰਦਾ ਹੈ।1।

ਪਉੜੀ:- ਮੈਂ ਸਭ ਜੀਵਾਂ ਦੇ ਸਰੀਰ ਵਿਚ ਵੇਖਦਾ ਹਾਂ ਕਿ ਪਰਮਾਤਮਾ ਹੀ ਆਪ ਮੌਜੂਦ ਹੈ। ਪਰਮਾਤਮਾ ਸਦਾ ਤੋਂ ਹੀ ਹੋਂਦ ਵਾਲਾ ਚਲਿਆ ਆ ਰਿਹਾ ਹੈ, ਉਹ ਜੀਵਾਂ ਦੇ ਦੁੱਖ ਭੀ ਨਾਸ ਕਰਨ ਵਾਲਾ ਹੈ—ਇਹ ਸੂਝ ਗੁਰੂ ਦਾ ਗਿਆਨ ਦੇਂਦਾ ਹੈ (ਗੁਰੂ ਦੇ ਉਪਦੇਸ਼ ਤੋਂ ਇਹ ਸਮਝ ਪੈਂਦੀ ਹੈ)।

ਸੰਤਾਂ ਦੀ ਸੰਗਤਿ ਦੀ ਬਰਕਤਿ ਨਾਲ ਮਨੁੱਖ ਦੇ ਜਨਮ ਮਰਨ ਦੇ ਦੁੱਖ ਨਾਸ ਹੋ ਜਾਂਦੇ ਹਨ, ਮਨੁੱਖ ਦੀ ਹਉਮੈ ਮੁੱਕ ਜਾਂਦੀ ਹੈ, ਮਨ ਵਿਚ ਆਨੰਦ ਪੈਦਾ ਹੋ ਜਾਂਦਾ ਹੈ, ਮਨ ਵਿਚੋਂ ਹਉਮੈ ਦਾ ਅਭਾਵ ਹੋ ਜਾਂਦਾ ਹੈ, ਉਥੇ ਪ੍ਰਭੂ ਆਪ ਆ ਵੱਸਦਾ ਹੈ।

ਜੇਹੜਾ ਮਨੁੱਖ ਸੰਤ ਜਨਾਂ ਦੀ ਸੰਗਤਿ ਵਿਚ ਰਹਿ ਕੇ ਪ੍ਰੇਮ ਨਾਲ ਦਿਆਲ ਪ੍ਰਭੂ ਦਾ ਨਾਮ ਆਪਣੇ ਹਿਰਦੇ ਵਿਚ ਟਿਕਾਂਦਾ ਹੈ, ਪ੍ਰਭੂ ਉਸ ਉਤੇ ਕਿਰਪਾ ਕਰਦਾ ਹੈ। ਹੇ ਨਾਨਕ! (ਉਸ ਮਨੁੱਖ ਨੂੰ ਇਹ ਨਿਸ਼ਚਾ ਹੋ ਜਾਂਦਾ ਹੈ ਕਿ) ਪਰਮਾਤਮਾ ਤੋਂ ਉਰੇ ਹੋਰ ਕੋਈ ਕੁਝ ਕਰਨ-ਜੋਗਾ ਨਹੀਂ ਹੈ, ਇਹ ਸਾਰਾ ਜਗਤ-ਆਕਾਰ ਪਰਮਾਤਮਾ ਤੋਂ ਹੀ ਪਰਗਟ ਹੋਇਆ ਹੈ। 51।

ਸਲੋਕੁ ॥ ਲੇਖੈ ਕਤਹਿ ਨ ਛੂਟੀਐ ਖਿਨੁ ਖਿਨੁ ਭੂਲਨਹਾਰ ॥ ਬਖਸਨਹਾਰ ਬਖਸਿ ਲੈ ਨਾਨਕ ਪਾਰਿ ਉਤਾਰ ॥੧॥ ਪਉੜੀ ॥ ਲੂਣ ਹਰਾਮੀ ਗੁਨਹਗਾਰ ਬੇਗਾਨਾ ਅਲਪ ਮਤਿ ॥ ਜੀਉ ਪਿੰਡੁ ਜਿਨਿ ਸੁਖ ਦੀਏ ਤਾਹਿ ਨ ਜਾਨਤ ਤਤ ॥ ਲਾਹਾ ਮਾਇਆ ਕਾਰਨੇ ਦਹ ਦਿਸਿ ਢੂਢਨ ਜਾਇ ॥ ਦੇਵਨਹਾਰ ਦਾਤਾਰ ਪ੍ਰਭ ਨਿਮਖ ਨ ਮਨਹਿ ਬਸਾਇ ॥ ਲਾਲਚ ਝੂਠ ਬਿਕਾਰ ਮੋਹ ਇਆ ਸੰਪੈ ਮਨ ਮਾਹਿ ॥ ਲੰਪਟ ਚੋਰ ਨਿੰਦਕ ਮਹਾ ਤਿਨਹੂ ਸੰਗਿ ਬਿਹਾਇ ॥ ਤੁਧੁ ਭਾਵੈ ਤਾ ਬਖਸਿ ਲੈਹਿ ਖੋਟੇ ਸੰਗਿ ਖਰੇ ॥ ਨਾਨਕ ਭਾਵੈ ਪਾਰਬ੍ਰਹਮ ਪਾਹਨ ਨੀਰਿ ਤਰੇ ॥੫੨॥ {ਪੰਨਾ 261}

ਪਦਅਰਥ:- ਨ ਛੂਟੀਐ—ਸੁਰਖ਼ਰੂ ਨਹੀਂ ਹੋ ਸਕੀਦਾ, ਵਿਕਾਰਾਂ ਦੇ ਕਰਜ਼ੇ ਹੇਠੋਂ ਨਹੀਂ ਨਿਕਲ ਸਕਦੇ।1।

ਪਉੜੀ—ਲੂਣ ਹਰਾਮੀ—ਖਾਧਾ ਲੂਣ ਹਰਾਮ ਕਰਨ ਵਾਲਾ, ਨ-ਸ਼ੁਕਰਾ, ਅਕ੍ਰਿਤਘਣ। ਬੇਗਾਨਾ—ਓਪਰਾ, ਸਾਂਝ ਨਾਹ ਪਾਣ ਵਾਲਾ। ਅਲਪ—ਥੋੜੀ। ਜੀਉ—ਜਿੰਦ। ਪਿੰਡੁ—ਸਰੀਰ। ਤਾਹਿ—ਉਸ ਨੂੰ। ਤਤ—(ਜਿੰਦ ਤੇ ਸਰੀਰ ਦੇ) ਅਸਲੇ ਨੂੰ। ਲਾਹਾ—ਲਾਭ। ਦਹਦਿਸਿ—ਦਸੀਂ ਪਾਸੀਂ। ਨਿਮਖ—{inmy—} ਅੱਖ ਫਰਕਣ ਜਿੰਨਾ ਸਮਾ। ਮਨਹਿ—ਮਨ ਵਿਚ। ਸੰਪੈ—ਧਨ। ਲੰਪਟ—ਵਿਸ਼ਈ। ਬਿਹਾਇ—ਉਮਰ ਬੀਤਦੀ ਹੈ। ਪਾਹਨ—ਪੱਥਰ, ਪੱਥਰ-ਦਿਲ ਬੰਦੇ। ਨੀਰਿ—ਪਾਣੀ ਵਿਚ, ਨਾਮ-ਅੰਮ੍ਰਿਤ ਨਾਲ। 52।

ਅਰਥ:- ਹੇ ਨਾਨਕ! (ਆਖ—) ਅਸੀਂ ਜੀਵ ਖਿਨ ਖਿਨ ਪਿੱਛੋਂ ਭੁੱਲਾਂ ਕਰਨ ਵਾਲੇ ਹਾਂ, ਜੇ ਸਾਡੀਆਂ ਭੁੱਲਾਂ ਦਾ ਲੇਖਾ ਹੋਵੇ ਤਾਂ ਅਸੀਂ ਕਿਸੇ ਤਰ੍ਹਾਂ ਭੀ ਇਸ ਭਾਰ ਤੋਂ ਸੁਰਖ਼ਰੂ ਨਹੀਂ ਹੋ ਸਕਦੇ। ਹੇ ਬਖ਼ਸ਼ਿੰਦ ਪ੍ਰਭੂ! ਤੂੰ ਆਪ ਹੀ ਸਾਡੀਆਂ ਭੁੱਲਾਂ ਬਖ਼ਸ਼, ਤੇ ਸਾਨੂੰ (ਵਿਕਾਰਾਂ ਦੇ ਸਮੁੰਦਰ ਵਿਚ ਡੁਬਦਿਆਂ ਨੂੰ) ਪਾਰ ਲੰਘਾ।1।

ਪਉੜੀ:- ਮਨੁੱਖ ਨਾ-ਸ਼ੁਕਰਾ ਹੈ, ਗੁਨਹਗਾਰ ਹੈ, ਹੋਛੀ ਮਤ ਵਾਲਾ ਹੈ ਪਰਮਾਤਮਾ ਨਾਲੋਂ ਓਪਰਾ ਹੀ ਰਹਿੰਦਾ ਹੈ, ਜਿਸ ਪ੍ਰਭੂ ਨੇ ਇਹ ਜਿੰਦ ਤੇ ਸਰੀਰ ਦਿੱਤੇ ਹਨ, ਉਸ ਅਸਲੇ ਨੂੰ ਪਛਾਣਦਾ ਹੀ ਨਹੀਂ। ਮਾਇਆ ਖੱਟਣ ਦੀ ਖ਼ਾਤਰ ਦਸੀਂ ਪਾਸੀਂ ਭਾਲ ਕਰਨ ਤੁਰਿਆ ਫਿਰਦਾ ਹੈ, ਪਰ ਜੇਹੜਾ ਪ੍ਰਭੂ ਦਾਤਾਰ ਸਭ ਕੁਝ ਦੇਣ ਜੋਗਾ ਹੈ, ਉਸ ਨੂੰ ਅੱਖ ਦੇ ਫੋਰ ਜਿਤਨੇ ਸਮੇ ਲਈ ਭੀ ਆਪਣੇ ਮਨ ਵਿਚ ਨਹੀਂ ਵਸਾਂਦਾ। ਲਾਲਚ, ਝੂਠ, ਵਿਕਾਰ ਤੇ ਮਾਇਆ ਦਾ ਮੋਹ—ਬੱਸ! ਇਹੀ ਧਨ ਮਨੁੱਖ ਆਪਣੇ ਮਨ ਵਿਚ ਸਾਂਭੀ ਬੈਠਾ ਹੈ। ਜੋ ਵਿਸ਼ਈ ਹਨ, ਚੋਰ ਹਨ, ਮਹਾ ਨਿੰਦਕ ਹਨ, ਉਹਨਾਂ ਦੇ ਸਾਥ ਵਿਚ ਇਸ ਦੀ ਉਮਰ ਬੀਤਦੀ ਹੈ। (ਪਰ, ਹੇ ਪ੍ਰਭੂ!) ਜੇ ਤੈਨੂੰ ਚੰਗਾ ਲੱਗੇ ਤਾਂ ਤੂੰ ਆਪ ਹੀ ਖੋਟਿਆਂ ਨੂੰ ਖਰਿਆਂ ਦੀ ਸੰਗਤਿ ਵਿਚ ਰੱਖ ਕੇ ਬਖ਼ਸ਼ ਲੈਂਦਾ ਹੈਂ।

ਹੇ ਨਾਨਕ! ਜੇ ਪਰਮਾਤਮਾ ਨੂੰ ਚੰਗਾ ਲੱਗੇ ਤਾਂ ਉਹ (ਵਿਚਾਰਾਂ ਵਿਚ) ਪੱਥਰ-ਦਿਲ ਹੋ ਚੁੱਕੇ ਬੰਦਿਆਂ ਨੂੰ ਨਾਮ-ਅੰਮ੍ਰਿਤ ਦੀ ਦਾਤਿ ਦੇ ਕੇ (ਵਿਕਾਰਾਂ ਦੀਆਂ ਲਹਿਰਾਂ ਵਿਚ ਡੁਬਣੋਂ) ਬਚਾ ਲੈਂਦਾ ਹੈ। 52।

ਸਲੋਕੁ ॥ ਖਾਤ ਪੀਤ ਖੇਲਤ ਹਸਤ ਭਰਮੇ ਜਨਮ ਅਨੇਕ ॥ ਭਵਜਲ ਤੇ ਕਾਢਹੁ ਪ੍ਰਭੂ ਨਾਨਕ ਤੇਰੀ ਟੇਕ ॥੧॥ ਪਉੜੀ ॥ ਖੇਲਤ ਖੇਲਤ ਆਇਓ ਅਨਿਕ ਜੋਨਿ ਦੁਖ ਪਾਇ ॥ ਖੇਦ ਮਿਟੇ ਸਾਧੂ ਮਿਲਤ ਸਤਿਗੁਰ ਬਚਨ ਸਮਾਇ ॥ ਖਿਮਾ ਗਹੀ ਸਚੁ ਸੰਚਿਓ ਖਾਇਓ ਅੰਮ੍ਰਿਤੁ ਨਾਮ ॥ ਖਰੀ ਕ੍ਰਿਪਾ ਠਾਕੁਰ ਭਈ ਅਨਦ ਸੂਖ ਬਿਸ੍ਰਾਮ ॥ ਖੇਪ ਨਿਬਾਹੀ ਬਹੁਤੁ ਲਾਭ ਘਰਿ ਆਏ ਪਤਿਵੰਤ ॥ ਖਰਾ ਦਿਲਾਸਾ ਗੁਰਿ ਦੀਆ ਆਇ ਮਿਲੇ ਭਗਵੰਤ ॥ ਆਪਨ ਕੀਆ ਕਰਹਿ ਆਪਿ ਆਗੈ ਪਾਛੈ ਆਪਿ ॥ ਨਾਨਕ ਸੋਊ ਸਰਾਹੀਐ ਜਿ ਘਟਿ ਘਟਿ ਰਹਿਆ ਬਿਆਪਿ ॥੫੩॥ {ਪੰਨਾ 261}

ਪਦਅਰਥ:- ਭਵਜਲ—ਸੰਸਾਰ-ਸਮੁੰਦਰ। ਤੇ—ਤੋਂ।1।

ਪਉੜੀ:- ਖੇਲਤ ਖੇਲਤ—ਮਨ ਪਰਚਾਂਦਾ ਪਰਚਾਂਦਾ। ਖੇਦ—ਦੁੱਖ-ਕਲੇਸ਼। ਸਾਧੂ—ਗੁਰੂ। ਸਮਾਇ—ਲੀਨ ਹੋ ਕੇ, ਚਿੱਤ ਜੋੜ ਕੇ। ਗਹੀ—ਫੜੀ, ਗ੍ਰਹਣ ਕੀਤੀ। ਸੰਚਿਓ—ਜੋੜਿਆ। ਖਾਇਓ—ਖ਼ੁਰਾਕ ਬਣਾਇਆ। ਖੇਪ—ਸੌਦਾ, ਵਣਜ-ਵਪਾਰ। ਘਰਿ ਆਏ—ਅੰਤਰ ਆਤਮੇ ਟਿਕ ਗਏ। ਪਤਿਵੰਤ—ਇੱਜ਼ਤ ਵਾਲੇ। ਗੁਰਿ—ਗੁਰੂ ਨੇ। ਦਿਲਾਸਾ—ਦਿਲ ਨੂੰ ਢਾਰਸ। ਆਗੈ ਪਾਛੈ—ਲੋਕ ਪਰਲੋਕ ਵਿਚ। ਸਰਾਹੀਐ—ਵਡਿਆਈਏ, ਸਿਫ਼ਤਿ-ਸਾਲਾਹ ਕਰੀਏ। 53।

ਅਰਥ:- ਹੇ ਨਾਨਕ! (ਆਖ—) ਹੇ ਪ੍ਰਭੂ! ਅਸੀਂ ਜੀਵ ਮਾਇਕ ਪਦਾਰਥ ਹੀ ਖਾਂਦੇ ਪੀਂਦੇ, ਤੇ ਮਾਇਆ ਦੇ ਰੰਗ ਤਮਾਸ਼ਿਆਂ ਵਿਚ ਹੀ ਹੱਸਦੇ ਖੇਡਦੇ ਅਨੇਕਾਂ ਜੂਨਾਂ ਵਿਚ ਭਟਕਦੇ ਆ ਰਹੇ ਹਾਂ, ਸਾਨੂੰ ਤੂੰ ਆਪ ਹੀ ਸੰਸਾਰ-ਸਮੁੰਦਰ ਵਿਚੋਂ ਕੱਢ, ਸਾਨੂੰ ਤੇਰਾ ਹੀ ਆਸਰਾ ਹੈ।1।

ਪਉੜੀ:- ਮਨੁੱਖ ਮਾਇਕ ਰੰਗਾਂ ਵਿਚ ਮਨ ਪਰਚਾਂਦਾ ਪਰਚਾਂਦਾ ਅਨੇਕਾਂ ਜੂਨਾਂ ਵਿਚੋਂ ਲੰਘਦਾ ਦੁੱਖ ਪਾਂਦਾ ਆਉਂਦਾ ਹੈ। ਜੇ ਗੁਰੂ ਮਿਲ ਪਏ, ਜੇ ਗੁਰੂ ਦੇ ਬਚਨਾਂ ਵਿਚ ਚਿੱਤ ਜੁੜ ਜਾਏ, ਤਾਂ ਸਾਰੇ ਦੁੱਖ-ਕਲੇਸ਼ ਮਿਟ ਜਾਂਦੇ ਹਨ। ਜਿਸ ਨੇ (ਗੁਰੂ-ਦਰ ਤੋਂ) ਖਿਮਾ ਦਾ ਸੁਭਾਉ ਗ੍ਰਹਣ ਕਰ ਲਿਆ, ਨਾਮ-ਧਨ ਇਕੱਠਾ ਕੀਤਾ, ਨਾਮ-ਅੰਮ੍ਰਿਤ ਨੂੰ ਆਪਣੀ ਆਤਮਕ ਖ਼ੁਰਾਕ ਬਣਾਇਆ ਉਸ ਉਤੇ ਪਰਮਾਤਮਾ ਦੀ ਬੜੀ ਮਿਹਰ ਹੁੰਦੀ ਹੈ, ਉਹ ਆਤਮਕ ਆਨੰਦ-ਸੁਖ ਵਿਚ ਟਿਕਿਆ ਰਹਿੰਦਾ ਹੈ।

ਜਿਸ ਮਨੁੱਖ ਨੇ (ਗੁਰੂ ਤੋਂ ਜਾਚ ਸਿੱਖ ਕੇ ਸਿਫ਼ਤਿ-ਸਾਲਾਹ ਦਾ) ਵਣਜ-ਵਪਾਰ (ਸਾਰੀ ਉਮਰ) ਤੋੜ ਨਿਬਾਹਿਆ,

ਉਸ ਨੇ ਲਾਭ ਖੱਟਿਆ, ਉਹ (ਭਟਕਣਾ ਤੋਂ ਬਚ ਕੇ) ਅਡੋਲ-ਮਨ ਹੋ ਜਾਂਦਾ ਹੈ ਤੇ ਆਦਰ ਖੱਟਦਾ ਹੈ। ਗੁਰੂ ਨੇ ਉਸ ਨੂੰ ਹੋਰ ਚੰਗੀ ਦਿਲੀ ਢਾਰਸ ਦਿੱਤੀ, ਤੇ ਉਹ ਭਗਵਾਨ ਦੇ ਚਰਨਾਂ ਵਿਚ ਜੁੜਿਆ। (ਪਰ ਇਹ ਸਭ ਪ੍ਰਭੂ ਦੀ ਮਿਹਰ ਹੈ)।

ਹੇ ਪ੍ਰਭੂ! ਇਹ ਸਾਰਾ ਖੇਲ ਤੂੰ ਹੀ ਕੀਤਾ ਹੈ, ਹੁਣ ਭੀ ਤੂੰ ਹੀ ਸਭ ਕੁਝ ਕਰ ਰਿਹਾ ਹੈਂ। ਲੋਕ ਪਰਲੋਕ ਵਿਚ ਜੀਆਂ ਦਾ ਰਾਖਾ ਤੂੰ ਆਪ ਹੀ ਹੈਂ। ਹੇ ਨਾਨਕ! ਜੋ ਪ੍ਰਭੂ ਹਰੇਕ ਸਰੀਰ ਵਿਚ ਮੌਜੂਦ ਹੈ, ਸਦਾ ਉਸੇ ਦੀ ਹੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ। 53।

ਸਲੋਕੁ ॥ ਆਏ ਪ੍ਰਭ ਸਰਨਾਗਤੀ ਕਿਰਪਾ ਨਿਧਿ ਦਇਆਲ ॥ ਏਕ ਅਖਰੁ ਹਰਿ ਮਨਿ ਬਸਤ ਨਾਨਕ ਹੋਤ ਨਿਹਾਲ ॥੧॥ ਪਉੜੀ ॥ ਅਖਰ ਮਹਿ ਤ੍ਰਿਭਵਨ ਪ੍ਰਭਿ ਧਾਰੇ ॥ ਅਖਰ ਕਰਿ ਕਰਿ ਬੇਦ ਬੀਚਾਰੇ ॥ ਅਖਰ ਸਾਸਤ੍ਰ ਸਿੰਮ੍ਰਿਤਿ ਪੁਰਾਨਾ ॥ ਅਖਰ ਨਾਦ ਕਥਨ ਵਖ੍ਯ੍ਯਾਨਾ ॥ ਅਖਰ ਮੁਕਤਿ ਜੁਗਤਿ ਭੈ ਭਰਮਾ ॥ ਅਖਰ ਕਰਮ ਕਿਰਤਿ ਸੁਚ ਧਰਮਾ ॥ ਦ੍ਰਿਸਟਿਮਾਨ ਅਖਰ ਹੈ ਜੇਤਾ ॥ ਨਾਨਕ ਪਾਰਬ੍ਰਹਮ ਨਿਰਲੇਪਾ ॥੫੪॥ {ਪੰਨਾ 261}

ਪਦਅਰਥ:- ਨਿਧਿ—ਖ਼ਜ਼ਾਨਾ। ਅਖਰੁ—{A˜r}—1. ਅਵਿਨਾਸ਼ੀ ਪ੍ਰਭੂ 2. ਪ੍ਰਭੂ ਦਾ ਹੁਕਮ। ਮਨਿ—ਮਨ ਵਿਚ। ਨਿਹਾਲ—ਆਨੰਦਿਤ, ਖਿੜਿਆ ਹੋਇਆ।1।

ਪਉੜੀ:- ਅਖਰ ਮਹਿ—ਹੁਕਮ ਵਿਚ। ਪ੍ਰਭਿ—ਪ੍ਰਭੂ ਨੇ। ਧਾਰੇ—ਅਸਥਾਪਨ ਕੀਤੇ। ਅਖਰ ਕਰਿ—ਹੁਕਮ ਕਰ ਕੇ, ਹੁਕਮ ਦੀ ਰਾਹੀਂ। ਕਰਿ ਬੇਦ—ਵੇਦ ਬਣਾ ਕੇ। ਨਾਦ—ਆਵਾਜ਼, ਰਾਗ, ਕੀਰਤਨ। ਵਖ੍ਯ੍ਯਾਨਾ—ਉਪਦੇਸ਼, ਵਿਆਖਿਆ। ਭੈ—ਦੁਨੀਆ ਵਾਲੇ ਡਰ। ਅਖਰ ਹੈ—ਅੱਖਰ ਦਾ (ਪਸਾਰਾ) ਹੈ, ਹੁਕਮ ਦਾ ਪਸਾਰਾ ਹੈ। ਕਿਰਤਿ—{øÄX} ਕਰਨ-ਜੋਗ। 45।

ਅਰਥ:- ਹੇ ਪ੍ਰਭੂ! ਹੇ ਕਿਰਪਾ ਦੇ ਖ਼ਜ਼ਾਨੇ! ਹੇ ਦਿਆਲ! ਅਸੀਂ ਤੇਰੀ ਸਰਨ ਆਏ ਹਾਂ। ਹੇ ਨਾਨਕ! (ਆਖ) ਜਿਨ੍ਹਾਂ ਦੇ ਮਨ ਵਿਚ ਇਕ ਅਵਿਨਾਸ਼ੀ ਪ੍ਰਭੂ ਵੱਸਦਾ ਰਹਿੰਦਾ ਹੈ, ਉਹਨਾਂ ਦਾ ਮਨ ਸਦਾ ਖਿੜਿਆ ਰਹਿੰਦਾ ਹੈ।1।

ਪਉੜੀ:- ਇਹ ਤਿੰਨੇ ਭਵਨ (ਸਾਰਾ ਹੀ ਜਗਤ) ਪ੍ਰਭੂ ਨੇ ਆਪਣਾ ਹੁਕਮ ਵਿਚ ਹੀ ਰਚੇ ਹਨ। ਪ੍ਰਭੂ ਦੇ ਹੁਕਮ ਅਨੁਸਾਰ ਹੀ ਵੇਦ ਰਚੇ ਗਏ, ਤੇ ਵਿਚਾਰੇ ਗਏ। ਸਾਰੇ ਸ਼ਾਸਤ੍ਰ ਸਿਮ੍ਰਿਤੀਆਂ ਤੇ ਪੁਰਾਣ ਪ੍ਰਭੂ ਦੇ ਹੁਕਮ ਦਾ ਪ੍ਰਗਟਾਵ ਹਨ। ਇਹਨਾਂ ਪੁਰਾਣਾਂ ਸ਼ਾਸਤ੍ਰਾਂ ਤੇ ਸਿਮ੍ਰਿਤੀਆਂ ਦੇ ਕੀਰਤਨ ਕਥਾ ਤੇ ਵਿਆਖਿਆ ਭੀ ਪ੍ਰਭੂ ਦੇ ਹੁਕਮ ਦਾ ਹੀ ਜ਼ਹੂਰ ਹਨ।

ਦੁਨੀਆ ਦੇ ਡਰਾਂ ਭਰਮਾਂ ਤੋਂ ਖ਼ਲਾਸੀ ਲੱਭਣੀ ਭੀ ਪ੍ਰਭੂ ਦੇ ਹੁਕਮ ਦਾ ਪ੍ਰਕਾਸ਼ ਹੈ। (ਮਨੁੱਖਾ ਜਨਮ ਵਿਚ) ਕਰਨਯੋਗ ਕਰਮਾਂ ਦੀ ਪਛਾਣ ਕਰਨੀ ਆਤਮਕ ਪਵਿਤ੍ਰਤਾ ਦੇ ਨਿਯਮਾਂ ਦੀ ਭਾਲ—ਇਹ ਭੀ ਪ੍ਰਭੂ ਦੇ ਹੁਕਮ ਦਾ ਹੀ ਦ੍ਰਿੱਸ਼ ਹੈ।

ਹੇ ਨਾਨਕ! ਜਿਤਨਾ ਭੀ ਇਹ ਦਿੱਸ ਰਿਹਾ ਸੰਸਾਰ ਹੈ, ਇਹ ਸਾਰਾ ਹੀ ਪ੍ਰਭੂ ਦੇ ਹੁਕਮ ਦਾ ਸਰਗੁਣ ਰੂਪ ਹੈ, ਪਰ (ਹੁਕਮ ਦਾ ਮਾਲਕ) ਪ੍ਰਭੂ ਆਪ (ਇਸ ਸਾਰੇ ਪਸਾਰੇ ਦੇ) ਪ੍ਰਭਾਵ ਤੋਂ ਪਰੇ ਹੈ। 54।

ਸਲੋਕੁ ॥ ਹਥਿ ਕਲੰਮ ਅਗੰਮ ਮਸਤਕਿ ਲਿਖਾਵਤੀ ॥ ਉਰਝਿ ਰਹਿਓ ਸਭ ਸੰਗਿ ਅਨੂਪ ਰੂਪਾਵਤੀ ॥ ਉਸਤਤਿ ਕਹਨੁ ਨ ਜਾਇ ਮੁਖਹੁ ਤੁਹਾਰੀਆ ॥ ਮੋਹੀ ਦੇਖਿ ਦਰਸੁ ਨਾਨਕ ਬਲਿਹਾਰੀਆ ॥੧॥ ਪਉੜੀ ॥ ਹੇ ਅਚੁਤ ਹੇ ਪਾਰਬ੍ਰਹਮ ਅਬਿਨਾਸੀ ਅਘਨਾਸ ॥ ਹੇ ਪੂਰਨ ਹੇ ਸਰਬ ਮੈ ਦੁਖ ਭੰਜਨ ਗੁਣਤਾਸ ॥ ਹੇ ਸੰਗੀ ਹੇ ਨਿਰੰਕਾਰ ਹੇ ਨਿਰਗੁਣ ਸਭ ਟੇਕ ॥ ਹੇ ਗੋਬਿਦ ਹੇ ਗੁਣ ਨਿਧਾਨ ਜਾ ਕੈ ਸਦਾ ਬਿਬੇਕ ॥ ਹੇ ਅਪਰੰਪਰ ਹਰਿ ਹਰੇ ਹਹਿ ਭੀ ਹੋਵਨਹਾਰ ॥ ਹੇ ਸੰਤਹ ਕੈ ਸਦਾ ਸੰਗਿ ਨਿਧਾਰਾ ਆਧਾਰ

॥ ਹੇ ਠਾਕੁਰ ਹਉ ਦਾਸਰੋ ਮੈ ਨਿਰਗੁਨ ਗੁਨੁ ਨਹੀ ਕੋਇ ॥ ਨਾਨਕ ਦੀਜੈ ਨਾਮ ਦਾਨੁ ਰਾਖਉ ਹੀਐ ਪਰੋਇ ॥੫੫॥ {ਪੰਨਾ 261}

ਪਦਅਰਥ:- ਹਥਿ—ਹੱਥ ਵਿਚ। ਅਗੰਮ—ਅਪਹੁੰਚ। ਅਗੰਮ ਹਥਿ—ਅਪਹੁੰਚ ਹਰੀ ਦੇ ਹੱਥ ਵਿਚ। ਮਸਤਕਿ—ਮੱਥੇ ਉਤੇ। ਉਰਝਿ ਰਹਿਓ—ਮਿਲਿਆ ਹੋਇਆ ਹੈ (ਤਾਣੇ ਪੇਟੇ ਵਾਂਗ)। ਅਨੂਪ—ਸੋਹਣਾ। ਰੂਪਾਵਤੀ—ਰੂਪ ਵਾਲਾ। ਮੁਖਹੁ—ਮੂੰਹ ਤੋਂ। ਮੋਹੀ—ਮਸਤ ਹੋ ਗਈ ਹੈ।

ਪਉੜੀ:- ਅਚੁਤ—{ÁXu—ਡਿੱਗ ਪੈਣਾ} ਅੱਚੁਤ, ਨਾਸ ਨਾਹ ਹੋਣ ਵਾਲਾ। ਅਘ—ਪਾਪ। ਸਰਬਮੈ—ਸਰਬ-ਵਿਆਪਕ। ਗੁਣਤਾਸ—ਗੁਣਾਂ ਦਾ ਖ਼ਜ਼ਾਨਾ। ਨਿਰੰਕਾਰ—ਆਕਾਰ-ਰਹਿਤ। ਨਿਰਗੁਣ—ਮਾਇਆ ਦੇ ਤਿੰਨ ਗੁਣਾਂ ਤੋਂ ਵੱਖਰਾ। ਨਿਧਾਨ—ਖ਼ਜ਼ਾਨਾ। ਬਿਬੇਕ—ਪਰਖ ਦੀ ਤਾਕਤ। ਅਪਰੰਪਰ—ਪਰੇ ਤੋਂ ਪਰੇ। ਹਹਿ ਭੀ—ਹੁਣ ਭੀ ਮੌਜੂਦ ਹੈਂ। ਨਿਧਾਰਾ—ਨਿਆਸਰਿਆਂ ਦਾ। ਦਾਸਰੋ—ਨਿੱਕਾ ਜਿਹਾ ਦਾਸ। ਨਿਰਗੁਨ—ਗੁਣ-ਹੀਨ। ਰਾਖਉ—ਰਾਖਉਂ, ਮੈਂ ਰੱਖਾਂਗਾ। ਹੀਐ—ਹਿਰਦੇ ਵਿਚ। 55।

ਅਰਥ:- ਅਪਹੁੰਚ ਹਰੀ ਦੇ ਹੱਥ ਵਿਚ (ਹੁਕਮ ਰੂਪ) ਕਲਮ (ਫੜੀ ਹੋਈ) ਹੈ, (ਸਭ ਜੀਵਾਂ ਦੇ) ਮੱਥੇ ਉਤੇ (ਆਪਣੇ ਹੁਕਮ ਰੂਪ ਕਲਮ ਨਾਲ ਜੀਵਾਂ ਦੇ ਕੀਤੇ ਕਰਮਾਂ ਅਨੁਸਾਰ ਲੇਖ) ਲਿਖੀ ਜਾ ਰਿਹਾ ਹੈ। ਉਹ ਸੋਹਣੇ ਰੂਪ ਵਾਲਾ ਪ੍ਰਭੂ ਸਭ ਜੀਵਾਂ ਦੇ ਨਾਲ (ਤਾਣੇ ਪੇਟੇ ਵਾਂਗ) ਮਿਲਿਆ ਹੋਇਆ ਹੈ (ਇਸ ਵਾਸਤੇ ਕੋਈ ਲੇਖ ਗ਼ਲਤ ਨਹੀਂ ਲਿਖਿਆ ਜਾਂਦਾ)। ਹੇ ਨਾਨਕ! (ਆਖ—) ਹੇ ਪ੍ਰਭੂ! ਮੈਥੋਂ ਆਪਣੇ ਮੂੰਹ ਨਾਲ ਤੇਰੀ ਵਡਿਆਈ ਬਿਆਨ ਨਹੀਂ ਕੀਤੀ ਜਾ ਸਕਦੀ। ਤੇਰਾ ਦਰਸਨ ਕਰ ਕੇ ਮੇਰੀ ਜਿੰਦ ਮਸਤ ਹੋ ਰਹੀ ਹੈ, ਸਦਕੇ ਸਦਕੇ ਹੋ ਰਹੀ ਹੈ।1।

ਪਉੜੀ:- ਹੇ ਨਾਨਕ! (ਅਰਦਾਸ ਕਰ ਤੇ ਆਖ—) ਹੇ ਕਦੇ ਨ ਡੋਲਣ ਵਾਲੇ ਪਰਮਾਤਮਾ! ਹੇ ਨਾਸ-ਰਹਿਤ ਪ੍ਰਭੂ! ਹੇ ਜੀਵਾਂ ਦੇ ਪਾਪ ਨਾਸ ਕਰਨ ਵਾਲੇ! ਹੇ ਸਾਰੇ ਜੀਵਾਂ ਵਿਚ ਵਿਆਪਕ ਪੂਰਨ ਪ੍ਰਭੂ! ਹੇ ਜੀਵਾਂ ਦੇ ਦੁੱਖ ਦੂਰ ਕਰਨ ਵਾਲੇ! ਹੇ ਗੁਣਾਂ ਦੇ ਖ਼ਜ਼ਾਨੇ! ਹੇ ਸਭ ਦੇ ਸਾਥੀ! (ਤੇ ਫਿਰ ਭੀ) ਆਕਾਰ-ਰਹਿਤ ਪ੍ਰਭੂ! ਹੇ ਮਾਇਆ ਦੇ ਪ੍ਰਭਾਵ ਤੋਂ ਵੱਖਰੇ ਰਹਿਣ ਵਾਲੇ! ਹੇ ਸਭ ਜੀਵਾਂ ਦੇ ਆਸਰੇ! ਹੇ ਸ੍ਰਿਸ਼ਟੀ ਦੀ ਸਾਰ ਲੈਣ ਵਾਲੇ! ਹੇ ਗੁਣਾਂ ਦੇ ਖ਼ਜ਼ਾਨੇ! ਜਿਸ ਦੇ ਅੰਦਰ ਪਰਖ ਕਰਨ ਦੀ ਤਾਕਤ ਸਦਾ ਕਾਇਮ ਹੈ! ਹੇ ਪਰੇ ਤੋਂ ਪਰੇ ਪ੍ਰਭੂ! ਤੂੰ ਹੁਣ ਭੀ ਮੌਜੂਦ ਹੈਂ, ਤੂੰ ਸਦਾ ਲਈ ਕਾਇਮ ਰਹਿਣ ਵਾਲਾ ਹੈਂ। ਹੇ ਸੰਤਾਂ ਦੇ ਸਦਾ ਸਹਾਈ! ਹੇ ਨਿਆਸਰਿਆਂ ਦੇ ਆਸਰੇ! ਹੇ ਸ੍ਰਿਸ਼ਟੀ ਦੇ ਪਾਲਕ! ਮੈਂ ਤੇਰਾ ਨਿੱਕਾ ਜਿਹਾ ਦਾਸ ਹਾਂ, ਮੈਂ ਗੁਣ-ਹੀਨ ਹਾਂ, ਮੇਰੇ ਵਿਚ ਕੋਈ ਗੁਣ ਨਹੀਂ ਹੈ। ਮੈਨੂੰ ਆਪਣੇ ਨਾਮ ਦਾ ਦਾਨ ਬਖ਼ਸ਼, (ਇਹ ਦਾਨ) ਮੈਂ ਆਪਣੇ ਹਿਰਦੇ ਵਿਚ ਪ੍ਰੋ ਕੇ ਰੱਖਾਂ। 55।

ਸਲੋਕੁ ॥ ਗੁਰਦੇਵ ਮਾਤਾ ਗੁਰਦੇਵ ਪਿਤਾ ਗੁਰਦੇਵ ਸੁਆਮੀ ਪਰਮੇਸੁਰਾ ॥ ਗੁਰਦੇਵ ਸਖਾ ਅਗਿਆਨ ਭੰਜਨੁ ਗੁਰਦੇਵ ਬੰਧਿਪ ਸਹੋਦਰਾ ॥ ਗੁਰਦੇਵ ਦਾਤਾ ਹਰਿ ਨਾਮੁ ਉਪਦੇਸੈ ਗੁਰਦੇਵ ਮੰਤੁ ਨਿਰੋਧਰਾ ॥ ਗੁਰਦੇਵ ਸਾਂਤਿ ਸਤਿ ਬੁਧਿ ਮੂਰਤਿ ਗੁਰਦੇਵ ਪਾਰਸ ਪਰਸ ਪਰਾ ॥ ਗੁਰਦੇਵ ਤੀਰਥੁ ਅੰਮ੍ਰਿਤ ਸਰੋਵਰੁ ਗੁਰ ਗਿਆਨ ਮਜਨੁ ਅਪਰੰਪਰਾ ॥ ਗੁਰਦੇਵ ਕਰਤਾ ਸਭਿ ਪਾਪ ਹਰਤਾ ਗੁਰਦੇਵ ਪਤਿਤ ਪਵਿਤ ਕਰਾ ॥ ਗੁਰਦੇਵ ਆਦਿ ਜੁਗਾਦਿ ਜੁਗੁ ਜੁਗੁ ਗੁਰਦੇਵ ਮੰਤੁ ਹਰਿ ਜਪਿ ਉਧਰਾ ॥ ਗੁਰਦੇਵ ਸੰਗਤਿ ਪ੍ਰਭ ਮੇਲਿ ਕਰਿ ਕਿਰਪਾ ਹਮ ਮੂੜ ਪਾਪੀ ਜਿਤੁ ਲਗਿ ਤਰਾ ॥ ਗੁਰਦੇਵ ਸਤਿਗੁਰੁ ਪਾਰਬ੍ਰਹਮੁ ਪਰਮੇਸਰੁ ਗੁਰਦੇਵ ਨਾਨਕ ਹਰਿ ਨਮਸਕਰਾ ॥੧॥ਏਹੁ ਸਲੋਕੁ ਆਦਿ ਅੰਤਿ ਪੜਣਾ ॥ {ਪੰਨਾ 262}

ਇਹ ਸਲੋਕ ਇਸ 'ਬਾਵਨ ਅਖਰੀ' ਦੇ ਸ਼ੁਰੂ ਵਿਚ ਭੀ ਪੜ੍ਹਨਾ ਹੈ, ਤੇ ਅਖ਼ੀਰ ਵਿਚ ਭੀ ਪੜ੍ਹਨਾ ਹੈ।

ਨੋਟ:- ਇਸ ਸਲੋਕ ਦਾ ਅਰਥ ਸ਼ੁਰੂ ਵਿਚ ਦਿੱਤਾ ਗਿਆ ਹੈ।